PAIGAM-E-JAGAT
ਪੈਗ਼ਾਮ-ਏ-ਜਗਤ
Title code : CHAMUL00914 | E-mail : Info@paigamejagat.com | ਸ਼ਨਿੱਚਰਵਾਰ, 7 ਨਵੰਬਰ 2026, ਸਾਲ-4, ਅੰਕ-14, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਆਪਣੇ ਪਿਆਰਿਆਂ ਨਾਲ ਸਮਾਂ ਬਿਤਾਓ: ਇਹ ਸਭ ਤੋਂ ਵੱਡੀ ਖ਼ੁਸ਼ੀ ਹੈ।
-ਆਚਾਰੀਆ ਚਾਣਕਿਆ

ਪੰਜਾਬ ’ਚ ਸਵਾਰੀਆਂ ਨਾਲ ਭਰੀ ਚੱਲਦੀ ਟ੍ਰੇਨ ਨੂੰ ਲੱਗੀ ਅੱਗ, 4 ਡਿੱਬੇ ਸੜੇ

ਸਵਾਰੀਆਂ ਨੇ ਛਾਲਾਂ ਮਾਰੀਆਂ; ਪਟਿਆਲਾ ’ਚ ਰੋਕੀ ਅੰਮ੍ਰਿਤਸਰ-ਬੰਗਾਲ ਕਰਮਭੂਮੀ ਐਕਸਪ੍ਰੈਸ, 8 ਟ੍ਰੇਨਾਂ ਡਾਇਵਰਟ

ਚੰਡੀਗੜ੍ਹ, 6 ਨਵੰਬਰ (ਪੈ.ਗਾਮ-ਏ-ਜਗਤ)

ਅੰਮ੍ਰਿਤਸਰ ਤੋਂ ਨਿਊ ਜਲਪਾਈਗੁੜੀ ਜਾ ਰਹੀ ਕਰਮਭੂਮੀ ਐਕਸਪ੍ਰੈੱਸ ਰੇਲਗੱਡੀ ਨੂੰ ਸਰਾਂ ਬਣਜਾਰਾ ਸਟੇਸ਼ਨ ਨੇੜੇ ਅੱਗ ਲੱਗਣ ਦੀ ਘਟਨਾ ਤੋਂ ਬਾਅਦ ਅੰਬਾਲਾ ਡਵੀਜ਼ਨ ਰੇਲਵੇ ਪ੍ਰਸ਼ਾਸਨ ਨੇ ਪੁਸ਼ਟੀ ਕੀਤੀ ਹੈ ਕਿ ਗੱਡੀ ਵਿੱਚ ਸਵਾਰ ਸਾਰੇ 1500 ਮੁਸਾਫ਼ਰ ਪੂਰੀ ਤਰ੍ਹਾਂ ਸੁਰੱਖਿਅਤ ਹਨ ਅਤੇ ਇਸ ਹਾਦਸੇ ਵਿੱਚ ਕਿਸੇ ਜਾਨੀ ਨੁਕਸਾਨ ਜਾਂ ਸੱਟ-ਫ਼ੇਟ ਲੱਗਣ ਦੀ ਕੋਈ ਖ਼ਬਰ ਨਹੀਂ ਹੈ। ਘਟਨਾ ਮਗਰੋਂ ਰੇਲਵੇ ਨੇ ਫਸੇ ਯਾਤਰੀਆਂ ਨੂੰ ਉਨ੍ਹਾਂ ਦੀ ਮੰਜ਼ਿਲ ਤੱਕ ਪਹੁੰਚਾਉਣ ਲਈ

- ਫਸੇ ਮੁਸਾਫ਼ਰਾਂ ਲਈ 2 ਵਿਸ਼ੇਸ਼ ਰੇਲਗੱਡੀਆਂ ਰਵਾਨਾ; ਪ੍ਰਭਾਵਿਤ ਰੇਲ ਟਰੈਕ ਬਹਾਲ

ਸਰਾਂ ਬਣਜਾਰਾ ਸਟੇਸ਼ਨ ਤੋਂ ਨਿਊ ਜਲਪਾਈਗੁੜੀ ਵਾਸਤੇ ਦੋ ਵਿਸ਼ੇਸ਼ ਰੇਲਗੱਡੀਆਂ ਚਲਾਈਆਂ ਹਨ।

ਰੇਲਵੇ ਅਧਿਕਾਰੀਆਂ ਅਨੁਸਾਰ ਹਾਦਸੇ ਕਾਰਨ ਪ੍ਰਭਾਵਿਤ ਹੋਏ ਰੇਲ ਸੈਕਸ਼ਨ ਨੂੰ ਪੂਰੀ ਤਰ੍ਹਾਂ ਸਾਫ਼ ਕਰਕੇ ਆਵਾਜਾਈ ਲਈ ਬਹਾਲ ਕਰ ਦਿੱਤਾ ਗਿਆ ਹੈ, ਤਾਂ ਜੋ ਯਾਤਰੀਆਂ ਨੂੰ ਸੁਰੱਖਿਅਤ ਢੰਗ ਨਾਲ



ਮੰਜ਼ਿਲਾਂ ਵੱਲ ਰਵਾਨਾ ਕੀਤਾ ਜਾ ਸਕੇ। ਰੇਲਵੇ ਪ੍ਰਸ਼ਾਸਨ ਨੇ ਦੱਸਿਆ ਕਿ ਸੁਰੱਖਿਆ ਦੇ ਮੱਦੇਨਜ਼ਰ ਦੋਵਾਂ ਓਵਰਹੈੱਡ ਇਲੈਕਟ੍ਰਿਕ (ਓ.ਐੱਚ.ਈ.) ਲਾਈਨਾਂ ਦੀ ਬਿਜਲੀ ਸਪਲਾਈ ਤੁਰੰਤ ਬੰਦ ਕਰਵਾ ਦਿੱਤੀ ਗਈ ਸੀ। ਇਸ ਦੇ ਨਾਲ ਹੀ ਗਾਰਡ ਅਤੇ ਲੋਕੋ ਪਾਇਲਟ ਨੇ ਸੂਝ-ਬੂਝ ਦਿਖਾਉਂਦਿਆਂ ਅੱਗ ਦੀ ਲਪੇਟ ਵਿੱਚ ਆਏ ਡੱਬਿਆਂ ਨੂੰ ਬਾਕੀ ਰੇਲਗੱਡੀ ਨਾਲੋਂ ਵੱਖ ਕਰ ਦਿੱਤਾ, ਜਿਸ ਕਾਰਨ ਅੱਗ ਅੱਗੇ ਫੈਲਣ ਤੋਂ ਰੁਕ ਗਈ ਅਤੇ ਵੱਡਾ ਹਾਦਸਾ ਟਲ ਗਿਆ।

ਇਸ ਤੋਂ ਪਹਿਲਾਂ, ਪੰਜਾਬ ਸਰਕਾਰ ਵੱਲੋਂ ਰਾਹਤ ਕਾਰਜਾਂ ਲਈ ਮੌਕੇ ’ਤੇ ਐਂਬੂਲੈਂਸਾਂ, ਫ਼ਾਇਰ ਬ੍ਰਿਗੇਡ ਦੀਆਂ ਗੱਡੀਆਂ ਅਤੇ ਭਾਰੀ ਪੁਲੀਸ ਫੋਰਸ ਤਾਇਨਾਤ ਕੀਤੀ ਗਈ। ਘਟਨਾ ਵਾਲੀ ਥਾਂ ’ਤੇ ਫਸੇ ਯਾਤਰੀਆਂ ਨੂੰ ਸਥਾਨਕ ਟਰਾਂਸਪੋਰਟ ਦੇ ਸਾਧਨਾਂ ਰਾਹੀਂ ਨੇੜਲੇ ਸਰਾਂ ਬਣਜਾਰਾ ਰੇਲਵੇ ਸਟੇਸ਼ਨ ਤੱਕ ਪਹੁੰਚਾਇਆ ਗਿਆ। ਸਟੇਸ਼ਨ ’ਤੇ ਰੇਲਵੇ ਅਤੇ ਸਥਾਨਕ ਪ੍ਰਸ਼ਾਸਨ ਵੱਲੋਂ ਮੁਸਾਫ਼ਰਾਂ ਲਈ ਖਾਣ-ਪੀਣ, ਪੀਣ ਵਾਲੇ ਪਾਣੀ, ਚਾਹ ਅਤੇ ਬਿਸਕੁਟਾਂ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ। ਅੰਬਾਲਾ ਡਵੀਜ਼ਨ ਰੇਲਵੇ ਪ੍ਰਸ਼ਾਸਨ ਨੇ ਕਿਹਾ ਕਿ ਅਜਿਹੀ ਸੰਕਟਕਾਲੀਨ ਸਥਿਤੀ (ਬਾਕੀ ਸਫ਼ਾ 2 ’ਤੇ)

ਪੰਜਾਬ ਤੇ ਹਰਿਆਣਾ ਹਿਮਾਚਲ ਨੂੰ ਦੇਣਗੇ 11,973 ਮਿਲੀਅਨ ਯੂਨਿਟ ਬਿਜਲੀ: ਸੁਪਰੀਮ ਕੋਰਟ

ਨਵੀਂ ਦਿੱਲੀ, 6 ਨਵੰਬਰ (ਪੈ.ਗਾਮ-ਏ-ਜਗਤ)

ਸੁਪਰੀਮ ਕੋਰਟ ਨੇ ਸੋਮਵਾਰ ਨੂੰ 1966 ਤੋਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਪ੍ਰਾਜੈਕਟਾਂ ਤੋਂ ਬਕਾਏ ਦੇ ਭੁਗਤਾਨ ਨੂੰ ਲੈ ਕੇ ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਹਰਿਆਣਾ ਵਿਚਕਾਰ ਚੱਲ ਰਹੇ ਦਹਾਕਿਆਂ ਪੁਰਾਣੇ ਊਰਜਾ ਵਿਵਾਦ ਦਾ ਨਿਪਟਾਰਾ ਕਰ ਦਿੱਤਾ ਹੈ। ਮੁੱਖ ਜੱਜ ਸੂਰਿਆ ਕਾਂਤ, ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਦੇ ਬੈਂਚ ਨੇ ਪੰਜਾਬ ਅਤੇ ਹਰਿਆਣਾ ਵੱਲੋਂ ਹਿਮਾਚਲ ਪ੍ਰਦੇਸ਼ ਨੂੰ ਬਿਜਲੀ ਦੇ ਰੂਪ ਵਿੱਚ ਬਕਾਏ ਦੇ ਭੁਗਤਾਨ ਸਬੰਧੀ ਕੇਂਦਰ ਸਰਕਾਰ ਦੇ ਕੈਸ਼ਲੈੱਸ (ਬਿਨਾਂ ਨਕਦ ਲੈਣ-ਦੇਣ) ਪ੍ਰਸਤਾਵ ਨੂੰ ਪ੍ਰਵਾਨ ਕਰ ਲਿਆ ਹੈ।

ਸਰਵਉੱਚ ਅਦਾਲਤ ਨੇ ਕਿਹਾ ਕਿ ਇਹ ਵਿਵਸਥਾ 2011 ਦੇ ਸੁਪਰੀਮ ਕੋਰਟ ਦੇ ਉਸ ਫ਼ੈਸਲੇ ਦੇ ਅਨੁਸਾਰ ਹੋਵੇਗੀ, ਜਿਸ ਵਿੱਚ 1966 ਤੋਂ ਭਾਖੜਾ ਨੰਗਲ ਅਤੇ ਬਿਆਸ ਜਲ ਬਿਜਲੀ ਪ੍ਰਾਜੈਕਟਾਂ ਤੋਂ ਪੈਦਾ ਬਿਜਲੀ ਬਕਾਏ ਦਾ 7.19 ਫ਼ੀਸਦੀ ਹਿੱਸਾ ਹਿਮਾਚਲ ਪ੍ਰਦੇਸ਼ ਦੇ ਹੱਕ ਵਿੱਚ ਤੈਅ ਕੀਤਾ ਗਿਆ ਸੀ। ਅਦਾਲਤ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ 20 ਸਾਲਾਂ ਦੀ ਮਿਆਦ ਦੇ ਅੰਦਰ ਹਿਮਾਚਲ ਪ੍ਰਦੇਸ਼ ਨੂੰ 11,973 ਮਿਲੀਅਨ ਯੂਨਿਟ ਬਿਜਲੀ ਦਾ ਭੁਗਤਾਨ ਕਰਨਗੇ। ਪੰਜਾਬ ਸਰਕਾਰ



ਨੇ ਸ਼ੁਰੂ ਵਿੱਚ 15 ਸਾਲਾਂ ਵਿੱਚ ਬਿਜਲੀ ਬਕਾਏ ਦੇ ਭੁਗਤਾਨ ਦੇ ਕੇਂਦਰ ਦੇ ਪ੍ਰਸਤਾਵ ਦਾ ਵਿਰੋਧ ਕੀਤਾ ਸੀ ਪਰ ਬਾਅਦ ਵਿੱਚ ਇਸ ਯੋਜਨਾ ਨੂੰ 30 ਸਾਲਾਂ ਦੀ ਮਿਆਦ ਵਿੱਚ ਲਾਗੂ ਕਰਨ ਦੀ ਮੰਗ ਕੀਤੀ, ਜਦੋਂ ਕਿ ਹਿਮਾਚਲ ਪ੍ਰਦੇਸ਼ ਨੇ ਇਸ ਨੂੰ 10 ਸਾਲਾਂ ਦੇ ਅੰਦਰ ਲਾਗੂ ਕਰਨ ਦੀ ਮੰਗ ਕੀਤੀ ਸੀ।

ਇਸ ਪ੍ਰਸਤਾਵ ਤਹਿਤ, ਡੈਮਾਂ ਦੀ ਉਸਾਰੀ ਵਿੱਚ ਆਈ ਇਤਿਹਾਸਕ ਪੂੰਜੀਗਤ ਲਾਗਤ ਦੇ 420 ਕਰੋੜ ਰੁਪਏ ਦੇ ਸਮਾਯੋਜਨ ਨੂੰ ਸਮਝੌਤੇ ਵਿੱਚ ਸ਼ਾਮਲ ਕੀਤਾ ਗਿਆ ਹੈ ਅਤੇ ਹਿਮਾਚਲ ਪ੍ਰਦੇਸ਼ ਨੂੰ ਪੰਜਾਬ ਅਤੇ ਹਰਿਆਣਾ ਨੂੰ ਕੋਈ ਰਕਮ ਨਹੀਂ ਦੇਣੀ ਪਵੇਗੀ। ਕੇਂਦਰੀ ਬਿਜਲੀ ਅਥਾਰਟੀ (351) ਵੱਲੋਂ ਮੂਲ ਹੱਕ 13,066 ਮਿਲੀਅਨ ਯੂਨਿਟ ਤੈਅ ਕੀਤਾ ਗਿਆ ਸੀ। ਸਰਵਉੱਚ ਅਦਾਲਤ ਦੇ 2011 ਦੇ ਫ਼ੈਸਲੇ ਅਨੁਸਾਰ, ਹਿਮਾਚਲ ਦਾ ਹਿੱਸਾ 7.19 ਫ਼ੀਸਦੀ ਤੈਅ ਕੀਤਾ (ਬਾਕੀ ਸਫ਼ਾ 2 ’ਤੇ)

ਪਟਨਾ ਵਿਚ 20 ਮਿੰਟ ਚੱਲੇ ਮੁਕਾਬਲੇ ਤੋਂ ਬਾਅਦ ਤਿੰਨ ਹਮਲਾਵਰ ਢੇਰ

- ਕਤਲ ਮਾਮਲੇ ਵਿਚ ਲੋੜੀਂਦੇ ਸਨ ਮ੍ਰਿਤਕ

ਪਟਨਾ : ਪਟਨਾ ਵਿੱਚ ਪੁਲਿਸ ਅਤੇ ਅਪਰਾਧੀਆਂ ਵਿਚਕਾਰ ਅੱਜ ਸਵੇਰੇ ਕਰੀਬ 4:30 ਵਜੇ ਮੁਕਾਬਲਾ ਹੋਇਆ। ਗੋਲੀਬਾਰੀ ਦੌਰਾਨ ਤਿੰਨ ਅਪਰਾਧੀ ਮਾਰੇ ਗਏ। ਇਹ ਸਾਰੇ ਕਤਲ ਦੇ ਦੋਸ਼ੀ ਸਨ। ਮਾਰੇ ਗਏ ਵਿਅਕਤੀਆਂ ਵਿੱਚ ਰਾਜੇਸ਼ ਸ਼ਰਮਾ, ਬਬਲੂ ਕੁਮਾਰ ਅਤੇ ਜੇ.ਪੀ. ਯਾਦਵ ਸ਼ਾਮਲ ਹਨ।

ਇਹ ਤਿੰਨੇ ਪੇਸ਼ੇਵਰ ਕਾਤਲ ਸਨ ਜੋ ਠੇਕੇ ’ਤੇ ਕਤਲ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੰਦੇ ਸਨ। ਮਨੇਰ ਥਾਣੇ ਦੇ ਐਸ.ਐਚ.ਓ. ਰਜਨੀਸ਼ ਕੁਮਾਰ ਵੀ ਗੋਲੀਬਾਰੀ ਦੌਰਾਨ ਜ਼ਖ਼ਮੀ ਹੋ ਗਏ; ਉਨ੍ਹਾਂ ਦੇ ਹੱਥ ’ਤੇ ਗੋਲੀ ਲੱਗੀ ਹੈ। ਇਹ ਘਟਨਾ ਮਨੇਰ ਥਾਣੇ ਦੇ ਅਧਿਕਾਰ ਖੇਤਰ ਵਿੱਚ ਆਉਂਦੇ ਸ਼ੇਰਪੁਰ ਗੰਗਾ ਘਾਟ ਨੇੜੇ ਵਾਪਰੀ। ਘਟਨਾ ਵਾਲੀ ਥਾਂ ਤੋਂ ਇੱਕ ਦੇਸੀ ਪਿਸਤੌਲ ਅਤੇ ਦੋ ਹੋਰ ਦੇਸੀ ਹਥਿਆਰ ਬਰਾਮਦ ਕੀਤੇ ਗਏ ਹਨ।

ਪਟਨਾ ਦੇ ਐਸ.ਐਸ.ਪੀ. ਕਾਰਤਿਕੇਯ ਸ਼ਰਮਾ ਮੌਕੇ ’ਤੇ ਪਹੁੰਚ ਗਏ ਹਨ। ਅਪਰਾਧੀਆਂ ਅਤੇ ਪੁਲਿਸ ਵਿਚਕਾਰ ਗੋਲੀਬਾਰੀ ਲਗਭਗ 20 ਮਿੰਟਾਂ ਤੱਕ ਚੱਲੀ। ਇਸ ਦੌਰਾਨ, ਅਪਰਾਧੀਆਂ ਨੇ ਪੁਲਿਸ ਟੀਮ ਨੂੰ ਨਿਸ਼ਾਨਾ ਬਣਾਉਂਦੇ ਹੋਏ ਲਗਾਤਾਰ 24 ਗੋਲੀਆਂ ਚਲਾਈਆਂ। ਅਚਾਨਕ ਹੋਈ ਗੋਲੀਬਾਰੀ ਕਾਰਨ ਪੁਲਿਸ ਟੀਮ ਨੂੰ ਸੰਭਲਣ ਦਾ (ਬਾਕੀ ਸਫ਼ਾ 2 ’ਤੇ)

ਬੈਂਗਲੁਰੂ ’ਚ ਕੈਬ ਡਰਾਈਵਰ ਦੀ ਦਰਿੰਦਗੀ, ਪਤਨੀ ਸਮੇਤ ਪਰਿਵਾਰ ਦੇ 7 ਮੈਂਬਰਾਂ ਦਾ ਕਤਲ

ਬੈਂਗਲੁਰੂ, 6 ਨਵੰਬਰ (ਪੈ.ਗਾਮ-ਏ-ਜਗਤ)

ਕਰਨਾਟਕ ਦੇ ਬੈਂਗਲੁਰੂ ਵਿੱਚ, ਘਰੇਲੂ ਵਿਵਾਦ ਤੋਂ ਬਾਅਦ ਇਕ ਕੈਬ ਡਰਾਈਵਰ ਨੇ ਆਪਣੀ ਪਤਨੀ ਅਤੇ ਉਸਦੇ ਪਰਿਵਾਰ ਦੇ ਸੱਤ ਮੈਂਬਰਾਂ ਦਾ ਕਤਲ ਕਰ ਦਿੱਤਾ। ਮਰਨ ਵਾਲਿਆਂ ਵਿੱਚ ਸੱਤ ਸਾਲ ਦਾ ਇੱਕ ਬੱਚਾ ਵੀ ਸ਼ਾਮਲ ਹੈ। ਦੋਸ਼ੀ ਦੀ ਪਛਾਣ ਸ਼ੇਖਰ ਵਜੋਂ ਹੋਈ ਹੈ ਅਤੇ ਪੁਲਿਸ ਨੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਪੁਲਿਸ ਅਨੁਸਾਰ, ਸ਼ੇਖਰ ਨੇ ਲਗਭਗ 20 ਸਾਲ ਪਹਿਲਾਂ ਸੁਨੀਤਾ ਨਾਲ ਵਿਆਹ ਕਰਵਾਇਆ ਸੀ। ਸੁਨੀਤਾ ਦੇ ਆਪਣੇ ਪੇਕੇ ਘਰ ਜਾਣ



ਨੂੰ ਲੈ ਕੇ ਜੋੜੇ ਵਿਚਕਾਰ ਅਕਸਰ ਝਗੜਾ ਹੁੰਦਾ ਰਹਿੰਦਾ ਸੀ। ਸੁਨੀਤਾ ਦੀ ਮਾਂ ਅਤੇ ਭਰਾ ਵੀ ਆਪਣੀ ਲੜਕੀ ਦਾ ਸਾਥ ਦਿੰਦੇ ਸਨ। ਇਸ ਗੱਲ ਤੋਂ ਨਾਰਾਜ਼ ਹੋ ਕੇ, ਸ਼ੇਖਰ ਨੇ ਪੂਰੇ ਪਰਿਵਾਰ ਨੂੰ ਖ਼ਤਮ ਕਰਨ ਦੀ ਸਾਜ਼ਿਸ਼

- ਮੁਲਜ਼ਮ ਇੰਦੁਸ਼ੇਖਰ ਦਾ ਆਪਣੀ ਪਤਨੀ ਨਾਲ ਅਕਸਰ ਹੁੰਦਾ ਰਹਿੰਦਾ ਸੀ ਝਗੜਾ

ਰਚੀ। ਦੋਸ਼ ਹੈ ਕਿ ਸ਼ੇਖਰ ਨੇ ਪਹਿਲਾਂ ਘਰ ਵਿੱਚ ਹੀ ਹਥਿਆਰ ਨਾਲ ਆਪਣੀ ਪਤਨੀ ਸੁਨੀਤਾ ਦਾ ਕਤਲ ਕਰ ਦਿੱਤਾ, ਫਿਰ ਉਸ ਦੀ ਲਾਸ਼ ਨੂੰ ਕੱਪੜੇ ਵਿੱਚ ਲਪੇਟ ਕੇ ਨੰਦੀ ਹਿਲਜ਼ ਨੇੜੇ ਸੁੱਟ ਦਿੱਤਾ। ਇਸ ਤੋਂ ਬਾਅਦ, ਉਸ ਨੇ ਸੁਨੀਤਾ ਦਾ ਮੋਬਾਈਲ ਫੋਨ ਬੰਦ ਕਰ ਦਿੱਤਾ ਅਤੇ ਗੁਆਂਢੀਆਂ ਨੂੰ ਦੱਸਿਆ ਕਿ ਉਹ (ਬਾਕੀ ਸਫ਼ਾ 2 ’ਤੇ)

ਆਪਣੇ ਹੀ ਖੇਤਾਂ ਵਿੱਚ ਹੀ ਹੋਵੇਗਾ ਪਰਵਿੰਦਰ ਸਿੰਘ ਝੋਟੇ ਦਾ ਅੰਤਿਮ ਸਸਕਾਰ: ਐਕਸ਼ਨ ਕਮੇਟੀ

ਐਕਸ਼ਨ ਕਮੇਟੀ ਅਤੇ ਪਰਿਵਾਰ ਵੱਲੋਂ ਤਿਆਰੀਆਂ ਜਾਰੀ

ਮਾਨਸਾ, 6 ਨਵੰਬਰ (ਪੈ.ਗਾਮ-ਏ-ਜਗਤ)

ਪਰਵਿੰਦਰ ਸਿੰਘ ਝੋਟੇ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਆਪਣੇ ਖੇਤਾਂ ਵਿੱਚ ਹੀ ਕੀਤਾ ਜਾਵੇਗਾ। 7 ਨਵੰਬਰ ਨੂੰ ਉਨ੍ਹਾਂ ਦਾ ਅੰਤਿਮ ਸਸਕਾਰ ਹੋਣ ਦੀ ਸੰਭਾਵਨਾ ਹੈ।

ਇਹ ਜਾਣਕਾਰੀ ਐਕਸ਼ਨ ਕਮੇਟੀ ਦੇ ਮੀਡੀਆ ਇੰਚਾਰਜ ਹਰਦੀਪ ਸਿੰਘ ਸਿੱਧੂ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਪੀਜੀਆਈ ਚੰਡੀਗੜ੍ਹ ਵਿੱਚ ਪਰਵਿੰਦਰ ਸਿੰਘ ਝੋਟੇ ਦੀ ਮ੍ਰਿਤਕ ਦੇਹ ਦਾ ਪੋਸਟਮਾਰਟਮ ਕਰਵਾਉਣ ਦੀ ਪ੍ਰਕਿਰਿਆ ਤੋਂ ਬਾਅਦ ਦੇਹ ਪਰਿਵਾਰ ਨੂੰ ਸੌਂਪੀ ਜਾਵੇਗੀ। ਪਰਿਵਾਰ ਦੀ ਇੱਛਾ ਅਨੁਸਾਰ ਅੰਤਿਮ ਸਸਕਾਰ



ਉਨ੍ਹਾਂ ਦੇ ਆਪਣੇ ਖੇਤਾਂ ਵਿੱਚ ਕੀਤਾ ਜਾਵੇਗਾ। ਸਿੱਧੂ ਨੇ ਦੱਸਿਆ ਕਿ ਅੰਤਿਮ ਸਸਕਾਰ ਦੀਆਂ ਤਿਆਰੀਆਂ ਸਬੰਧੀ ਪਰਿਵਾਰ ਅਤੇ ਐਕਸ਼ਨ ਕਮੇਟੀ ਵੱਲੋਂ ਵਿਚਾਰ-ਵਟਾਂਦਰਾ ਕੀਤਾ ਜਾ ਰਿਹਾ ਹੈ। ਅੰਤਿਮ ਸੰਸਕਾਰ ਦੇ ਸਮੇਂ ਬਾਰੇ (ਬਾਕੀ ਸਫ਼ਾ 2 ’ਤੇ)

‘ਈ20 ਪੈਟਰੋਲ ਵਿੱਚ 30 ਫ਼ੀਸਦੀ ਐਥਨੌਲ’, ਕਰਨਾਟਕ ਸਰਕਾਰ ਦਾ ਦਾਅਵਾ


ਬੈਂਗਲੁਰੂ, 6 ਨਵੰਬਰ (ਪੈ.ਗਾਮ-ਏ-ਜਗਤ)

ਕਰਨਾਟਕ ਸਰਕਾਰ ਨੇ ਦਾਅਵਾ ਕੀਤਾ ਹੈ ਕਿ ਈ20 ਪੈਟਰੋਲ ਵਿੱਚ 20 ਫ਼ੀਸਦੀ ਐਥਨੌਲ ਦੀ ਬਜਾਏ 30 ਫ਼ੀਸਦੀ ਤੋਂ ਵੱਧ ਐਥਨੌਲ ਮਿਲਾਇਆ ਜਾ ਰਿਹਾ ਹੈ। ਸਰਕਾਰ ਨੇ ਉਨ੍ਹਾਂ ਕੰਪਨੀਆਂ ਖ਼?ਲਾਫ਼ ਕਾਰਵਾਈ ਦੀ ਮੰਗ ਕੀਤੀ ਹੈ, ਜੋ ਪੈਟਰੋਲ ਵਿੱਚ 20 ਫ਼ੀਸਦੀ ਤੋਂ ਵੱਧ ਐਥਨੌਲ ਮਿਲਾ ਕੇ ਵੇਚ ਰਹੀਆਂ ਹਨ। ਸੂਬੇ ਦੀ ਕਾਂਗਰਸ ਸਰਕਾਰ ਦੇ ਇੱਕ ਮੰਤਰੀ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਦੇ ਇੱਕ ਨਮੂਨੇ ਵਿੱਚ ਐਥਨੌਲ ਦੀ ਮਾਤਰਾ 31.2 ਫ਼ੀਸਦੀ ਪਾਈ ਗਈ ਹੈ। ਕਰਨਾਟਕ ਸਰਕਾਰ ਨੇ ਮੰਗ ਕੀਤੀ ਹੈ ਕਿ

- ਖਪਤਕਾਰਾਂ ਲਈ ਰਾਹਤ ਫੰਡ ਦੀ ਕੀਤੀ ਮੰਗ

ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਕੰਪਨੀਆਂ ਨੂੰ ਨਿਰਧਾਰਤ ਮਾਤਰਾ ਤੋਂ ਵੱਧ ਐਥਨੌਲ ਮਿਲਾਉਣ (ਓਵਰ-ਬਲੈਂਡਿੰਗ) ਲਈ ਸਜ਼ਾ ਦੇਵੇ ਅਤੇ ਉਨ੍ਹਾਂ ਖਪਤਕਾਰਾਂ ਨੂੰ ਮੁਆਵਜ਼ਾ ਦਿੱਤਾ ਜਾਵੇ, ਜਿਨ੍ਹਾਂ ਦੇ ਵਾਹਨ ਇਸ ਕਾਰਨ ਖ਼ਰਾਬ ਹੋਏ ਹਨ।

ਬੈਂਗਲੁਰੂ ਵਿੱਚ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਕਰਨਾਟਕ ਦੇ ਖੁਰਾਕ, ਨਾਗਰਿਕ ਸਪਲਾਈ ਅਤੇ ਖਪਤਕਾਰ ਮਾਮਲਿਆਂ ਦੇ ਮੰਤਰੀ ਰਿਜ਼ਵਾਨ ਅਰਸ਼ਦ ਨੇ ਜਾਂਚ ਦੇ ਨਤੀਜੇ ਜਾਰੀ ਕੀਤੇ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਵਿਭਾਗ ਨੇ



ਪੂਰੇ ਸੂਬੇ ਵਿੱਚੋਂ ਪੈਟਰੋਲ ਦੇ 63 ਨਮੂਨੇ ਇਕੱਠੇ ਕੀਤੇ ਸਨ। ਮੰਤਰੀ ਰਿਜ਼ਵਾਨ ਅਰਸ਼ਦ ਨੇ ਦੱਸਿਆ ਕਿ ਆਈ.ਓ.ਸੀ.ਐਲ. ਦੇ ਪੈਟਰੋਲ ਵਿੱਚ 31.2 ਫ਼ੀਸਦੀ ਐਥਨੌਲ ਮਿਲਿਆ, ਜਦਕਿ ਹਿੰਦੁਸਤਾਨ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ ਦੇ ਪੈਟਰੋਲ ਵਿੱਚ ਇਹ ਮਾਤਰਾ 30.5 ਫ਼ੀਸਦੀ ਸੀ।

ਇੱਕ ਹੋਰ ਸਰਕਾਰੀ ਕੰਪਨੀ ਭਾਰਤ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ ਅਤੇ ਨਿੱਜੀ ਕੰਪਨੀਆਂ ਨਾਇਰਾ ਤੇ ਸ਼ੈੱਲ ਦੇ ਨਮੂਨਿਆਂ ਵਿੱਚ ਐਥਨੌਲ ਦੀ ਮਾਤਰਾ ਕ੍ਰਮਵਾਰ 26.5 ਫ਼ੀਸਦੀ, 26.1 ਫ਼ੀਸਦੀ ਅਤੇ 25.5 ਫ਼ੀਸਦੀ ਪਾਈ ਗਈ।

ਬੈਂਗਲੁਰੂ ਉਨ੍ਹਾਂ ਜ਼ਿਲ੍ਹਿਆਂ ਵਿੱਚ ਸ਼ਾਮਲ ਸੀ, ਜਿੱਥੋਂ ਲਏ ਗਏ ਨਮੂਨਿਆਂ ਵਿੱਚ ਐਥਨੌਲ ਦੀ ਮਾਤਰਾ 20 ਫ਼ੀਸਦੀ ਦੀ ਨਿਰਧਾਰਤ ਸੀਮਾ ਤੋਂ ਵੱਧ ਸੀ। ਅਰਸ਼ਦ ਨੇ ਦੱਸਿਆ ਕਿ ਇਨ੍ਹਾਂ ਨਮੂਨਿਆਂ ਨੂੰ ਪਹਿਲਾਂ (ਬਾਕੀ ਸਫ਼ਾ 2 ’ਤੇ)

ਦਿੱਲੀ ਹਵਾਈ ਅੱਡਾ ਤੋਂ 5 ਕਰੋੜ ਦੀ ਕੋਕੀਨ ਸਮੇਤ ਗਿਨੀ ਦਾ ਨਾਗਰਿਕ ਕਾਬੂ

- ਪੇਟ ’ਚੋਂ ਨਿਕਲੇ 70 ਕੈਪਸੂਲ; ਸਫ਼ਦਰਜੰਗ ਹਸਪਤਾਲ ’ਚ ਡਾਕਟਰੀ ਦੇਖਰੇਖ ਹੇਠ ਬਰਾਮਦ ਕੀਤਾ 1.068 ਕਿੱਲੋ ਨਸ਼ਾ

ਨਵੀਂ ਦਿੱਲੀ, 6 ਨਵੰਬਰ (ਪੈ.ਗਾਮ-ਏ-ਜਗਤ)

ਇੰਦਰਾ ਗਾਂਧੀ ਅੰਤਰਰਾਸ਼ਟਰੀ (ਆਈਜੀਆਈ) ਹਵਾਈ ਅੱਡੇ ’ਤੇ ਕਸਟਮ ਅਧਿਕਾਰੀਆਂ ਨੇ ਆਪਣੇ ਸਰੀਰ ਦੇ ਅੰਦਰ ਲੁਕਾ ਕੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਦੇ ਦੋਸ਼ ਹੇਠ ਗਿਨੀ ਦੇ ਇੱਕ ਨਾਗਰਿਕ ਨੂੰ ਗ੍ਰਿਫ਼ਤਾਰ ਕੀਤਾ ਹੈ। ਸਫ਼ਦਰਜੰਗ ਹਸਪਤਾਲ ਵਿੱਚ ਡਾਕਟਰੀ ਦੇਖਰੇਖ ਹੇਠ ਉਸ ਦੇ ਸਰੀਰ ’ਚੋਂ 1.068 ਕਿੱਲੋ ਵਜ਼ਨ ਵਾਲੇ 70 ਅੰਡਾਕਾਰ ਕੈਪਸੂਲ ਬਰਾਮਦ ਕੀਤੇ ਗਏ ਹਨ, ਜਿਨ੍ਹਾਂ ਦੀ ਕਾਲਾਬਾਜ਼ਾਰੀ ਵਿੱਚ ਕੀਮਤ ਲਗਪਗ 5 ਕਰੋੜ ਰੁਪਏ ਦੱਸੀ ਜਾ ਰਹੀ ਹੈ। ਗੁਪਤ ਜਾਣਕਾਰੀ ਦੇ ਆਧਾਰ ’ਤੇ ਕਾਰਵਾਈ ਕਰਦਿਆਂ ਕਸਟਮ ਅਧਿਕਾਰੀਆਂ ਨੇ 28 ਅਕਤੂਬਰ, 2026 ਨੂੰ ਕੋਨਾਕਰੀ ਤੋਂ ਅੱਡੀਸ ਅਬਾਬਾ ਹੁੰਦੇ ਹੋਏ ਟਰਮੀਨਲ-3 ’ਤੇ ਪਹੁੰਚੇ ਇਸ ਯਾਤਰੀ ਨੂੰ (ਬਾਕੀ ਸਫ਼ਾ 2 ’ਤੇ)

ਪਾਕਿਸਤਾਨ ਦੇ ਪੰਜਾਬ ਸੂਬੇ ਵਿੱਚ ਬੱਸ ਅਤੇ ਟਰੱਕ ਦੀ ਭਿਆਨਕ ਟੱਕਰ

11 ਲੋਕਾਂ ਦੀ ਮੌਤ, 30 ਤੋਂ ਵੱਧ ਜ਼ਖ਼ਮੀ

ਇਸਲਾਮਾਬਾਦ, 6 ਨਵੰਬਰ (ਪੈ.ਗਾਮ-ਏ-ਜਗਤ)

ਸਥਾਨਕ ਮੀਡੀਆ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਪਾਕਿਸਤਾਨ ਦੇ ਪੰਜਾਬ ਸੂਬੇ ਵਿੱਚ ਪਾਕਪੱਟਨ ਨੇੜੇ ਇੱਕ ਯਾਤਰੀ ਬੱਸ ਅਤੇ ਟਰੱਕ ਦੀ ਟੱਕਰ ਹੋਣ ਕਾਰਨ 11 ਲੋਕਾਂ ਦੀ ਮੌਤ ਹੋ ਗਈ ਅਤੇ 33 ਹੋਰ ਜ਼ਖਮੀ ਹੋ ਗਏ। ਪਾਕਿਸਤਾਨੀ ਅਖ਼ਬਾਰ ‘ਡਾਨ’ ਦੀ ਰਿਪੋਰਟ ਮੁਤਾਬਕ, ‘ਰੈਸਕਿਊ 1122’ ਨੇ ਦੱਸਿਆ ਕਿ ਟਰੱਕ ਅਤੇ ਯਾਤਰੀ ਬੱਸ ਦੀ ਟੱਕਰ ਵਿੱਚ 11 ਲੋਕਾਂ ਦੀ ਮੌਤ ਹੋ ਗਈ। ਇਸ ਵਿੱਚ ਅੱਗੇ ਦੱਸਿਆ ਗਿਆ ਹੈ ਕਿ ਅੱਠ ਲੋਕਾਂ ਨੂੰ ਮਾਮੂਲੀ ਸੱਟਾਂ ਲੱਗੀਆਂ, ਜਦਕਿ 25 ਹੋਰਾਂ ਨੂੰ ਪਾਕਪੱਟਨ ਦੇ ਹਸਪਤਾਲ ਲਿਜਾਇਆ ਗਿਆ।

ਜ਼ਿਲ੍ਹਾ ਪ੍ਰਸ਼ਾਸਨ ਦੀ ਪ੍ਰੈਸ ਰਿਲੀਜ਼ ਅਨੁਸਾਰ, ਇਹ ਹਾਦਸਾ ਦੀਪਾਲਪੁਰ ਰੋਡ ‘ਤੇ ਵਾਪਰਿਆ, ਜਦੋਂ ਇੱਕ ਯਾਤਰੀ ਬੱਸ ਮੁਲਤਾਨ ਤੋਂ ਕਸੂਰ ਵੱਲ ਜਾ ਰਹੀ ਸੀ ਅਤੇ ਇੱਕ ਟਰੱਕ ਸਾਹਮਣੇ ਤੋਂ ਆ ਰਿਹਾ ਸੀ। ਤਿੰਨ ਘੰਟੇ ਤੱਕ ਚੱਲੇ ਬਚਾਅ ਕਾਰਜ (ਰੈਸਕਿਊ ਆਪਰੇਸ਼ਨ) ਦੌਰਾਨ,



ਵਾਹਨਾਂ ਦੇ ਮਲਬੇ ਵਿੱਚ ਫਸੇ ਲੋਕਾਂ ਨੂੰ ਬਾਹਰ ਕੱਢਣ ਲਈ ਕ੍ਰੇਨਾਂ ਅਤੇ ਹੋਰ ਭਾਰੀ ਮਸ਼ੀਨਰੀ ਦੀ ਵਰਤੋਂ ਕੀਤੀ ਗਈ। ਸਥਾਨਕ ਮੀਡੀਆ ਨੇ ਬਚਾਅ ਅਧਿਕਾਰੀਆਂ ਦੇ ਹਵਾਲੇ ਨਾਲ ਦੱਸਿਆ ਕਿ ਅਕਤੂਬਰ ਮਹੀਨੇ ਦੌਰਾਨ ਪਾਕਿਸਤਾਨ ਦੇ ਪੰਜਾਬ ਸੂਬੇ ਵਿੱਚ 44,797 ਸੜਕ ਹਾਦਸੇ ਵਾਪਰੇ, ਜਿਨ੍ਹਾਂ ਵਿੱਚ 464 ਲੋਕਾਂ ਦੀ ਮੌਤ ਹੋ ਗਈ ਅਤੇ 23,543 ਹੋਰ ਗੰਭੀਰ ਜ਼ਖ਼ਮੀ ਹੋ ਗਏ। ਇਨ੍ਹਾਂ ਸੜਕ ਹਾਦਸਿਆਂ ਵਿੱਚੋਂ ਲਗਭਗ ਤਿੰਨ-ਚੌਥਾਈ ਹਾਦਸਿਆਂ ਵਿੱਚ ਮੋਟਰਸਾਈਕਲ (ਬਾਕੀ ਸਫ਼ਾ 2 ’ਤੇ)

ਝਾਰਖੰਡ ਵਿਚ ਟਰੱਕ ਨੇ ਲੋਕਾਂ ਨੂੰ ਮਾਰੀ ਟੱਕਰ, ਮਾਸੂਮ ਸਮੇਤ 7 ਦੀ ਮੌਤ

ਝਾਰਖੰਡ, 6 ਨਵੰਬਰ (ਪੈ.ਗਾਮ-ਏ-ਜਗਤ)

ਝਾਰਖੰਡ ਦੇ ਖ਼ੂੰਟੀ ਜ਼ਿਲ੍ਹੇ ਵਿਚ ਵੀਰਵਾਰ ਦੇਰ ਰਾਤ ਇਕ ਭਿਆਨਕ ਸੜਕ ਹਾਦਸਾ ਵਾਪਰਿਆ। ਕਰਰਾ-ਟੋਰਪਾ ਮੁੱਖ ਸੜਕ ’ਤੇ, ਕਰਰਾ ਥਾਣੇ ਦੇ ਅਧਿਕਾਰ ਖੇਤਰ ਵਿੱਚ, ਇੱਕ ਤੇਜ਼ ਰਫ਼ਤਾਰ ਟਰੱਕ ਨੇ ਸੜਕ ਕਿਨਾਰੇ ਖੜ੍ਹੇ ਕਈ ਲੋਕਾਂ ਨੂੰ ਦਰੜ ਦਿੱਤਾ। ਇਸ ਘਟਨਾ ਵਿੱਚ 10 ਮਹੀਨਿਆਂ ਦੇ ਬੱਚੇ ਸਮੇਤ ਸੱਤ ਲੋਕਾਂ ਦੀ ਮੌਤ ਹੋ ਗਈ, ਜਦਕਿ ਦੋ ਹੋਰ ਗੰਭੀਰ ਜ਼ਖ਼ਮੀ ਹੋ ਗਏ। ਦੱਸਿਆ ਜਾ ਰਿਹਾ ਹੈ ਕਿ ਮਰਨ ਵਾਲੇ ਸਾਰੇ ਲੋਕ ਇੱਕੋ ਪਰਿਵਾਰ ਨਾਲ ਸਬੰਧਤ ਸਨ। ਇਸ ਘਟਨਾ ਨੇ ਇਲਾਕੇ ਨੂੰ ਸਦਮੇ ਅਤੇ ਦੁੱਖ ਵਿੱਚ ਡੁਬੋ ਦਿੱਤਾ ਹੈ।

ਰਿਪੋਰਟਾਂ ਅਨੁਸਾਰ, ਇਹ ਘਟਨਾ ਖ਼ੂੰਟੀ ਜ਼ਿਲ੍ਹੇ ਦੇ ਕਰਰਾ ਥਾਣੇ ਦੇ ਅਧਿਕਾਰ ਖੇਤਰ ਵਿੱਚ ਆਉਂਦੇ ‘ਜੋਨ-ਲੁਦਰੂ’ ਮੋੜ ਨੇੜੇ ਵਾਪਰੀ। ਵੀਰਵਾਰ ਰਾਤ ਨੂੰ, ਨੇੜਲੇ ਇਲਾਕੇ ਦੇ ਵਸਨੀਕ ਇੱਕ ਸਕੂਟਰ ਦੇ



ਹਾਦਸਾਗ੍ਰਸਤ ਹੋਣ ਦੀ ਆਵਾਜ਼ ਸੁਣ ਕੇ ਆਪਣੇ ਘਰਾਂ ਤੋਂ ਬਾਹਰ ਆ ਗਏ। ਇਸ ਤੋਂ ਬਾਅਦ, ਉਹ ਘਟਨਾ ਵਾਲੀ ਥਾਂ ਦੇਖਣ ਲਈ ਕਰਰਾ-ਤੋਰਪਾ ਮੁੱਖ ਸੜਕ ’ਤੇ ਇਕੱਠੇ ਹੋ ਗਏ। ਉਨ੍ਹਾਂ ਨੂੰ ਇਹ ਅੰਦਾਜ਼ਾ ਵੀ ਨਹੀਂ ਸੀ ਕਿ ਥੋੜ੍ਹੀ ਦੇਰ ਬਾਅਦ ਉਸੇ ਥਾਂ ’ਤੇ ਇੱਕ ਹੋਰ ਵੱਡਾ ਹਾਦਸਾ ਵਾਪਰਨ ਵਾਲਾ ਹੈ। ਰਿਪੋਰਟਾਂ ਅਨੁਸਾਰ, ਇਹ ਘਟਨਾ ਖ਼ੂੰਟੀ ਜ਼ਿਲ੍ਹੇ ਦੇ ਕਰਰਾ ਥਾਣੇ ਦੇ ਅਧਿਕਾਰ ਖੇਤਰ ਵਿੱਚ ਆਉਂਦੇ ‘ਜੋਨ-ਲੁਦਰੂ’ ਮੋੜ ਨੇੜੇ ਵਾਪਰੀ। ਵੀਰਵਾਰ ਰਾਤ ਨੂੰ, ਨੇੜਲੇ ਇਲਾਕੇ ਦੇ ਵਸਨੀਕ ਇੱਕ ਸਕੂਟਰੀ ਦੇ ਹਾਦਸਾਗ੍ਰਸਤ ਹੋਣ ਦੀ ਆਵਾਜ਼ ਸੁਣ ਕੇ ਆਪਣੇ ਘਰਾਂ ਤੋਂ ਬਾਹਰ ਆ ਗਏ। ਇਸ ਤੋਂ ਬਾਅਦ, ਉਹ ਘਟਨਾ (ਬਾਕੀ ਸਫ਼ਾ 2 ’ਤੇ)


ਕਾਊਂਟਰ ਇੰਟੈਲੀਜੈਂਸ ਵੱਲੋਂ ਨਾਬਾਲਗ ਸਮੇਤ ਚਾਰ ਕਾਬੂ; 36 ਕਿਲੋ ਹੈਰੋਇਨ ਬਰਾਮਦ

ਡੀ.ਜੀ.ਪੀ. ਗੌਰਵ ਯਾਦਵ ਨੇ ਦਿੱਤੀ ਜਾਣਕਾਰੀ

ਅੰਮ੍ਰਿਤਸਰ, 6 ਨਵੰਬਰ (ਪੈ.ਗਾਮ-ਏ-ਜਗਤ)

ਕਾਊਂਟਰ ਇੰਟੈਲੀਜੈਂਸ (ਸੀ ਆਈ) ਅੰਮ੍ਰਿਤਸਰ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕਰਕੇ ਇੱਕ ਨਾਬਾਲਗ ਸਮੇਤ ਚਾਰ ਵਿਅਕਤੀਆਂ ਨੂੰ 36 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡੀਜੀਪੀ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਸਾਹਿਲ ਸਿੰਘ ਵਾਸੀ ਘਨੁਪੁਰ, ਅੰਮ੍ਰਿਤਸਰ, ਪਰਮਜੀਤ ਸਿੰਘ ਅਤੇ ਕਮਲਪਾਲ ਸਿੰਘ (ਦੋਵੇਂ ਵਾਸੀ ਰਾਜਾਸਾਂਸੀ, ਅੰਮ੍ਰਿਤਸਰ) ਵਜੋਂ ਹੋਈ ਹੈ, ਜਿਨ੍ਹਾਂ ਦੇ ਨਾਲ ਇੱਕ ਨਾਬਾਲਗ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ। ਮੁਲਜ਼ਮ ਪਰਮਜੀਤ ਸਿੰਘ ਦਾ ਪੁਰਾਣਾ ਅਪਰਾਧਿਕ ਪਿਛੋਕੜ ਹੈ ਅਤੇ ਉਸ ਖ਼?ਲਾਫ਼ ਐੱਨ ਡੀ ਪੀ ਐੱਸ ਐਕਟ ਤਹਿਤ ਤਿੰਨ ਕੇਸ ਦਰਜ ਹਨ। ਉਨ੍ਹਾਂ ਦੱਸਿਆ ਕਿ ਵੱਡੀ ਮਾਤਰਾ ਵਿੱਚ ਹੈਰੋਇਨ ਬਰਾਮਦ ਕਰਨ ਤੋਂ



ਇਲਾਵਾ ਪੁਲੀਸ ਟੀਮਾਂ ਨੇ ਨਸ਼ੇ ਦੀ ਸਪਲਾਈ ਵਿੱਚ ਵਰਤੇ ਜਾ ਰਹੇ ਮੁਲਜ਼ਮਾਂ ਦੇ ਦੋ ਮੋਟਰਸਾਈਕਲ ਵੀ ਜ਼ਬਤ ਕੀਤੇ ਹਨ।

ਡੀਜੀਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਕਥਿਤ ਤੌਰ ’ਤੇ ਵਿਦੇਸ਼ ਬੈਠੇ ਆਪਣੇ ਹੈਂਡਲਰ ਦੇ ਨਿਰਦੇਸ਼ਾਂ ’ਤੇ ਕੰਮ ਕਰ ਰਹੇ ਸਨ। ਉਕਤ ਹੈਂਡਲਰ ਲੋਪੋਕੇ ਖੇਤਰ ਵਿੱਚ ਭਾਰਤ-ਪਾਕਿਸਤਾਨ ਸਰਹੱਦ ਨੇੜੇ ਹੈਰੋਇਨ ਦੀਆਂ ਖੇਪਾਂ ਪਹੁੰਚਾਉਣ ਦਾ ਪ੍ਰਬੰਧ ਕਰ ਰਿਹਾ ਸੀ, ਜਿਨ੍ਹਾਂ ਨੂੰ (ਬਾਕੀ ਸਫ਼ਾ 2 ’ਤੇ)




ਸ਼ੇਅਰ ਬਾਜ਼ਾਰ ਵਿੱਚ ਜ਼ਬਰਦਸਤ ਉਛਾਲ

ਸੈਂਸੈਕਸ 1,404 ਅੰਕ ਚੜ੍ਹਿਆ; ਰੁਪਿਆ 9 ਪੈਸੇ ਕਮਜ਼ੋਰ ਹੋਇਆ

ਮੁੰਬਈ, 6 ਨਵੰਬਰ (ਪੈ.ਗਾਮ-ਏ-ਜਗਤ)

ਧਨਤੇਰਸ ਤੋਂ ਪਹਿਲਾਂ ਸ਼ੇਅਰ ਬਾਜ਼ਾਰ ਤੋਂ ਚੰਗੀ ਖ਼ਬਰ ਆਈ ਹੈ। ਕੱਚੇ ਤੇਲ ਦੀਆਂ ਕੀਮਤਾਂ ਵਿੱਚ ਭਾਰੀ ਗਿਰਾਵਟ ਅਤੇ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਦੇ ਜਲਦੀ ਹੱਲ ਹੋਣ ਦੀਆਂ ਉਮੀਦਾਂ ਦੇ ਚਲਦਿਆਂ, ਵੀਰਵਾਰ ਨੂੰ ਸ਼ੁਰੂਆਤੀ ਕਾਰੋਬਾਰ ਦੌਰਾਨ ਸੈਂਸੈਕਸ ਅਤੇ ਨਿਫਟੀ ਵਿੱਚ ਜ਼ਬਰਦਸਤ ਤੇਜ਼ੀ ਦੇਖਣ ਨੂੰ ਮਿਲੀ।

ਸ਼ੁਰੂਆਤੀ ਕਾਰੋਬਾਰ ਵਿੱਚ, ਬੀਐਸਈ ਸੈਂਸੈਕਸ 1,403.71 ਅੰਕਾਂ ਦੇ ਉਛਾਲ ਨਾਲ 78,689.87 ’ਤੇ



ਪਹੁੰਚ ਗਿਆ, ਜਦਕਿ ਐਨਐਸਈ ਨਿਫਟੀ 378.85 ਅੰਕ ਚੜ੍ਹ ਕੇ 24,340.40 ’ਤੇ ਪਹੁੰਚ ਗਿਆ। ਸੈਂਸੈਕਸ ਵਿੱਚ ਸ਼ਾਮਲ 30 ਕੰਪਨੀਆਂ ਵਿੱਚੋਂ, ਇੰਟਰਗਲੋਬ ਏਵੀਏਸ਼ਨ, ਏਸ਼ੀਅਨ ਪੇਂਟਸ, ਬਜਾਜ ਫਾਈਨਾਂਸ, ਮਾਰੂਤੀ, ਮਹਿੰਦਰਾ ਐਂਡ ਮਹਿੰਦਰਾ ਅਤੇ ਅਲਟਰਾਟੈਕ ਸੀਮੈਂਟ ਦੇ ਸ਼ੇਅਰਾਂ ਵਿੱਚ ਸਭ ਤੋਂ ਵੱਧ ਵਾਧਾ ਦਰਜ ਕੀਤਾ ਗਿਆ। ਇਸ ਦੇ ਉਲਟ, ਕੋਟਕ ਮਹਿੰਦਰਾ ਬੈਂਕ ਅਤੇ ਭਾਰਤੀ ਏਅਰਟੈੱਲ ਦੇ ਸ਼ੇਅਰਾਂ ਵਿੱਚ ਗਿਰਾਵਟ ਆਈ। ਅੰਤਰਰਾਸ਼ਟਰੀ ਪੱਧਰ ’ਤੇ ਤੇਲ ਦੀ ਕੀਮਤ ਤੈਅ ਕਰਨ ਵਾਲੇ ‘ਬਰੈਂਟ ਕਰੂਡ’ (ਕੱਚੇ ਤੇਲ) ਦੀ ਕੀਮਤ 1.07 ਫੀਸਦੀ ਡਿੱਗ ਕੇ 93.61 ਡਾਲਰ ਪ੍ਰਤੀ ਬੈਰਲ ’ਤੇ ਆ ਗਈ। ਸ਼ੇਅਰ ਬਾਜ਼ਾਰ ਦੇ ਅੰਕੜਿਆਂ (ਬਾਕੀ ਸਫ਼ਾ 2 ’ਤੇ)

ਭਾਜਪਾ ਈ.ਡੀ., ਸੀ.ਬੀ.ਆਈ., ਇਨਕਮ ਟੈਕਸ ਤੇ ਚੋਣ ਕਮਿਸ਼ਨ ਦਾ ਕਰ ਰਹੀ ਦੁਰਵਰਤੋਂ : ਹਰਪਾਲ ਸਿੰਘ ਚੀਮਾ

ਚੰਡੀਗੜ੍ਹ, 6 ਨਵੰਬਰ (ਪੈ.ਗਾਮ-ਏ-ਜਗਤ)

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੀਨੀਅਰ ਆਗੂ ਅਤੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼ੁੱਕਰਵਾਰ ਨੂੰ ਭਾਜਪਾ ’ਤੇ ਤਿੱਖਾ ਹਮਲਾ ਕਰਦਿਆਂ ਦੋਸ਼ ਲਾਇਆ ਕਿ ਚੋਣਾਂ ਤੋਂ ਪਹਿਲਾਂ ਵਿਰੋਧੀ ਧਿਰ ਦੇ ਆਗੂਆਂ ਨੂੰ ਡਰਾਉਣ ਲਈ ਕੇਂਦਰੀ ਏਜੰਸੀਆਂ ਨੂੰ ਹਥਿਆਰ ਵਜੋਂ ਵਰਤਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਈਡੀ, ਸੀਬੀਆਈ, ਇਨਕਮ ਟੈਕਸ ਵਿਭਾਗ ਅਤੇ ਚੋਣ ਕਮਿਸ਼ਨ ਵਰਗੀਆਂ ਸੰਸਥਾਵਾਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ।

ਮੋਗਾ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨਾਲ ਜੁੜੇ ਕਈ ਟਿਕਾਣਿਆਂ ’ਤੇ ਕਰੀਬ 48 ਘੰਟੇ ਤੱਕ ਚੱਲੀ ਈਡੀ ਦੀ ਛਾਪੇਮਾਰੀ ਦਾ ਜ਼ਿਕਰ ਕਰਦਿਆਂ ਚੀਮਾ ਨੇ ਕਿਹਾ ਕਿ ਏਜੰਸੀ ਖਾਲੀ ਹੱਥ ਪਰਤੀ ਹੈ ਅਤੇ ਇੱਕ ਪੈਸਾ ਵੀ ਬਰਾਮਦ ਨਹੀਂ ਕਰ ਸਕੀ। ਇਸ ਨਾਲ ਇੱਕ ਵਾਰ ਫਿਰ ਆਪ ਆਗੂਆਂ ਦੀ ‘ਕੱਟੜ



ਇਮਾਨਦਾਰ’ ਹੋਣ ਦੀ ਗੱਲ ਸਾਬਤ ਹੋਈ ਹੈ।

ਆਪ ਦੇ ਸੀਨੀਅਰ ਆਗੂ ਨੇ ਅੱਗੇ ਕਿਹਾ ਕਿ ਭਾਜਪਾ ਆਪ ਵਿਧਾਇਕਾਂ ਨੂੰ ਮੰਤਰੀ ਦੇ ਅਹੁਦੇ ਅਤੇ ਰਾਜ ਸਭਾ ਦੀ ਮੈਂਬਰਸ਼ਿਪ ਦਾ ਲਾਲਚ ਦੇ ਕੇ ਤੋੜਨ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਪੰਜਾਬ ਦੇ ਆਗੂਆਂ ਨੇ ਅਜਿਹੇ ਲਾਲਚਾਂ ਅੱਗੇ ਝੁਕਣ ਤੋਂ ਇਨਕਾਰ ਕਰ ਦਿੱਤਾ ਹੈ।

ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਪ੍ਰਤੀ ਆਪਣੀ ਪੱਕੀ ਵਫ਼ਾਦਾਰੀ ਦੁਹਰਾਉਂਦਿਆਂ ਡਾ. ਅਮਨਦੀਪ ਕੌਰ ਅਰੋੜਾ ਨੇ ਐਲਾਨ ਕੀਤਾ ਕਿ ਕੋਈ ਵੀ ਛਾਪੇਮਾਰੀ, ਧਮਕੀ ਜਾਂ ਸਿਆਸੀ ਦਬਾਅ ਉਨ੍ਹਾਂ ਨੂੰ ਜਾਂ ਆਪ ਦੀਆਂ ਮਹਿਲਾ ਆਗੂਆਂ ਨੂੰ ਚੁੱਪ ਨਹੀਂ ਕਰਵਾ ਸਕਦਾ। ਉਹ ਪੰਜਾਬ ਅਤੇ ਇੱਥੋਂ ਦੇ ਲੋਕਾਂ ਲਈ ਆਪਣੀ ਲੜਾਈ ਜਾਰੀ ਰੱਖਣਗੀਆਂ। ਆਪ ਪੰਜਾਬ ਮਹਿਲਾ ਵਿੰਗ ਦੀ ਪ੍ਰਧਾਨ ਅਤੇ ਮੋਗਾ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨਾਲ ਪ੍ਰੈੱਸ ਕਾਨਫਰੰਸ ਦੌਰਾਨ ਹਰਪਾਲ ਸਿੰਘ ਚੀਮਾ ਨੇ ਕਿਹਾ, “ਜਦੋਂ ਵੀ ਕਿਸੇ ਸੂਬੇ ਵਿੱਚ ਚੋਣਾਂ ਨੇੜੇ ਆਉਂਦੀਆਂ ਹਨ ਤਾਂ ਭਾਜਪਾ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰਦੀ ਹੈ। ਈਡੀ, ਸੀਬੀਆਈ, ਇਨਕਮ ਟੈਕਸ ਵਿਭਾਗ ਅਤੇ ਇੱਥੋਂ ਤੱਕ ਕਿ ਚੋਣ ਕਮਿਸ਼ਨ ਦੀ ਵਰਤੋਂ ਵੀ ਮੀਡੀਆ ਵਿੱਚ ਖ਼ਬਰਾਂ (ਬਾਕੀ ਸਫ਼ਾ 2 ’ਤੇ)

ਸੀ.ਬੀ.ਐੱਸ.ਈ. ਦੀਆਂ 10ਵੀਂ ਅਤੇ 12ਵੀਂ ਦੀਆਂ ਬੋਰਡ ਪ੍ਰੀਖਿਆਵਾਂ ਦਾ ਐਲਾਨ

16 ਫਰਵਰੀ 2027 ਤੋਂ ਹੋਣਗੀਆਂ ਸ਼ੁਰੂ ਪ੍ਰੀਖਿਆਵਾਂ

ਨਵੀਂ ਦਿੱਲੀ, 6 ਨਵੰਬਰ (ਪੈ.ਗਾਮ-ਏ-ਜਗਤ)

ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਦੀਆਂ 10ਵੀਂ ਅਤੇ 12ਵੀਂ ਜਮਾਤ ਦੀਆਂ ਸਾਲਾਨਾ ਬੋਰਡ ਪ੍ਰੀਖਿਆਵਾਂ 16 ਫਰਵਰੀ 2027 ਤੋਂ ਸ਼ੁਰੂ ਹੋਣਗੀਆਂ। ਬੋਰਡ ਵੱਲੋਂ ਸ਼ੁੱਕਰਵਾਰ ਨੂੰ ਇਸ ਸਬੰਧੀ ਰਸਮੀ ਐਲਾਨ ਕਰ ਦਿੱਤਾ ਗਿਆ ਹੈ।

ਬੋਰਡ ਮੁਤਾਬਕ, 10ਵੀਂ ਜਮਾਤ ਦੀਆਂ ਪ੍ਰੀਖਿਆਵਾਂ 9 ਮਾਰਚ ਨੂੰ ਖਤਮ ਹੋਣਗੀਆਂ, ਜਦਕਿ 12ਵੀਂ ਜਮਾਤ ਦੀਆਂ ਪ੍ਰੀਖਿਆਵਾਂ 9 ਅਪਰੈਲ ਤੱਕ ਚੱਲਣਗੀਆਂ।

ਸੀਬੀਐੱਸਈ ਦੇ ਪ੍ਰੀਖਿਆ ਕੰਟਰੋਲਰ ਸੰਯਮ ਭਾਰਦਵਾਜ ਨੇ ਦੱਸਿਆ ਕਿ, ÷ਇਸ ਸਾਲ 10ਵੀਂ ਜਮਾਤ ਦੇ ਵਿਦਿਆਰਥੀ 83 ਵੱਖ-ਵੱਖ ਵਿਸ਼ਿਆਂ ਦੀਆਂ ਪ੍ਰੀਖਿਆਵਾਂ ਦੇਣਗੇ, ਜਦਕਿ 12ਵੀਂ ਜਮਾਤ ਦੇ ਵਿਦਿਆਰਥੀ 121 ਵਿਸ਼ਿਆਂ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਮਲ ਹੋਣਗੇ। ਬੋਰਡ ਵੱਲੋਂ ਵਿਦਿਆਰਥੀਆਂ ਦੀ ਸਹੂਲਤ ਲਈ ਪ੍ਰੀਖਿਆਵਾਂ ਸ਼ੁਰੂ ਹੋਣ ਤੋਂ 101 ਦਿਨ ਪਹਿਲਾਂ ਹੀ ਡੇਟਸ਼ੀਟ (ਸਮਾਂ ਸਾਰਣੀ) ਜਾਰੀ ਕੀਤੀ ਜਾ ਰਹੀ ਹੈ। ਇਸ ਤੋਂ ਪਹਿਲਾਂ ਸੈਂਟਰਲ ਬੋਰਡ ਆਫ ਸੈਕੰਡਰੀ ਐਜੂਕੇਸ਼ਨ (ਸੀ ਬੀ ਐੱਸ ਈ) ਨੇ ਨਵੇਂ ਨਿਯਮਾਂ ਤਹਿਤ ਸਕਿੱਲ ਵਿਸ਼ੇ ਲੈਣ ਵਾਲਿਆਂ ਨੂੰ ਵੱਡੀ ਰਾਹਤ ਦਿੱਤੀ ਹੈ। ਬੋਰਡ ਨੇ ਸਾਲ 2028 ਵਿੱਚ ਹੋਣ ਵਾਲੀ ਦਸਵੀਂ ਜਮਾਤ ਦੀ ਬੋਰਡ ਪ੍ਰੀਖਿਆ ਦੇ ਨਿਯਮਾਂ ਨੂੰ ਸਪਸ਼ਟ ਕਰ ਦਿੱਤਾ ਹੈ। ਨਵੇਂ ਨਿਯਮਾਂ ਮੁਤਾਬਕ ਵਿਦਿਆਰਥੀਆਂ (ਬਾਕੀ ਸਫ਼ਾ 2 ’ਤੇ)

ਮੰਤਰੀ ਕੁਲਦੀਪ ਕੁਮਾਰ ਨੂੰ ਆਨਰੇਰੀ ਪੀ.ਐੱਚ.ਡੀ., ਕਮਿਸ਼ਨ ਮੈਂਬਰ ਐਡਵੋਕੇਟ ਵਿਜੇ ਡੋਗਰਾ ਨੂੰ ਕਾਨੂੰਨ ਵਿੱਚ ਡਾਕਟਰੇਟ

• ਕਰੀਅਰ ਪੁਆਇੰਟ ਯੂਨੀਵਰਸਿਟੀ ਦੇ 12ਵੇਂ ਕਨਵੋਕੇਸ਼ਨ ਸਮਾਰੋਹ ਵਿੱਚ ਰਾਜਪਾਲ ਨੇ ਪ੍ਰਦਾਨ ਕੀਤੀਆਂ ਡਿਗਰੀਆਂ, ਸਮਾਜਿਕ ਖੇਤਰ ਵਿੱਚ ਯੋਗਦਾਨ ਲਈ ਕੁਲਦੀਪ ਕੁਮਾਰ ਨੂੰ ਮਿਲਿਆ ਸਨਮਾਨ





ਊਨਾ, 6 ਨਵੰਬਰ (ਪੈ.ਗਾਮ-ਏ-ਜਗਤ)

ਹਿਮਾਚਲ ਪ੍ਰਦੇਸ਼ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਅਤੇ ਸਾਬਕਾ ਮੰਤਰੀ ਕੁਲਦੀਪ ਕੁਮਾਰ ਨੂੰ ਸਮਾਜਿਕ ਖੇਤਰ ਅਤੇ ਜਨਤਕ ਜੀਵਨ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਆਨਰੇਰੀ ਪੀਐੱਚਡੀ ਦੀ ਡਿਗਰੀ ਨਾਲ ਸਨਮਾਨਿਤ ਕੀਤਾ ਗਿਆ ਹੈ। ਕਰੀਅਰ ਪੁਆਇੰਟ ਯੂਨੀਵਰਸਿਟੀ ਦੇ 12ਵੇਂ ਕਨਵੋਕੇਸ਼ਨ ਸਮਾਰੋਹ ਵਿੱਚ ਰਾਜਪਾਲ ਕਵਿੰਦਰ ਗੁਪਤਾ ਨੇ ਉਨ੍ਹਾਂ ਨੂੰ ਇਹ ਡਿਗਰੀ ਪ੍ਰਦਾਨ ਕੀਤੀ। ਇਸੇ ਸਮਾਰੋਹ ਵਿੱਚ ਕਮਿਸ਼ਨ ਦੇ ਮੈਂਬਰ ਐਡਵੋਕੇਟ ਵਿਜੇ ਡੋਗਰਾ ਨੂੰ ਕਾਨੂੰਨ ਦੇ ਖੇਤਰ ਵਿੱਚ ਖੋਜ ਕਾਰਜ ਪੂਰਾ ਕਰਨ ਲਈ ਪੀਐੱਚਡੀ ਦੀ ਡਿਗਰੀ ਦਿੱਤੀ ਗਈ।

ਅਨੁਸੂਚਿਤ ਜਾਤੀ ਭਾਈਚਾਰੇ ਦੇ ਅਧਿਕਾਰਾਂ ਦੀ ਰੱਖਿਆ, ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਅਤੇ ਭਲਾਈ ਸਕੀਮਾਂ ਦਾ ਲਾਭ ਯੋਗ ਲੋਕਾਂ ਤੱਕ ਪਹੁੰਚਾਉਣਾ ਕਮਿਸ਼ਨ ਦੇ ਮੁੱਖ ਕੰਮਾਂ ਵਿੱਚ ਸ਼ਾਮਲ ਹੈ। ਕਮਿਸ਼ਨ ਦੇ ਚੇਅਰਮੈਨ ਵਜੋਂ ਕੁਲਦੀਪ ਕੁਮਾਰ ਸ਼ਿਕਾਇਤਾਂ ਦੇ ਨਿਪਟਾਰੇ, ਸਰਕਾਰੀ ਯੋਜਨਾਵਾਂ ਦੀ ਸਮੀਖਿਆ, ਫੀਲਡ ਦੌਰੇ ਅਤੇ ਜਾਗਰੂਕਤਾ ਕੈਂਪਾਂ ਰਾਹੀਂ ਲੋਕਾਂ ਨੂੰ ਉਨ੍ਹਾਂ ਦੇ ਸੰਵਿਧਾਨਕ ਅਧਿਕਾਰਾਂ ਅਤੇ ਸਰਕਾਰੀ ਭਲਾਈ ਸਕੀਮਾਂ ਬਾਰੇ ਜਾਣਕਾਰੀ ਦੇਣ ਨੂੰ ਤਰਜੀਹ ਦੇ ਰਹੇ ਹਨ। ਭਾਈਚਾਰੇ ਨਾਲ ਜੁੜੇ ਮੁੱਦਿਆਂ ਬਾਰੇ ਸੰਸਥਾਗਤ ਅਧਿਐਨ ਅਤੇ ਖੋਜ ਤੇ ਵਿਕਾਸ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਲਈ ਵੀ ਕਮਿਸ਼ਨ ਕੰਮ ਕਰ ਰਿਹਾ ਹੈ। ਕੁਲਦੀਪ ਕੁਮਾਰ ਨੇ ਰਾਸ਼ਟਰੀ ਅਨੁਸੂਚਿਤ ਜਾਤੀ ਕਮਿਸ਼ਨ ਅੱਗੇ ਹਿਮਾਚਲ ਪ੍ਰਦੇਸ਼ ਦੀਆਂ ਲੋੜਾਂ ਅਨੁਸਾਰ ਖੋਜ ਅਤੇ ਵਿਕਾਸ ਗਤੀਵਿਧੀਆਂ ਲਈ ਸਹਿਯੋਗ ਦਾ ਮੁੱਦਾ ਵੀ ਉਠਾਇਆ ਹੈ। ਕਮਿਸ਼ਨ ਦੀਆਂ ਪਹਿਲਕਦਮੀਆਂ ਨੂੰ ਰਾਸ਼ਟਰੀ ਪੱਧਰ 'ਤੇ ਵੀ ਪਛਾਣ ਮਿਲੀ ਹੈ। ਅਨੁਸੂਚਿਤ ਜਾਤੀ ਭਾਈਚਾਰੇ ਦੀ ਭਲਾਈ ਨਾਲ ਜੁੜੀ ਕਮਿਸ਼ਨ ਦੀ ਇੱਕ ਪਹਿਲਕਦਮੀ ਨੂੰ ਸਕੌਚ ਐਵਾਰਡ-2026 ਦੇ ਸੈਮੀਫਾਈਨਲ ਵਿੱਚ ਜਗ੍ਹਾ ਮਿਲੀ ਸੀ। ਕੁਲਦੀਪ ਕੁਮਾਰ ਚਾਰ ਵਾਰ ਵਿਧਾਇਕ ਰਹਿ ਚੁੱਕੇ ਹਨ। ਉਨ੍ਹਾਂ ਨੇ ਗਗਰੇਟ ਅਤੇ ਸ੍ਰੀ ਚਿੰਤਪੁਰਨੀ ਵਿਧਾਨ ਸਭਾ ਹਲਕਿਆਂ ਦੀ ਨੁਮਾਇੰਦਗੀ ਕੀਤੀ ਹੈ। ਹਿਮਾਚਲ ਕਾਂਗਰਸ ਦੇ ਸੂਬਾ ਪ੍ਰਧਾਨ ਰਹਿਣ ਤੋਂ ਇਲਾਵਾ ਉਹ ਸਾਬਕਾ ਮੁੱਖ ਮੰਤਰੀ ਵੀਰਭੱਦਰ ਸਿੰਘ ਦੀ ਸਰਕਾਰ ਵਿੱਚ ਉਦਯੋਗ ਮੰਤਰੀ ਅਤੇ ਸੂਬਾ ਵਿੱਤ ਕਮਿਸ਼ਨ ਦੇ ਚੇਅਰਮੈਨ ਵਜੋਂ ਵੀ ਸੇਵਾਵਾਂ ਨਿਭਾ ਚੁੱਕੇ ਹਨ।

ਉੱਥੇ ਹੀ, ਕਮਿਸ਼ਨ ਦੇ ਮੈਂਬਰ ਐਡਵੋਕੇਟ ਵਿਜੇ ਡੋਗਰਾ ਨੇ ਕਰੀਅਰ ਪੁਆਇੰਟ ਯੂਨੀਵਰਸਿਟੀ ਦੇ ਕਾਨੂੰਨ ਵਿਭਾਗ ਵਿੱਚ 'ਫਰੀਡਮ ਆਫ ਪ੍ਰੈੱਸ' ਵਿਸ਼ੇ ਉੱਤੇ ਖੋਜ ਕਾਰਜ ਪੂਰਾ ਕਰਕੇ ਪੀਐੱਚਡੀ ਦੀ ਡਿਗਰੀ ਹਾਸਲ ਕੀਤੀ ਹੈ। ਇਸ ਤੋਂ ਪਹਿਲਾਂ ਉਹ ਪੀਜੀਆਈ ਚੰਡੀਗੜ੍ਹ ਦੇ ਨਿਊਰੋਲੋਜੀ ਵਿਭਾਗ ਵਿੱਚ ਮਿਰਗੀ ਦੀ ਬਿਮਾਰੀ ਨਾਲ ਸਬੰਧਤ ਵਿਸ਼ਿਆਂ ਉੱਤੇ ਵੀ ਖੋਜ ਕਾਰਜ ਕਰ ਚੁੱਕੇ ਹਨ। ਪੀਐੱਚਡੀ ਦੀ ਡਿਗਰੀ ਮਿਲਣ ਉੱਤੇ ਵਿਜੇ ਡੋਗਰਾ ਨੇ ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਸੋਚ ਹੈ ਕਿ ਖੋਜ ਅਤੇ ਅਕਾਦਮਿਕ ਤਜਰਬਾ ਰੱਖਣ ਵਾਲੇ ਲੋਕਾਂ ਨੂੰ ਸੰਸਥਾਵਾਂ ਵਿੱਚ ਜ਼ਿੰਮੇਵਾਰੀਆਂ ਦਿੱਤੀਆਂ ਜਾਣ, ਤਾਂ ਜੋ ਉਹ ਆਪਣੇ ਗਿਆਨ ਅਤੇ ਤਜਰਬੇ ਨਾਲ ਸੰਸਥਾਵਾਂ ਨੂੰ ਸਹੀ ਦਿਸ਼ਾ ਦੇਣ ਅਤੇ ਉਨ੍ਹਾਂ ਦੇ ਕੰਮਕਾਜ ਨੂੰ ਤੇਜ਼ ਕਰਨ ਵਿੱਚ ਭੂਮਿਕਾ ਨਿਭਾ ਸਕਣ।

ਜ਼ਿਕਰਯੋਗ ਹੈ ਕਿ ਕਰੀਅਰ ਪੁਆਇੰਟ ਯੂਨੀਵਰਸਿਟੀ ਦਾ 12ਵਾਂ ਕਨਵੋਕੇਸ਼ਨ ਸਮਾਰੋਹ 3 ਨਵੰਬਰ ਨੂੰ ਹਮੀਰਪੁਰ ਸਥਿਤ ਯੂਨੀਵਰਸਿਟੀ ਕੈਂਪਸ ਵਿੱਚ ਕਰਵਾਇਆ ਗਿਆ ਸੀ। ਸਮਾਰੋਹ ਦੌਰਾਨ ਕੁੱਲ 648 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ, ਜਿਨ੍ਹਾਂ ਵਿੱਚ 43 ਖੋਜਾਰਥੀਆਂ ਨੂੰ ਪੀਐੱਚਡੀ ਦੀਆਂ ਡਿਗਰੀਆਂ ਮਿਲੀਆਂ। ਇਸ ਤੋਂ ਇਲਾਵਾ 43 ਹੋਣਹਾਰ ਵਿਦਿਆਰਥੀਆਂ ਨੂੰ ਸੋਨੇ ਦੇ ਤਗਮਿਆਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੀਆਂ ਹੋਰ ਸ਼ਖ਼ਸੀਅਤਾਂ ਨੂੰ ਵੀ ਆਨਰੇਰੀ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ।

ਆਂਗਣਵਾੜੀ ਵਰਕਰਾਂ ਦੀ ਮਿਹਨਤ ਨੂੰ ਮਿਲਿਆ ਮਾਣ, ਪਰਮਿੰਦਰ ਸਿੰਘ ਗੋਲਡੀ ਵੱਲੋਂ 21.78 ਲੱਖ ਰੁਪਏ ਦੇ ਇਨਸੈਂਟਿਵ ਜਾਰੀ



ਖਰੜ, 6 ਨਵੰਬਰ (ਪੈ.ਗਾਮ-ਏ-ਜਗਤ)

ਰਾਮ ਭਵਨ, ਖਰੜ ਵਿਖੇ ਮਾਂਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਫਾਰਮ ਭਰਨ ਦੀ ਪ੍ਰਕਿਰਿਆ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੀਆਂ ਆਂਗਣਵਾੜੀ ਵਰਕਰਾਂ ਦੀ ਮਿਹਨਤ, ਲਗਨ ਅਤੇ ਸਮਰਪਣ ਭਾਵਨਾ ਨੂੰ ਸਲਾਮ ਕਰਦਿਆਂ ਉਨ੍ਹਾਂ ਦੀ ਬਿਹਤਰ ਕਾਰਗੁਜ਼ਾਰੀ ਲਈ ਵਿਸ਼ੇਸ਼ ਇਨਸੈਂਟਿਵ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹਲਕਾ ਖਰੜ ਦੇ ਦੋਵੇਂ ਬਲਾਕ ਖਰੜ-1 ਅਤੇ ਮਾਜਰੀ ਦੀਆਂ ਆਂਗਣਵਾੜੀ ਵਰਕਰਾਂ ਵੱਡੀ ਗਿਣਤੀ ਵਿੱਚ ਮੌਜੂਦ ਰਹੀਆਂ।

ਇਸ ਮੌਕੇ ਪੰਜਾਬ ਯੂਥ ਵਿਕਾਸ ਬੋਰਡ ਦੇ ਚੇਅਰਮੈਨ ਸ. ਪਰਮਿੰਦਰ ਸਿੰਘ ਗੋਲਡੀ ਨੇ ਆਂਗਣਵਾੜੀ ਵਰਕਰਾਂ ਦੀ ਮਿਹਨਤ ਅਤੇ ਸਮਰਪਣ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਮਾਂਵਾਂ-ਧੀਆਂ ਸਤਿਕਾਰ ਯੋਜਨਾ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਆਂਗਣਵਾੜੀ ਵਰਕਰਾਂ ਨੇ ਬਹੁਤ ਹੀ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਸਫਲ ਬਣਾਉਣ ਵਿੱਚ ਆਂਗਣਵਾੜੀ ਵਰਕਰਾਂ ਦਾ ਯੋਗਦਾਨ ਬੇਹੱਦ ਮਹੱਤਵਪੂਰਨ ਹੈ। ਮਹਿਲਾਵਾਂ ਦੀ ਭਲਾਈ ਅਤੇ ਸਸ਼ਕਤੀਕਰਨ ਲਈ ਕੰਮ ਕਰਨ ਵਾਲੀਆਂ ਇਨ੍ਹਾਂ ਵਰਕਰਾਂ ਦੀ ਮਿਹਨਤ ਕਾਬਿਲ-ਏ-ਤਾਰੀਫ਼ ਹੈ ਅਤੇ ਉਨ੍ਹਾਂ ਦੇ ਯੋਗਦਾਨ ਨੂੰ ਬਣਦਾ ਮਾਣ-ਸਤਿਕਾਰ ਦੇਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਜਾਣਕਾਰੀ ਦਿੰਦਿਆਂ ਸੀ ਡੀ ਪੀ ਓ ਬਲਾਕ ਖਰੜ-1 ਗੁਰਸਿਮਰਨ ਕੌਰ ਨੇ ਦੱਸਿਆ ਕਿ ਹਲਕਾ ਖਰੜ ਵਿੱਚ ਮਾਂਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਲਗਭਗ 90 ਹਜ਼ਾਰ ਫਾਰਮ ਭਰੇ ਗਏ ਹਨ। ਇਸ ਕੰਮ ਵਿੱਚ ਯੋਗਦਾਨ ਪਾਉਣ ਵਾਲੀਆਂ ਦੋਵੇਂ ਬਲਾਕਾਂ ਦੀਆਂ ਕੁੱਲ 230 ਆਂਗਣਵਾੜੀ ਵਰਕਰਾਂ ਨੂੰ ਸਰਕਾਰ ਵੱਲੋਂ ਪ੍ਰਤੀ ਫਾਰਮ 25 ਰੁਪਏ ਦੇ ਹਿਸਾਬ ਨਾਲ ਇਨਸੈਂਟਿਵ ਦਿੱਤਾ ਜਾ ਰਿਹਾ ਹੈ। ਦੋਵੇਂ ਬਲਾਕਾਂ ਲਈ ਲਗਭਗ 21,78,450 ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ, ਜੋ ਅੱਜ ਹੀ ਸਬੰਧਤ ਆਂਗਣਵਾੜੀ ਵਰਕਰਾਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਹੋ ਜਾਵੇਗੀ।

ਉਨ੍ਹਾਂ ਦੱਸਿਆ ਕਿ ਬਲਾਕ ਖਰੜ-1 ਦੀਆਂ ਆਂਗਣਵਾੜੀ ਵਰਕਰਾਂ ਲਈ ਲਗਭਗ 12,97,550 ਰੁਪਏ ਅਤੇ ਬਲਾਕ ਮਾਜਰੀ ਲਈ ਲਗਭਗ 8,80,900 ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਹਲਕਾ ਖਰੜ ਵਿੱਚ ਆਂਗਣਵਾੜੀ ਵਰਕਰ ਸੁਦਰਸ਼ਨ ਕੌਰ ਨੇ ਸਭ ਤੋਂ ਵੱਧ ਫਾਰਮ ਭਰਨ ਵਿੱਚ ਯੋਗਦਾਨ ਪਾਇਆ, ਜਿਸ ਦੇ ਬਦਲੇ ਉਨ੍ਹਾਂ ਨੂੰ 61,725 ਰੁਪਏ ਦਾ ਸਭ ਤੋਂ ਵੱਧ ਇਨਸੈਂਟਿਵ ਮਿਲੇਗਾ। ਇਸ ਮੌਕੇ ਸੀਡੀਪੀਓ ਬਲਾਕ ਖਰੜ-1 ਗੁਰਸਿਮਰਨ ਕੌਰ, ਸੀਡੀਪੀਓ ਬਲਾਕ ਮਾਜਰੀ ਸੁਖਮਨੀਤ ਕੌਰ, ਸੁਪਰਵਾਈਜ਼ਰ ਹਰਪਿੰਦਰ ਕੌਰ, ਰਮਨਪ੍ਰੀਤ ਕੌਰ, ਪਰਮਜੀਤ ਕੌਰ, ਕੁਲਬੀਰ ਕੌਰ, ਮੀਡੀਆ ਇੰਚਾਰਜ ਬਲਜੀਤ ਸਿੰਘ, ਰਾਮ ਸਰੂਪ ਅਤੇ ਹੋਰ ਪਤਵੰਤੇ ਸੱਜਣਾਂ ਸਮੇਤ ਵੱਡੀ ਗਿਣਤੀ ਵਿੱਚ ਆਂਗਣਵਾੜੀ ਵਰਕਰਾਂ ਹਾਜ਼ਰ ਸਨ।

ਪਰਮਿੰਦਰ ਸਿੰਘ ਗੋਲਡੀ ਵੱਲੋਂ 400 ਪਰਿਵਾਰਾਂ ਨੂੰ ਮਾਲਕੀ ਹੱਕ ਦੇ ਦਸਤਾਵੇਜ਼ ਵੰਡੇ



ਕੁਰਾਲੀ, 6 ਨਵੰਬਰ (ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮਹੱਤਵਪੂਰਨ ਜਨਹਿਤੈਸ਼ੀ ਯੋਜਨਾ 'ਮੇਰਾ ਘਰ ਮੇਰੇ ਨਾਮ' ਤਹਿਤ ਹਲਕਾ ਖਰੜ ਦੇ ਪਿੰਡ ਨੇਹੋਲਕਾ ਅਤੇ ਛੋਟੀ ਝਿੰਗੜਾ (ਸਿੰਘਪੁਰਾ) ਦੇ ਕਰੀਬ 400 ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਨਾਲ ਸਬੰਧਤ ਮਾਲਕੀ ਹੱਕ ਦੇ ਦਸਤਾਵੇਜ਼ ਸੌਂਪੇ ਗਏ। ਇਸ ਮੌਕੇ ਪੰਜਾਬ ਯੂਥ ਵਿਕਾਸ ਬੋਰਡ ਦੇ ਚੇਅਰਮੈਨ ਸ. ਪਰਮਿੰਦਰ ਸਿੰਘ ਗੋਲਡੀ ਵੱਲੋਂ ਲਾਭਪਾਤਰੀ ਪਰਿਵਾਰਾਂ ਨੂੰ ਦਸਤਾਵੇਜ਼ ਵੰਡੇ ਗਏ। ਇਸ ਮੌਕੇ ਸ. ਪਰਮਿੰਦਰ ਸਿੰਘ ਗੋਲਡੀ ਨੇ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਯੋਜਨਾ ਰਾਹੀਂ ਲਾਲ ਡੋਰੇ (ਆਬਾਦੀ ਦੇਹ) ਦੇ ਖੇਤਰ ਵਿੱਚ ਲੰਬੇ ਸਮੇਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ ਲੋਕਾਂ ਨੂੰ ਉਨ੍ਹਾਂ ਦੀ ਜਾਇਦਾਦ ਦੇ ਪੱਕੇ ਮਾਲਕੀ ਹੱਕ ਪ੍ਰਦਾਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਾਲਕੀ ਹੱਕ ਦੇ ਦਸਤਾਵੇਜ਼ ਮਿਲਣ ਨਾਲ ਪਰਿਵਾਰਾਂ ਨੂੰ ਆਪਣੀ ਜਾਇਦਾਦ ਸਬੰਧੀ ਕਾਨੂੰਨੀ ਸੁਰੱਖਿਆ ਮਿਲੇਗੀ ਅਤੇ ਲੋੜ ਪੈਣ 'ਤੇ ਉਹ ਬੈਂਕ ਕਰਜ਼ੇ ਸਮੇਤ ਹੋਰ ਵਿੱਤੀ ਸਹੂਲਤਾਂ ਪ੍ਰਾਪਤ ਕਰਨ ਲਈ ਵੀ ਇਨ੍ਹਾਂ ਦਸਤਾਵੇਜ਼ਾਂ ਦੀ ਵਰਤੋਂ ਕਰ ਸਕਣਗੇ। ਸ. ਗੋਲਡੀ ਨੇ ਕਿਹਾ ਕਿ ਲੋਕਾਂ ਨੂੰ ਉਨ੍ਹਾਂ ਦੇ ਹੱਕ ਦਿਵਾਉਣਾ ਅਤੇ ਪਿੰਡਾਂ ਦੇ ਵਸਨੀਕਾਂ ਦੀਆਂ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਸਮੱਸਿਆਵਾਂ ਦਾ ਹੱਲ ਕਰਨਾ ਪੰਜਾਬ ਸਰਕਾਰ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਹਰ ਯੋਗ ਪਰਿਵਾਰ ਨੂੰ ਉਸ ਦੇ ਘਰ ਅਤੇ ਜਾਇਦਾਦ ਸਬੰਧੀ ਪੱਕੇ ਮਾਲਕੀ ਹੱਕ ਦਿਵਾਉਣਾ ਹੈ, ਤਾਂ ਜੋ ਲੋਕਾਂ ਨੂੰ ਭਵਿੱਖ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਪਿੰਡ ਨੇਹੋਲਕਾ ਅਤੇ ਛੋਟੀ ਝਿੰਗੜਾ ਦੇ ਵਸਨੀਕਾਂ, ਲਾਭਪਾਤਰੀ ਪਰਿਵਾਰਾਂ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

ਐੱਸ.ਐੱਸ.ਆਰ.ਵੀ.ਐੱਮ. ਸੀਨੀਅਰ ਸੈਕੰਡਰੀ ਸਕੂਲ, ਨਵਾਂ ਨੰਗਲ ਵਿਖੇ ਦੀਵਾਲੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ



ਪੈ.ਗਾਮ-ਏ-ਜਗਤ/ਸੰਤੋਸ਼ਗੜ੍ਹ/ਊਨਾ 6 ਨਵੰਬਰ (ਰਾਜਵੀਰ ਚੋਪੜਾ)

ਐੱਸ.ਐੱਸ.ਆਰ.ਵੀ.ਐੱਮ. ਸੀਨੀਅਰ ਸੈਕੰਡਰੀ ਸਕੂਲ, ਨਵਾਂ ਨੰਗਲ ਵਿਖੇ ਦੀਵਾਲੀ ਦਾ ਤਿਉਹਾਰ ਬੜੇ ਹੀ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ। ਵਿਦਿਆਰਥੀਆਂ ਨੇ ਭਗਤੀ ਭਰੇ ਭਜਨਾਂ ਉੱਤੇ ਨਾਚ ਪੇਸ਼ ਕੀਤੇ। ਨਰਸਰੀ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਸਾਰੇ ਵਿਦਿਆਰਥੀਆਂ ਨੇ ਇਨ੍ਹਾਂ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।

ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਦੀਵੇ ਅਤੇ ਮੋਮਬੱਤੀਆਂ ਨੂੰ ਖੂਬਸੂਰਤ ਢੰਗ ਨਾਲ ਸਜਾਇਆ। ਤੀਜੀ ਅਤੇ ਚੌਥੀ ਜਮਾਤ ਦੇ ਵਿਦਿਆਰਥੀਆਂ ਨੇ ਦੀਵਾਲੀ ਨਾਲ ਸਬੰਧਤ ਸੁੰਦਰ ਸ਼ੁਭਕਾਮਨਾ ਕਾਰਡ ਬਣਾਏ, ਜਦਕਿ ਪੰਜਵੀਂ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ 'ਬੈਸਟ ਆਊਟ ਆਫ ਵੇਸਟ' ਗਤੀਵਿਧੀ ਵਿੱਚ ਹਿੱਸਾ ਲਿਆ। ਸਕੂਲ ਦੇ ਚਾਰਾਂ ਸਦਨਾਂ—ਮਾਂ ਦੁਰਗਾ ਸਦਨ, ਲਾਰਡ ਕ੍ਰਿਸ਼ਨਾ ਸਦਨ, ਮਾਂ ਲਕਸ਼ਮੀ ਸਦਨ ਅਤੇ ਲਾਰਡ ਸ਼ਿਵਾ ਸਦਨ—ਦੇ ਵਿਦਿਆਰਥੀਆਂ ਨੇ ਸੁੰਦਰ ਰੰਗੋਲੀਆਂ ਬਣਾ ਕੇ ਸਕੂਲ ਦੇ ਵਿਹੜੇ ਨੂੰ ਰੰਗਾਂ ਅਤੇ ਖੁਸ਼ੀਆਂ ਨਾਲ ਸਜਾ ਦਿੱਤਾ।

ਇਸ ਮੌਕੇ ਸਕੂਲ ਦੇ ਜਨਰਲ ਮੈਨੇਜਰ ਸ੍ਰੀ ਸੁਮੇਸ਼ ਸ਼ਰਮਾ ਜੀ ਨੇ ਸਾਰੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਵਿੱਚ ਰਚਨਾਤਮਕਤਾ, ਆਤਮ-ਵਿਸ਼ਵਾਸ ਅਤੇ ਸਹਿਯੋਗ ਦੀ ਭਾਵਨਾ ਪੈਦਾ ਕਰਦੀਆਂ ਹਨ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਦੀਵਾਲੀ ਦੀਆਂ ਵਧਾਈਆਂ ਦਿੰਦਿਆਂ ਵਾਤਾਵਰਣ-ਅਨੁਕੂਲ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ।

ਲੋਕ ਸੇਵਾ ਅਤੇ ਲੋਕ ਭਲਾਈ ਸਾਡਾ ਮੁੱਖ ਉਦੇਸ਼: ਮੁਕੇਸ਼ ਅਗਨੀਹੋਤਰੀ

• ਕਿਹਾ... ਸੰਤਾਂ ਦੇ ਆਸ਼ੀਰਵਾਦ ਤੋਂ ਮਿਲਦੀ ਹੈ ਪ੍ਰੇਰਣਾ, ਬੀਟਨ ਦੇ ਸ੍ਰੀ ਲਾਲਪੁਰੀ ਵਿਸ਼ਨੂੰ ਧਾਮ ਦੇ ਨਵੀਨੀਕਰਨ ਲਈ 10 ਲੱਖ ਰੁਪਏ ਦੇਣ ਦਾ ਐਲਾਨ



ਊਨਾ, 6 ਨਵੰਬਰ (ਪੈ.ਗਾਮ-ਏ-ਜਗਤ)

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਕਿਹਾ ਕਿ ਰਾਜਨੀਤੀ ਵਿੱਚ ਲੋਕ ਸੇਵਾ ਅਤੇ ਲੋਕ ਭਲਾਈ ਹੀ ਉਨ੍ਹਾਂ ਦਾ ਮੁੱਖ ਉਦੇਸ਼ ਹੈ। ਸੰਤਾਂ ਦਾ ਆਸ਼ੀਰਵਾਦ ਉਨ੍ਹਾਂ ਨੂੰ ਇਸ ਦਿਸ਼ਾ ਵਿੱਚ ਕੰਮ ਕਰਨ ਦੀ ਪ੍ਰੇਰਣਾ ਦਿੰਦਾ ਹੈ। ਸੰਤ-ਮਹਾਤਮਾ ਸਮਾਜ ਨੂੰ ਸੇਵਾ, ਸਦਭਾਵਨਾ ਅਤੇ ਪਰਉਪਕਾਰ ਦੇ ਰਾਹ 'ਤੇ ਚੱਲਣ ਦੀ ਸਿੱਖਿਆ ਦਿੰਦੇ ਹਨ। ਹਰੋਲੀ ਦੀ ਧਰਤੀ 'ਤੇ ਉਨ੍ਹਾਂ ਦਾ ਸਾਨਿਧ ਅਤੇ ਆਸ਼ੀਰਵਾਦ ਖੇਤਰ ਲਈ ਸੁਭਾਗ ਦੀ ਗੱਲ ਹੈ। ਉਨ੍ਹਾਂ ਨੇ ਬੀਟਨ ਸਥਿਤ ਸ੍ਰੀ ਲਾਲਪੁਰੀ ਵਿਸ਼ਨੂੰ ਧਾਮ ਦੇ ਨਵੀਨੀਕਰਨ ਲਈ 10 ਲੱਖ ਰੁਪਏ ਦੇਣ ਦਾ ਐਲਾਨ ਕੀਤਾ।

ਮੁਕੇਸ਼ ਅਗਨੀਹੋਤਰੀ ਸ਼ੁੱਕਰਵਾਰ ਨੂੰ ਸ੍ਰੀ ਸਤਿਗੁਰੂ ਭੂਰੀਵਾਲੇ ਗੁਰੂ ਗੱਦੀ ਪਰੰਪਰਾ ਦੇ ਦੂਜੇ ਗੱਦੀਨਸ਼ੀਨ ਪਰਮ ਪੂਜਨੀਕ ਸ੍ਰੀ ਸਤਿਗੁਰੂ ਲਾਲ ਦਾਸ ਜੀ ਰਕਬੇ ਵਾਲਿਆਂ ਦੇ ਸ਼ੁਭ ਆਗਮਨ ਦਿਵਸ ਮੌਕੇ ਬੀਟਨ ਸਥਿਤ ਸ੍ਰੀ ਲਾਲਪੁਰੀ ਵਿਸ਼ਨੂੰ ਧਾਮ ਵਿਖੇ ਕਰਵਾਏ ਗਏ ਸਮਾਗਮ ਵਿੱਚ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਨੂੰ ਮੌਜੂਦਾ ਗੁਰੂ ਗੱਦੀਨਸ਼ੀਨ ਵੇਦਾਂਤਾਚਾਰੀਆ ਸ੍ਰੀ ਸਤਿਗੁਰੂ ਚੇਤਨਾਨੰਦ ਜੀ ਭੂਰੀਵਾਲੇ ਦਾ ਸਾਨਿਧ ਅਤੇ ਆਸ਼ੀਰਵਾਦ ਪ੍ਰਾਪਤ ਹੋਇਆ। ਉਨ੍ਹਾਂ ਕਿਹਾ ਕਿ ਚੇਤਨਾਨੰਦ ਜੀ ਮਹਾਰਾਜ ਦਾ ਆਸ਼ੀਰਵਾਦ ਸਦਾ ਸਾਰਿਆਂ ਉੱਤੇ ਬਣਿਆ ਰਹਿੰਦਾ ਹੈ ਅਤੇ ਉਨ੍ਹਾਂ ਦਾ ਸਾਨਿਧ ਲੋਕਾਂ ਨੂੰ ਪਰਮਾਤਮਾ ਨਾਲ ਜੋੜਦਾ ਹੈ। ਉਪ ਮੁੱਖ ਮੰਤਰੀ ਨੇ ਮਹਾਰਾਜ ਜੀ ਦਾ ਧੰਨਵਾਦ ਵੀ ਕੀਤਾ। ਬੀਟਨ ਵਿੱਚ ਸਿਹਤ ਸਹੂਲਤਾਂ ਦੇ ਵਿਸਥਾਰ ਦਾ ਜ਼ਿਕਰ ਕਰਦਿਆਂ ਉਪ ਮੁੱਖ ਮੰਤਰੀ ਨੇ ਕਿਹਾ ਕਿ ਇੱਥੇ 3.69 ਕਰੋੜ ਰੁਪਏ ਦੀ ਲਾਗਤ ਨਾਲ ਸ੍ਰੀ ਸਤਿਗੁਰੂ ਲਾਲ ਦਾਸ ਬ੍ਰਹਮਾਨੰਦ ਭੂਰੀਵਾਲੇ ਗਰੀਬਦਾਸੀਏ ਕਮਿਊਨਿਟੀ ਹੈਲਥ ਸੈਂਟਰ ਦਾ ਨਿਰਮਾਣ ਕੀਤਾ ਗਿਆ ਹੈ। ਦਸ ਬਿਸਤਰਿਆਂ ਦੀ ਸਮਰੱਥਾ ਵਾਲੇ ਇਸ ਸਿਹਤ ਕੇਂਦਰ ਵਿੱਚ ਡਾਕਟਰਾਂ ਅਤੇ ਹੋਰ ਸਟਾਫ ਲਈ ਰਿਹਾਇਸ਼ੀ ਸਹੂਲਤਾਂ ਵੀ ਉਪਲਬਧ ਕਰਵਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਿਹਤ ਕੇਂਦਰ ਨੂੰ ਹੋਰ ਮਜ਼ਬੂਤ ਕਰਨ ਲਈ ਇੱਥੇ ਲੋੜੀਂਦੀ ਗਿਣਤੀ ਵਿੱਚ ਡਾਕਟਰਾਂ ਦੀ ਤਾਇਨਾਤੀ ਉੱਤੇ ਜ਼ੋਰ ਦਿੱਤਾ ਜਾ ਰਿਹਾ ਹੈ, ਤਾਂ ਜੋ ਲੋਕਾਂ ਨੂੰ ਸਥਾਨਕ ਪੱਧਰ 'ਤੇ ਬਿਹਤਰ ਇਲਾਜ ਮਿਲ ਸਕੇ।

ਖੇਡ ਸਹੂਲਤਾਂ ਦੇ ਵਿਸਥਾਰ ਬਾਰੇ ਗੱਲ ਕਰਦਿਆਂ ਮੁਕੇਸ਼ ਅਗਨੀਹੋਤਰੀ ਨੇ ਦੱਸਿਆ ਕਿ ਬੀਟਨ ਖੇਡ ਮੈਦਾਨ ਦੇ ਵਿਕਾਸ ਲਈ ਦੋ ਕਰੋੜ ਰੁਪਏ ਮੁਹੱਈਆ ਕਰਵਾਏ ਗਏ ਹਨ। ਇਸ ਵਿੱਚੋਂ ਡੇਢ ਕਰੋੜ ਰੁਪਏ ਮੈਦਾਨ ਦੇ ਸੁਧਾਰ ਅਤੇ ਵਿਕਾਸ ਉੱਤੇ ਅਤੇ 50 ਲੱਖ ਰੁਪਏ ਦਿਨ-ਰਾਤ ਦੇ ਮੁਕਾਬਲਿਆਂ ਲਈ ਹਾਈ ਮਾਸਟ ਲਾਈਟਾਂ ਲਗਾਉਣ ਉੱਤੇ ਖਰਚ ਕੀਤੇ ਜਾ ਰਹੇ ਹਨ। ਮੈਦਾਨ ਦਾ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਿਹਾ ਹੈ ਅਤੇ ਲਗਭਗ ਅੰਤਿਮ ਪੜਾਅ 'ਤੇ ਹੈ। ਇਸ ਨਾਲ ਇੱਥੇ ਰਾਤ ਸਮੇਂ ਖੇਡ ਮੁਕਾਬਲੇ ਕਰਵਾਉਣਾ ਵੀ ਸੰਭਵ ਹੋ ਸਕੇਗਾ।

ਜਲ ਸੰਭਾਲ ਦੇ ਯਤਨਾਂ ਤਹਿਤ ਬੀਟਨ ਦੇ ਤਲਾਬ ਦੇ ਨਵੀਨੀਕਰਨ ਲਈ ਦੋ ਕਰੋੜ ਰੁਪਏ ਦਿੱਤੇ ਗਏ ਹਨ ਅਤੇ ਇਸ ਦਾ ਕੰਮ ਜਾਰੀ ਹੈ। ਇਸ ਤੋਂ ਇਲਾਵਾ ਬੀਟਨ ਵਿੱਚ ਪੰਚਾਇਤ ਘਰ ਦੇ ਨਿਰਮਾਣ ਲਈ ਇੱਕ ਕਰੋੜ 14 ਲੱਖ ਰੁਪਏ ਮੁਹੱਈਆ ਕਰਵਾਏ ਗਏ ਹਨ। ਖੇਤਰ ਵਿੱਚ ਪੀਣ ਵਾਲੇ ਪਾਣੀ ਦੀ ਭੰਡਾਰਨ ਸਮਰੱਥਾ ਵਧਾਉਣ ਦੇ ਕੰਮਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ ਅਮਰਾਲੀ ਵਿੱਚ 31 ਮੀਟਰ ਉੱਚਾਈ 'ਤੇ 25 ਲੱਖ ਲੀਟਰ ਸਮਰੱਥਾ ਵਾਲਾ ਵਾਟਰ ਸਟੋਰੇਜ ਟੈਂਕ ਬਣ ਕੇ ਤਿਆਰ ਹੋ ਗਿਆ ਹੈ। ਪੋਲੀਆਂ ਵਿੱਚ 50 ਲੱਖ ਲੀਟਰ ਅਤੇ ਦੁਲੈਹੜ ਵਿੱਚ 25 ਲੱਖ ਲੀਟਰ ਸਮਰੱਥਾ ਵਾਲੇ ਟੈਂਕ ਵੀ ਬਣਾਏ ਗਏ ਹਨ।

ਇਸ ਮੌਕੇ ਗ੍ਰਾਮ ਪੰਚਾਇਤ ਬੀਟਨ ਦੇ ਪ੍ਰਧਾਨ ਯੋਗਰਾਜ, ਬਾਲੂ ਰਾਮ, ਹਰੀ ਓਮ, ਜਗਦੀਸ਼, ਰਮਨ ਕੁਮਾਰ (ਕਾਲਾ), ਵਿੱਕੀ ਪ੍ਰਧਾਨ ਸਮੇਤ ਹੋਰ ਸ਼ਰਧਾਲੂ ਹਾਜ਼ਰ ਸਨ।

ਜੇਨੇਸਿਸ ਕਲਾਸਿਜ਼ ਦੇ ਐਮਡੀ ਜਿਤੇਂਦਰ ਅਹਲਾਵਤ ਨੇ ਦਿੱਤੀਆਂ ਦੀਵਾਲੀ ਦੀਆਂ ਸ਼ੁਭਕਾਮਨਾਵਾਂ



ਪੈ.ਗਾਮ-ਏ-ਜਗਤ ਕਰਨਾਲ, (ਪ੍ਰਵੀਨ ਵਾਲੀਆ)

ਰੌਸ਼ਨੀ ਦੇ ਪਵਿੱਤਰ ਤਿਉਹਾਰ ਦੀਵਾਲੀ ਦੇ ਮੌਕੇ 'ਤੇ ਅੱਜ 'ਗੋਲਡਨ ਮੋਮੈਂਟਸ' ਵਿੱਚ ਇੱਕ ਸ਼ਾਨਦਾਰ ਪ੍ਰੋਗਰਾਮ ਦਾ ਆਯੋਜਨ

• ਪ੍ਰੋਗਰਾਮ ਵਿੱਚ ਅਧਿਆਪਕਾਂ ਅਤੇ ਪੂਰੇ ਸਟਾਫ ਦੀ ਰੱਜ ਕੇ ਕੀਤੀ ਸ਼ਲਾਘਾ

ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਜੇਨੇਸਿਸ ਕਲਾਸਿਜ਼ ਦੇ ਪ੍ਰਬੰਧ ਨਿਰਦੇਸ਼ਕ ਜਿਤੇਂਦਰ ਸਿੰਘ ਅਹਲਾਵਤ ਨੇ ਵਿਦਿਆਰਥੀ, ਪ੍ਰਬੰਧਨ, ਅਧਿਆਪਕਾਂ ਅਤੇ ਪੂਰੇ ਸਟਾਫ ਨੂੰ ਦੀਵਾਲੀ ਦੀਆਂ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ। ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਪ੍ਰਬੰਧ ਨਿਰਦੇਸ਼ਕ ਜਿਤੇਂਦਰ ਅਹਲਾਵਤ ਨੇ ਸੰਸਥਾ ਦੀ ਸਫਲਤਾ ਵਿੱਚ ਅਧਿਆਪਕਾਂ ਅਤੇ ਪੂਰੇ ਸਟਾਫ ਦੇ ਯੋਗਦਾਨ ਦੀ ਰੱਜ ਕੇ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਧਿਆਪਕਾਂ ਦੀ ਸਖ਼ਤ ਮਿਹਨਤ ਅਤੇ ਸਟਾਫ ਦੇ ਸ਼ਾਨਦਾਰ ਪ੍ਰਬੰਧਨ ਸਦਕਾ ਹੀ ਸੰਸਥਾ ਲਗਾਤਾਰ ਨਵੀਆਂ ਮੰਜ਼ਿਲਾਂ ਹਾਸਲ ਕਰ ਰਹੀ ਹੈ। ਉਨ੍ਹਾਂ ਸਾਰਿਆਂ ਦੇ ਸਮਰਪਣ ਅਤੇ ਕਾਰਜਸ਼ੈਲੀ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ। ਇਸ ਤਿਉਹਾਰੀ ਸੀਜ਼ਨ ਵਿੱਚ ਖੁਸ਼ੀ ਦੇ ਮਾਹੌਲ ਦੇ ਵਿਚਕਾਰ ਜਿਤੇਂਦਰ ਅਹਲਾਵਤ ਨੇ ਵਿਦਿਆਰਥੀ ਪ੍ਰਬੰਧਨ ਟੀਮ, ਅਧਿਆਪਕਾਂ ਅਤੇ ਸਾਰੇ ਹਾਜ਼ਰ ਸਟਾਫ ਮੈਂਬਰਾਂ ਨੂੰ ਦੀਵਾਲੀ ਦੇ ਵਿਸ਼ੇਸ਼ ਤੋਹਫ਼ੇ ਅਤੇ ਮਿਠਾਈਆਂ ਵੰਡੀਆਂ। ਇਸ ਖਾਸ ਮੌਕੇ 'ਤੇ ਜੇਨੇਸਿਸ ਕਲਾਸਿਜ਼ ਦੇ ਕਰਨਾਲ, ਕੈਥਲ ਅਤੇ ਕੁਰੂਕਸ਼ੇਤਰ ਸੈਂਟਰਾਂ ਦੇ ਨਾਲ-ਨਾਲ ਕਰਨਾਲ ਇੰਟਰਨੈਸ਼ਨਲ ਸਕੂਲ ਦਾ ਪੂਰਾ ਸਟਾਫ ਵੀ ਮੌਜੂਦ ਰਿਹਾ। ਪ੍ਰੋਗਰਾਮ ਵਿੱਚ ਮੌਜੂਦ ਸਾਰੇ ਮੈਂਬਰਾਂ ਨੇ ਇੱਕ-ਦੂਜੇ ਨੂੰ ਦੀਵਾਲੀ ਦੀ ਵਧਾਈ ਦਿੱਤੀ ਅਤੇ ਇਸ ਸਨਮਾਨ ਅਤੇ ਸ਼ਲਾਘਾ ਲਈ ਸੰਸਥਾ ਦੇ ਪ੍ਰਬੰਧਨ ਦਾ ਧੰਨਵਾਦ ਕੀਤਾ।

ਸ.ਫ਼ਾ 1 ਦਾ ਬਾਕੀ...

ਪੰਜਾਬ 'ਚ ਸਵਾਰੀਆਂ...

ਦੌਰਾਨ ਰੇਲਵੇ ਦੀ ਸਭ ਤੋਂ ਪਹਿਲੀ ਤਰਜੀਹ ਯਾਤਰੀਆਂ ਦੀ ਜਾਨ ਦੀ ਰਾਖੀ ਕਰਨਾ, ਉਨ੍ਹਾਂ ਨੂੰ ਸਮੇਂ ਸਿਰ ਮੁੱਢਲੀ ਰਾਹਤ ਮੁਹੱਈਆ ਕਰਵਾਉਣਾ ਅਤੇ ਮੰਜ਼ਿਲ ਤੱਕ ਉਨ੍ਹਾਂ ਦੀ ਸੁਰੱਖਿਅਤ ਯਾਤਰਾ ਨੂੰ ਯਕੀਨੀ ਬਣਾਉਣਾ ਸੀ, ਜਿਸ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹ ਲਿਆ ਗਿਆ ਹੈ।

ਪੰਜਾਬ ਤੇ ਹਰਿਆਣਾ...

ਗਿਆ ਸੀ, ਜਦੋਂ ਕਿ ਪੰਜਾਬ ਅਤੇ ਹਰਿਆਣਾ ਦਾ ਹਿੱਸਾ ਕ੍ਰਮਵਾਰ 51.80 ਫ਼ੀਸਦੀ ਅਤੇ 37.51 ਫ਼ੀਸਦੀ ਤੈਅ ਕੀਤਾ ਗਿਆ ਸੀ। ਰਾਜਸਥਾਨ ਦਾ ਹਿੱਸਾ ਕਾਫ਼ੀ ਹੱਦ ਤੱਕ ਅਪ੍ਰਭਾਵਿਤ ਰਿਹਾ, ਜਦੋਂ ਕਿ ਚੰਡੀਗੜ੍ਹ ਦਾ ਹਿੱਸਾ 3.50 ਫ਼ੀਸਦੀ ਤੈਅ ਕੀਤਾ ਗਿਆ ਸੀ। 2011 ਦੇ ਫ਼ੈਸਲੇ ਅਨੁਸਾਰ, ਹਿਮਾਚਲ ਨੂੰ 1 ਨਵੰਬਰ 1966 ਤੋਂ ਭਾਖੜਾ ਪ੍ਰਾਜੈਕਟ, ਨਵੰਬਰ 1977 ਤੋਂ ਡੇਹਰ ਪ੍ਰਾਜੈਕਟ ਅਤੇ ਜਨਵਰੀ 1978 ਤੋਂ ਪੌਂਗ ਡੈਮ ਪ੍ਰਾਜੈਕਟ ਵਿੱਚੋਂ ਹਿੱਸਾ ਮਿਲਣਾ ਸੀ।

ਪਟਨਾ ਵਿਚ 20...

ਮੌਕਾ ਨਹੀਂ ਮਿਲਿਆ ਅਤੇ ਉਨ੍ਹਾਂ ਨੂੰ ਬਚਾਅ ਦੀ ਸਥਿਤੀ ਲੈਣੀ ਪਈ। ਜਵਾਬ ਵਿੱਚ, ਪੁਲਿਸ ਨੇ 18 ਗੋਲੀਆਂ ਚਲਾਈਆਂ। ਦੋਵਾਂ ਪਾਸਿਆਂ ਤੋਂ ਲਗਾਤਾਰ ਹੋਈ ਗੋਲੀਬਾਰੀ ਦੇ ਵਿਚਕਾਰ, ਪੁਲਿਸ ਅਪਰਾਧੀਆਂ ਨੂੰ ਘੇਰਨ ਵਿੱਚ ਕਾਮਯਾਬ ਰਹੀ। ਇਸ ਤੋਂ ਬਾਅਦ ਹੋਈ ਜਵਾਬੀ ਕਾਰਵਾਈ ਵਿੱਚ, ਤਿੰਨੋਂ ਅਪਰਾਧੀ ਗੋਲੀਆਂ ਲੱਗਣ ਕਾਰਨ ਜ਼ਖ਼ਮੀ ਹੋ ਗਏ। ਇਸ ਮੁਕਾਬਲੇ ਦੌਰਾਨ, ਮਨੇਰ ਥਾਣੇ ਦੇ ਸਟੇਸ਼ਨ ਹਾਊਸ ਅਫ਼ਸਰ ਰਜਨੀਸ਼ ਕੁਮਾਰ ਦੇ ਹੱਥ 'ਤੇ ਵੀ ਗੋਲੀ ਲੱਗ ਗਈ।

ਬੈਂਗਲੁਰੂ 'ਚ ਕੈਬ...

ਕਿਸੇ ਯਾਤਰਾ 'ਤੇ ਗਈ ਹੈ।

ਅਗਲੇ ਦਿਨ, ਉਸ ਨੇ ਪਾਰਟੀ ਦੇ ਬਹਾਨੇ ਆਪਣੇ ਦੋ ਸਾਲਿਆਂ, ਸ਼ਿਵਕੁਮਾਰ ਅਤੇ ਸ਼ੰਕਰ, ਨੂੰ ਆਪਣੇ ਘਰ ਬੁਲਾਇਆ ਅਤੇ ਉਨ੍ਹਾਂ ਦਾ ਕਤਲ ਕਰ ਦਿੱਤਾ। ਇਸ ਤੋਂ ਬਾਅਦ, ਉਸ ਨੇ ਉਨ੍ਹਾਂ ਦੀਆਂ ਪਤਨੀਆਂ—ਦਿਵਿਆ ਅਤੇ ਨਲਿਨੀ—ਨਾਲ ਹੀ ਆਪਣੀ ਸੱਸ ਰੂਪਾਵਤੀ ਅਤੇ ਸ਼ਿਵਕੁਮਾਰ ਦੇ 7 ਸਾਲਾ ਪੁੱਤਰ ਪੁਨੀਤ ਨੂੰ ਵੀ ਮਾਰ ਦਿੱਤਾ। ਇਹ ਮਾਮਲਾ ਵੀਰਵਾਰ ਨੂੰ ਸਾਹਮਣੇ ਆਇਆ, ਜਦੋਂ ਨਲਿਨੀ ਦੀ ਮਾਂ ਨੇ ਉਸ ਦੇ ਲਾਪਤਾ ਹੋਣ ਸਬੰਧੀ ਸ੍ਰੀਰਾਮਪੁਰਾ ਥਾਣੇ ਵਿੱਚ ਸ਼ਿਕਾਇਤ ਦਰਜ ਕਰਵਾਈ। ਜਾਂਚ ਦੌਰਾਨ, ਪੁਲਿਸ ਨੇ ਇੱਕ ਸਮੂਹਿਕ ਕਤਲ ਦਾ ਖੁਲਾਸਾ ਕੀਤਾ ਅਤੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ।

ਆਪਣੇ ਹੀ ਖੇਤਾਂ...

ਅਧਿਕਾਰਤ ਜਾਣਕਾਰੀ ਪੋਸਟਮਾਰਟਮ ਤੋਂ ਬਾਅਦ ਦਿੱਤੀ ਜਾਵੇਗੀ। ਜ਼ਿਕਰਯੋਗ ਹੈ ਕਿ ਨਸ਼ੀਲੀਆਂ ਦਵਾਈਆਂ ਦੀ ਕਥਿਤ ਵਿਕਰੀ ਨੂੰ ਲੈ ਕੇ ਮਾਨਸਾ ਸ਼ਹਿਰ ਦੇ ਇੱਕ ਮੈਡੀਕਲ ਸਟੋਰ 'ਚ ਹੋਈ ਝੜਪ ਤੋਂ ਬਾਅਦ 13 ਅਕਤੂਬਰ ਨੂੰ ਝੋਟਾ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਉਨ੍ਹਾਂ ਦੀ ਮ੍ਰਿਤਕ ਦੇਹ, ਜੋ ਧਰਨਿਆਂ ਅਤੇ ਸੂਬਾ ਸਰਕਾਰ ਨਾਲ ਬਣੇ ਤਣਾਅ ਦੇ ਵਿਚਕਾਰ 24 ਦਿਨਾਂ ਤੱਕ ਮਾਨਸਾ ਦੇ ਸਿਵਲ ਹਸਪਤਾਲ ਦੇ ਮੁਰਦਾਘਰ ਵਿੱਚ ਰਹੀ ਸੀ, ਨੂੰ ਵੀਰਵਾਰ ਦੇਰ ਰਾਤ ਪੋਸਟਮਾਰਟਮ ਲਈ ਪੀ.ਜੀ.ਆਈ.ਐੱਮ.ਈ.ਆਰ. ਭੇਜ ਦਿੱਤਾ ਗਿਆ ਸੀ।

'ਈ20 ਪੈਟਰੋਲ ਵਿੱਚ...

ਆਈ.ਓ.ਸੀ.ਐਲ. ਅਤੇ ਬੀ.ਪੀ.ਸੀ.ਐਲ. ਦੀਆਂ ਆਪਣੀਆਂ ਲੈਬਾਰਟਰੀਆਂ ਵਿੱਚ ਭੇਜਿਆ ਗਿਆ ਸੀ, ਪਰ ਉਨ੍ਹਾਂ ਦੀਆਂ ਰਿਪੋਰਟਾਂ ਵਿੱਚ ਐਥਨੌਲ ਦੀ ਮਾਤਰਾ ਦਾ ਕੋਈ ਜ਼ਿਕਰ ਨਹੀਂ ਸੀ, ਜਦਕਿ ਇਹ ਜਾਂਚ ਦੇ ਨਿਰਧਾਰਤ ਮਾਪਦੰਡਾਂ ਵਿੱਚੋਂ ਇੱਕ ਹੈ। ਇਸ ਨਾਲ ਪਾਰਦਰਸ਼ਤਾ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਹੁੰਦੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਵਿਭਾਗ ਨੇ ਇਨ੍ਹਾਂ ਹੀ ਨਮੂਨਿਆਂ ਦੀ ਜਾਂਚ ਨੈਸ਼ਨਲ ਐਕ੍ਰੀਡਿਟੇਸ਼ਨ ਬੋਰਡ ਫਾਰ ਟੈਸਟਿੰਗ ਐਂਡ ਕੈਲੀਬ੍ਰੇਸ਼ਨ ਲੈਬਾਰਟਰੀਜ਼ ਅਤੇ ਇੰਟਰਨੈਸ਼ਨਲ ਆਰਗੇਨਾਈਜ਼ੇਸ਼ਨ ਫਾਰ ਸਟੈਂਡਰਡਾਈਜ਼ੇਸ਼ਨ ਤੋਂ ਮਾਨਤਾ ਪ੍ਰਾਪਤ ਲੈਬਾਰਟਰੀਆਂ ਵਿੱਚ ਕਰਵਾਈ। ਇਨ੍ਹਾਂ ਰਿਪੋਰਟਾਂ ਤੋਂ ਪਤਾ ਲੱਗਾ ਹੈ ਕਿ ਪੈਟਰੋਲ ਵਿੱਚ ਐਥਨੌਲ ਦੀ ਮਾਤਰਾ ਨਿਰਧਾਰਤ ਸੀਮਾ ਤੋਂ ਵੱਧ ਹੈ।

ਦਿੱਲੀ ਹਵਾਈ ਅੱਡਾ...

ਰੋਕਿਆ ਸੀ। ਸਾਮਾਨ ਦੀ ਐਕਸ-ਰੇ ਸਕ੍ਰੀਨਿੰਗ ਲਈ ਉਸ ਨੂੰ ਗ੍ਰੀਨ ਚੈਨਲ 'ਤੇ ਲਿਜਾਇਆ ਗਿਆ। ਸਖ਼ਤੀ ਨਾਲ ਪੁੱਛਗਿੱਛ ਦੌਰਾਨ ਯਾਤਰੀ ਨੇ ਖੁਲਾਸਾ ਕੀਤਾ ਕਿ ਉਸ ਨੇ ਆਪਣੇ ਸਰੀਰ ਦੇ ਅੰਦਰ ਨਸ਼ੀਲੇ ਪਦਾਰਥ ਲੁਕਾਏ ਹੋਏ ਹਨ। ਅਦਾਲਤ ਦੇ ਹੁਕਮਾਂ ਤੋਂ ਬਾਅਦ ਉਸ ਨੂੰ ਡਾਕਟਰੀ ਦੇਖਰੇਖ ਹੇਠ ਸਫ਼ਦਰਜੰਗ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ, ਜਿੱਥੇ ਦੋ ਗੇੜਾਂ ਵਿੱਚ ਇਹ ਕੈਪਸੂਲ ਬਾਹਰ ਕੱਢੇ ਗਏ। ਪਹਿਲਾਂ 36 ਕੈਪਸੂਲ ਬਰਾਮਦ ਹੋਏ ਸਨ ਅਤੇ ਬਾਅਦ ਵਿੱਚ 34 ਹੋਰ ਕੈਪਸੂਲ ਕੱਢੇ ਗਏ, ਜਿਸ ਨਾਲ ਕੁੱਲ ਗਿਣਤੀ 70 ਹੋ ਗਈ।

11 ਲੋਕਾਂ ਦੀ...

ਸ਼ਾਮਲ ਸਨ। ਇਹ ਅੰਕੜੇ ਪੰਜਾਬ ਵਿੱਚ 'ਰੈਸਕਿਊ 1122' ਦੇ ਜ਼ਿਲ੍ਹਾ ਪੱਧਰੀ ਐਮਰਜੈਂਸੀ ਕਾਰਜਾਂ ਦੀ ਮਾਸਿਕ ਸਮੀਖਿਆ ਦੌਰਾਨ ਸਾਂਝੇ ਕੀਤੇ ਗਏ। ਪਾਕਿਸਤਾਨੀ ਅਖ਼ਬਾਰ ਦੀ ਰਿਪੋਰਟ ਮੁਤਾਬਕ, ਵਿਭਾਗ ਨੇ ਦੱਸਿਆ ਕਿ ਅਕਤੂਬਰ ਦੌਰਾਨ ਬਚਾਅ ਟੀਮਾਂ ਨੇ 231,056 ਐਮਰਜੈਂਸੀ ਮੌਕਿਆਂ 'ਤੇ ਕਾਰਵਾਈ ਕੀਤੀ ਅਤੇ 233,210 ਲੋਕਾਂ ਦੀ ਜਾਨ ਬਚਾਈ। ਇਨ੍ਹਾਂ ਘਟਨਾਵਾਂ ਵਿੱਚ ਸੜਕ ਹਾਦਸੇ, ਅੱਗ ਲੱਗਣ ਦੀਆਂ ਘਟਨਾਵਾਂ, ਡਾਕਟਰੀ ਐਮਰਜੈਂਸੀ, ਡੁੱਬਣ ਦੇ ਮਾਮਲੇ ਅਤੇ ਹੋਰ ਬਚਾਅ ਕਾਰਜ ਸ਼ਾਮਲ ਸਨ। ਵਿਭਾਗ ਅਨੁਸਾਰ, ਅਕਤੂਬਰ ਵਿੱਚ ਪੰਜਾਬ ਵਿੱਚ ਅੱਗ ਲੱਗਣ ਦੀਆਂ 1,726 ਘਟਨਾਵਾਂ ਅਤੇ ਡੁੱਬਣ ਦੇ 94 ਮਾਮਲੇ ਸਾਹਮਣੇ ਆਏ। ਪੰਜਾਬ ਵਿੱਚ ਸੜਕ ਹਾਦਸਿਆਂ ਦੀ ਸਭ ਤੋਂ ਵੱਧ ਗਿਣਤੀ ਲਾਹੌਰ ਵਿੱਚ ਦਰਜ ਕੀਤੀ ਗਈ, ਜਿੱਥੇ 7,874 ਹਾਦਸਿਆਂ ਵਿੱਚ ਮੋਟਰਸਾਈਕਲ ਸ਼ਾਮਲ ਸਨ। ਮੁਲਤਾਨ ਵਿੱਚ 3,312 ਮੋਟਰਸਾਈਕਲਾਂ ਨਾਲ ਜੁੜੇ 2,838 ਹਾਦਸੇ ਵਾਪਰੇ, ਜਦਕਿ ਫੈਸਲਾਬਾਦ ਵਿੱਚ 2,89 ਗੁਜਰਾਂਵਾਲਾ ਵਿੱਚ 2,250 ਮੋਟਰਸਾਈਕਲਾਂ ਨਾਲ ਜੁੜੇ 2,092 ਹਾਦਸੇ ਦਰਜ ਕੀਤੇ ਗਏ; ਇਸ ਤੋਂ ਬਾਅਦ ਸ਼ੇਖੂਪੁਰਾ ਦਾ ਨੰਬਰ ਆਉਂਦਾ ਹੈ, ਜਿੱਥੇ 1,706 ਮੋਟਰਸਾਈਕਲਾਂ ਨਾਲ ਜੁੜੇ 1,714 ਸੜਕ ਹਾਦਸੇ ਦਰਜ ਹੋਏ। ਤੌਂਸਾ ਸ਼ਰੀਫ਼ ਵਿੱਚ 160 ਮੋਟਰਸਾਈਕਲਾਂ ਨਾਲ ਜੁੜੇ 142 ਹਾਦਸੇ ਸਾਹਮਣੇ ਆਏ।

ਝਾਰਖੰਡ ਵਿਚ ਟਰੱਕ...

ਵਾਲੀ ਥਾਂ ਦੇਖਣ ਲਈ ਕਰਰਾ-ਤੋਰਪਾ ਮੁੱਖ ਸੜਕ 'ਤੇ ਇਕੱਠੇ ਹੋ ਗਏ। ਉਨ੍ਹਾਂ ਨੂੰ ਇਹ ਅੰਦਾਜ਼ਾ ਵੀ ਨਹੀਂ ਸੀ ਕਿ ਥੋੜ੍ਹੀ ਦੇਰ ਬਾਅਦ ਉਸੇ ਥਾਂ 'ਤੇ ਇੱਕ ਹੋਰ ਵੱਡਾ ਹਾਦਸਾ ਵਾਪਰਨ ਵਾਲਾ ਹੈ।

ਇਸੇ ਦੌਰਾਨ, ਤੋਰਪਾ ਵੱਲੋਂ ਆ ਰਿਹਾ ਇੱਕ ਤੇਜ਼ ਰਫ਼ਤਾਰ ਟਰੱਕ ਅਚਾਨਕ ਬੇਕਾਬੂ ਹੋ ਗਿਆ। ਸੜਕ 'ਤੇ ਮੌਜੂਦ ਲੋਕਾਂ ਨੂੰ ਸੰਭਲਣ ਦਾ ਮੌਕਾ ਦਿੱਤੇ ਬਿਨਾਂ ਹੀ, ਟਰੱਕ ਉਨ੍ਹਾਂ ਦੇ ਉੱਪਰ ਚੜ੍ਹ ਗਿਆ। ਕਈ ਲੋਕ ਇਸ ਵਾਹਨ ਦੀ ਲਪੇਟ ਵਿੱਚ ਆ ਗਏ; ਦੱਸਿਆ ਜਾ ਰਿਹਾ ਹੈ ਕਿ ਟਰੱਕ ਨੇ ਇੱਕ ਤੋਂ ਬਾਅਦ ਇੱਕ ਕਰਕੇ ਲਗਭਗ ਅੱਠ ਤੋਂ ਨੌਂ ਵਿਅਕਤੀਆਂ ਨੂੰ ਦਰੜ ਦਿੱਤਾ।

ਟਰੱਕ ਲੋਕਾਂ ਨੂੰ ਕੁਚਲਣ ਤੋਂ ਬਾਅਦ ਵੀ ਨਹੀਂ ਰੁਕਿਆ। ਬੇਕਾਬੂ ਹੋਇਆ ਵਾਹਨ ਸੜਕ ਦੇ ਕਿਨਾਰੇ ਬਣੀ ਇੱਕ ਪੁਲੀ ਨੂੰ ਤੋੜਦਾ ਹੋਇਆ ਨੇੜਲੇ ਖੱਡੇ ਵਿੱਚ ਜਾ ਡਿੱਗਿਆ। ਹਾਦਸੇ ਤੋਂ ਬਾਅਦ ਮੌਕੇ 'ਤੇ ਹਫੜਾ-ਦਫੜੀ ਮੱਚ ਗਈ; ਆਸ-ਪਾਸ ਮੌਜੂਦ ਲੋਕ ਤੁਰੰਤ ਉੱਥੇ ਪਹੁੰਚੇ ਅਤੇ ਜ਼ਖ਼ਮੀਆਂ ਨੂੰ ਬਾਹਰ ਕੱਢਣ ਵਿੱਚ ਜੁੱਟ ਗਏ। ਭਿਆਨਕ ਹਾਦਸੇ ਵਿੱਚ ਹੁਣ ਤੱਕ ਸੱਤ ਮੌਤਾਂ ਦੀ ਪੁਸ਼ਟੀ ਹੋ ਚੁੱਕੀ ਹੈ। ਮਰਨ ਵਾਲਿਆਂ ਵਿੱਚ ਲਗਭਗ 10 ਮਹੀਨਿਆਂ ਦਾ ਇੱਕ ਬੱਚਾ ਵੀ ਸ਼ਾਮਲ ਹੈ। ਮੁੱਢਲੀ ਜਾਣਕਾਰੀ ਅਨੁਸਾਰ, ਹਾਦਸੇ ਵਿੱਚ ਜਾਨ ਗੁਆਉਣ ਵਾਲੇ ਸਾਰੇ ਲੋਕ ਇੱਕੋ ਪਰਿਵਾਰ ਦੇ ਦੱਸੇ ਜਾ ਰਹੇ ਹਨ।

ਕਾਊਂਟਰ ਇੰਟੈਲੀਜੈਂਸ ਵੱਲੋਂ...

ਉਹ ਅੱਗੇ ਆਪਣੇ ਕਾਰਕੁਨਾਂ ਰਾਹੀਂ ਹੋਰ ਧਿਰਾਂ ਨੂੰ ਸਪਲਾਈ ਕਰਦਾ ਸੀ। ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਕਿ ਸੀ ਆਈ ਅੰਮ੍ਰਿਤਸਰ ਨੂੰ ਪੁਖ਼ਤਾ ਸੂਹ ਮਿਲੀ ਸੀ ਕਿ ਵਿਦੇਸ਼ ਬੈਠੇ ਹੈਂਡਲਰ ਦੇ ਚਾਰ ਸਾਥੀਆਂ ਨੇ ਲੋਪੋਕੇ ਸਰਹੱਦੀ ਖੇਤਰ ਤੋਂ ਡਰੋਨ ਰਾਹੀਂ ਸੁੱਟੀ ਗਈ ਹੈਰੋਇਨ ਦੀ ਵੱਡੀ ਖੇਪ ਪ੍ਰਾਪਤ ਕੀਤੀ ਹੈ ਅਤੇ ਉਹ ਇਹ ਖੇਪ ਅੰਮ੍ਰਿਤਸਰ-ਲੋਪੋਕੇ ਰੋਡ 'ਤੇ ਕਿਸੇ ਹੋਰ ਪਾਰਟੀ ਨੂੰ ਸੌਂਪਣ ਜਾ ਰਹੇ ਹਨ। ਪੁਲੀਸ ਟੀਮਾਂ ਨੇ ਤੁਰੰਤ ਕਾਰਵਾਈ ਕਰਦਿਆਂ ਛਾਪੇਮਾਰੀ ਕੀਤੀ ਅਤੇ ਹਾਈਵੇਅ ਪੁਲ ਨੇੜੇ ਸਾਹਿਲ ਸਿੰਘ, ਪਰਮਜੀਤ ਸਿੰਘ, ਕਮਲਪਾਲ ਸਿੰਘ ਅਤੇ ਉਨ੍ਹਾਂ ਦੇ ਚੌਥੇ ਨਾਬਾਲਗ ਸਾਥੀ ਨੂੰ 36 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰ ਲਿਆ। ਇਸ ਦੇ ਨਾਲ ਹੀ ਪੁਲੀਸ ਨੇ ਉਨ੍ਹਾਂ ਦੇ ਦੋ ਮੋਟਰਸਾਈਕਲ ਵੀ ਜ਼ਬਤ ਕਰ ਲਏ।

ਸੈਂਸੈਕਸ 1,404 ਅੰਕ...

ਅਨੁਸਾਰ, ਬੁੱਧਵਾਰ ਨੂੰ ਵਿਦੇਸ਼ੀ ਸੰਸਥਾਗਤ ਨਿਵੇਸ਼ਕਾਂ ਨੇ 7,284.03 ਕਰੋੜ ਰੁਪਏ ਦੇ ਸ਼ੇਅਰ ਖਰੀਦੇ। ਏਸ਼ੀਆਈ ਬਾਜ਼ਾਰਾਂ ਵਿੱਚ, ਦੱਖਣੀ ਕੋਰੀਆ ਦਾ ਕੋਸਪੀ ਅਤੇ ਜਾਪਾਨ ਦਾ ਨਿੱਕੇਈ 225 ਸੂਚਕਾਂਕ ਗਿਰਾਵਟ ਨਾਲ ਕਾਰੋਬਾਰ ਕਰ ਰਹੇ ਸਨ, ਜਦਕਿ ਚੀਨ ਦਾ SSE ਕੰਪੋਜ਼ਿਟ ਅਤੇ ਹਾਂਗਕਾਂਗ ਦਾ ਹੈਂਗ ਸੇਂਗ ਸੂਚਕਾਂਕ ਵਾਧੇ (ਹਰੇ ਨਿਸ਼ਾਨ) ਨਾਲ ਕਾਰੋਬਾਰ ਕਰ ਰਹੇ ਸਨ। ਅਮਰੀਕੀ ਸ਼ੇਅਰ ਬਾਜ਼ਾਰ ਬੁੱਧਵਾਰ ਨੂੰ ਭਾਰੀ ਵਾਧੇ ਨਾਲ ਬੰਦ ਹੋਏ। ਡਾਓ ਜੋਨਸ ਇੰਡਸਟਰੀਅਲ ਐਵਰੇਜ ਵਿੱਚ 3.03 ਫੀਸਦੀ, S&P 500 ਵਿੱਚ 1.58 ਫੀਸਦੀ ਅਤੇ ਨੈਸਡੈਕ ਕੰਪੋਜ਼ਿਟ ਵਿੱਚ 1.44 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ। ਬੁੱਧਵਾਰ ਨੂੰ ਸੈਂਸੈਕਸ 383.55 ਅੰਕ ਵਧ ਕੇ 77,301.40 'ਤੇ ਬੰਦ ਹੋਇਆ ਸੀ, ਜਦਕਿ ਨਿਫਟੀ 149.75 ਅੰਕਾਂ ਦੇ ਵਾਧੇ ਨਾਲ 23,960.60 'ਤੇ ਬੰਦ ਹੋਇਆ ਸੀ। ਵੀਰਵਾਰ ਨੂੰ ਕਾਰੋਬਾਰ ਦੀ ਸ਼ੁਰੂਆਤ ਵਿੱਚ, ਅੰਤਰਰਾਸ਼ਟਰੀ ਬਾਜ਼ਾਰ ਵਿੱਚ ਅਮਰੀਕੀ ਮੁਦਰਾ ਦੀ ਵਿਆਪਕ ਮਜ਼ਬੂਤੀ ਦੇ ਦਬਾਅ ਕਾਰਨ, ਅਮਰੀਕੀ ਡਾਲਰ ਦੇ ਮੁਕਾਬਲੇ ਰੁਪਿਆ 9 ਪੈਸੇ ਡਿੱਗ ਕੇ 94.55 'ਤੇ ਆ ਗਿਆ। ਵਿਦੇਸ਼ੀ ਮੁਦਰਾ ਕਾਰੋਬਾਰੀਆਂ ਨੇ ਦੱਸਿਆ ਕਿ ਘਰੇਲੂ ਸ਼ੇਅਰ ਬਾਜ਼ਾਰ ਵਿੱਚ ਆਈ ਤੇਜ਼ੀ ਅਤੇ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਨਰਮੀ ਦੇ ਸਹਾਰੇ, ਰੁਪਏ ਨੂੰ ਹੇਠਲੇ ਪੱਧਰਾਂ 'ਤੇ ਕੁਝ ਸਹਾਰਾ ਮਿਲਿਆ।

ਭਾਜਪਾ ਈ.ਡੀ...

ਬਣਾਉਣ, ਵਿਰੋਧੀ ਆਗੂਆਂ ਨੂੰ ਡਰਾਉਣ, ਫਸਾਉਣ ਅਤੇ ਸਿਆਸੀ ਪਾਰਟੀਆਂ ਨੂੰ ਬਦਨਾਮ ਕਰਨ ਲਈ ਕੀਤੀ ਜਾ ਰਹੀ ਹੈ। ਇਸ ਦਾ ਮਕਸਦ ਲੋਕਤੰਤਰੀ ਢੰਗ ਨਾਲ ਚੁਣੀਆਂ ਗਈਆਂ ਸਰਕਾਰਾਂ ਨੂੰ ਕਮਜ਼ੋਰ ਕਰਨਾ ਅਤੇ ਲੋਕਤੰਤਰੀ ਪ੍ਰਕਿਰਿਆ ਨੂੰ ਢਾਹ ਲਾਉਣਾ ਹੈ।

ਪਿਛਲੇ ਪੰਜ ਸਾਲਾਂ ਦੌਰਾਨ ਵਿਧਾਇਕ ਵਜੋਂ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਕੀਤੇ ਗਏ ਸਮਰਪਿਤ ਕੰਮਾਂ ਦੀ ਸ਼ਲਾਘਾ ਕਰਦਿਆਂ ਆਪ ਦੇ ਸੀਨੀਅਰ ਆਗੂ ਨੇ ਕਿਹਾ, "ਡਾ. ਅਮਨਦੀਪ ਕੌਰ ਅਰੋੜਾ ਨੇ ਲਗਾਤਾਰ ਔਰਤਾਂ, ਵਿਦਿਆਰਥੀਆਂ, ਸਿਹਤ ਸੇਵਾਵਾਂ ਅਤੇ ਪੰਜਾਬ ਦੇ ਲੋਕਾਂ ਦੀ ਭਲਾਈ ਨਾਲ ਜੁੜੇ ਮੁੱਦੇ ਉਠਾਏ ਹਨ ਅਤੇ ਉਨ੍ਹਾਂ ਦਾ ਹੱਲ ਕੀਤਾ ਹੈ। ਉਨ੍ਹਾਂ ਦੀਆਂ ਸਮਾਜ ਸੇਵਾ ਦੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਕਰਨ ਦੀ ਬਜਾਏ ਭਾਜਪਾ ਕੇਂਦਰੀ ਏਜੰਸੀਆਂ ਰਾਹੀਂ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਲਗਾਤਾਰ ਪਰੇਸ਼ਾਨ ਕਰ ਰਹੀ ਹੈ।

ਸੀ.ਬੀ.ਐੱਸ.ਈ. ਦੀਆਂ...

ਲਈ ਪੰਜ ਵਿਸ਼ੇ ਪਾਸ ਕਰਨੇ ਲਾਜ਼ਮੀ ਹੋਣਗੇ ਪਰ ਉਨ੍ਹਾਂ ਨੂੰ ਇੱਕ ਵਾਧੂ ਸਕਿੱਲ (ਹੁਨਰ) ਵਿਸ਼ਾ ਚੁਣਨ ਦਾ ਮੌਕਾ ਵੀ ਮਿਲੇਗਾ। ਇਸ ਦਾ ਫਾਇਦਾ ਇਹ ਹੋਵੇਗਾ ਕਿ ਜੇਕਰ ਕੋਈ ਵਿਦਿਆਰਥੀ ਗਣਿਤ, ਵਿਗਿਆਨ ਜਾਂ ਸਮਾਜਿਕ ਵਿਗਿਆਨ ਵਿੱਚੋਂ ਕਿਸੇ ਇੱਕ ਵਿੱਚ ਫੇਲ੍ਹ ਹੋ ਜਾਂਦਾ ਹੈ ਤਾਂ ਇਹ ਵਾਧੂ ਹੁਨਰ ਵਿਸ਼ਾ ਉਸ ਨੂੰ ਪਾਸ ਕਰਵਾਉਣ ਵਿੱਚ ਮਦਦ ਕਰ ਸਕਦਾ ਹੈ। ਬੋਰਡ ਨੇ ਸਪਸ਼ਟ ਕੀਤਾ ਹੈ ਕਿ ਨਵੇਂ ਸਿਲੇਬਸ ਵਿੱਚ ਕੁਝ ਨਵੇਂ ਵਿਸ਼ੇ ਇੰਟਰ-ਡਿਸਿਪਲਿਨਰੀ ਏਰੀਆ ਅਤੇ ਸੀ ਟੀ ਤੇ ਏ ਆਈ ਮਾਡਿਊਲ ਫਿਲਹਾਲ ਸ਼ਾਮਲ ਨਹੀਂ ਕੀਤੇ ਜਾਣਗੇ। ਇਹ ਨਵੇਂ ਨਿਯਮ ਸਿਰਫ਼ ਉਨ੍ਹਾਂ ਵਿਦਿਆਰਥੀਆਂ 'ਤੇ ਲਾਗੂ ਹੋਣਗੇ ਜੋ ਸਾਲ 2026-27 ਵਿੱਚ ਨੌਵੀਂ ਜਮਾਤ ਵਿੱਚ ਹੋਣਗੇ ਅਤੇ 2028 ਵਿੱਚ 10ਵੀਂ ਦੀ ਬੋਰਡ ਪ੍ਰੀਖਿਆ ਦੇਣਗੇ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਰਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

"ਭਾਰਤ ਵਿੱਚ ਸਮਾਵੇਸ਼ੀ ਅਤੇ ਟਿਕਾਊ ਪੇਂਡੂ ਵਿਕਾਸ: ਸਮਾਜਿਕ-ਆਰਥਿਕ ਚੁਣੌਤੀਆਂ ਅਤੇ ਸੰਭਾਵੀ ਰਾਹ" ਵਿਸ਼ੇ 'ਤੇ ਆਧਾਰਿਤ ਕਾਨਫਰੰਸ ਦਾ ਆਯੋਜਨ ਕੀਤਾ ਗਿਆ



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਇਸ ਕਾਨਫਰੰਸ ਨੇ ਭਾਰਤ ਵਿੱਚ ਪੇਂਡੂ ਵਿਕਾਸ ਨਾਲ ਜੁੜੀਆਂ ਉੱਭਰ ਰਹੀਆਂ ਚੁਣੌਤੀਆਂ ਅਤੇ ਟਿਕਾਊ ਵਿਕਾਸ ਦੇ ਸੰਭਾਵੀ ਮਾਰਗਾਂ ਬਾਰੇ ਵਿਚਾਰ-ਵਟਾਂਦਰਾ ਕਰਨ ਲਈ ਖੋਜਕਰਤਾਵਾਂ, ਅਕਾਦਮਿਕ ਮਾਹਿਰਾਂ ਅਤੇ ਨੀਤੀ-ਘਾੜਿਆਂ ਨੂੰ ਇੱਕ ਅਕਾਦਮਿਕ ਮੰਚ ਪ੍ਰਦਾਨ ਕੀਤਾ।

ਉਦਘਾਟਨੀ ਸੈਸ਼ਨ ਦੌਰਾਨ ਅਰਥ-ਵਿਗਿਆਨ ਵਿਭਾਗ ਦੇ ਮੁਖੀ ਅਤੇ ਕਾਨਫਰੰਸ ਦੇ ਡਾਇਰੈਕਟਰ ਪ੍ਰੋ.ਜਸਦੀਪ ਸਿੰਘ ਤੂਰ ਨੇ ਪਹੁੰਚੇ ਹੋਏ ਪਤਵੰਤੇ ਸੱਜਣਾਂ, ਅਕਾਦਮਿਕ ਮਾਹਿਰਾਂ ਅਤੇ ਖੋਜ ਪੱਤਰ ਪੇਸ਼ ਕਰਨ ਵਾਲੇ ਵਿਦਵਾਨਾਂ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਇਹ ਕਾਨਫਰੰਸ ਸਮਾਵੇਸ਼ੀ ਪੇਂਡੂ ਵਿਕਾਸ ਦੇ ਟੀਚੇ ਦੀ ਪ੍ਰਾਪਤੀ ਦੇ ਰਾਹ ਵਿੱਚ ਆਉਣ ਵਾਲੀਆਂ ਚੁਣੌਤੀਆਂ ਬਾਰੇ ਰੁਕ ਕੇ ਸੋਚਣ, ਵਿਚਾਰ ਸੁਣਨ ਅਤੇ ਸਮੂਹਿਕ ਤੌਰ 'ਤੇ ਚਿੰਤਨ ਕਰਨ ਦਾ ਇੱਕ ਮਹੱਤਵਪੂਰਨ ਮੌਕਾ ਹੈ। ਉਨ੍ਹਾਂ ਕਿਹਾ ਕਿ ਇਹ ਕਾਨਫਰੰਸ ਖੋਜਕਰਤਾਵਾਂ, ਅਕਾਦਮਿਕ ਮਾਹਿਰਾਂ, ਨੀਤੀ-ਘਾੜਿਆਂ, ਵਿਹਾਰਕ ਖੇਤਰ ਵਿੱਚ ਕੰਮ ਕਰਨ ਵਾਲਿਆਂ, ਸਿਵਲ ਸੁਸਾਇਟੀ ਸੰਸਥਾਵਾਂ ਅਤੇ ਹੋਰ ਸਬੰਧਤ ਧਿਰਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਦੀ ਹੈ, ਤਾਂ ਜੋ ਉਹ ਆਪਣੇ ਖੋਜ-ਆਧਾਰਿਤ ਤੱਥਾਂ, ਦ੍ਰਿਸ਼ਟੀਕੋਣਾਂ ਅਤੇ ਤਜਰਬਿਆਂ ਨੂੰ ਸਾਂਝਾ ਕਰ ਸਕਣ। ਇਸ ਦਾ ਉਦੇਸ਼ ਕੇਵਲ ਸਮੱਸਿਆਵਾਂ ਦੀ ਪਛਾਣ ਕਰਨਾ ਹੀ ਨਹੀਂ, ਸਗੋਂ ਉਨ੍ਹਾਂ ਦੇ ਹੱਲ ਲਈ ਯਥਾਰਥਵਾਦੀ ਅਤੇ ਨਵੀਨਤਮ ਰਾਹ ਤਲਾਸ਼ਣਾ ਵੀ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਕਾਨਫਰੰਸ ਚੁਣੌਤੀਆਂ ਬਾਰੇ ਵਿਚਾਰ-ਵਟਾਂਦਰੇ ਤੱਕ ਸੀਮਤ ਰਹਿਣ ਦੀ ਬਜਾਏ ਸੰਭਾਵਨਾਵਾਂ ਦੀ ਪੜਚੋਲ ਕਰਨ ਵਾਲੀ ਇੱਕ ਸਾਰਥਕ ਸੰਵਾਦ ਪ੍ਰਕਿਰਿਆ ਸਾਬਤ ਹੋਵੇਗੀ।

ਇਸ ਮੌਕੇ ਕਾਨਫਰੰਸ ਦੀ ਐਬਸਟਰੈਕਟ ਬੁੱਕ (ਸਾਰ-ਸੰਗ੍ਰਹਿ) ਪ੍ਰੋ. ਜਸਦੀਪ ਸਿੰਘ ਤੂਰ, ਪ੍ਰੋ. ਐੱਮ. ਐੱਸ. ਤੂਰ, ਪ੍ਰੋ. ਜਸਵਿੰਦਰ ਸਿੰਘ ਬਰਾੜ, ਡੀਨ ਅਕਾਦਮਿਕ ਮਾਮਲੇ, ਪੰਜਾਬੀ ਯੂਨੀਵਰਸਿਟੀ, ਪਟਿਆਲਾ, ਪ੍ਰੋ. ਐੱਸ. ਐੱਸ. ਚਾਹਲ, ਡਾ. ਕੇ.ਕੇ. ਚਾਹਲ, ਪ੍ਰੋ. ਰਾਕੇਸ਼ ਕੁਮਾਰ ਖੁਰਾਣਾ, ਪ੍ਰੋ. ਅਨੁਪਮਾ, ਪ੍ਰੋ. ਪਰਮੋਦ ਕੁਮਾਰ ਅਗਰਵਾਲ, ਡਾ. ਸਰਬਜੀਤ ਸਿੰਘ, ਡਾ. ਰੁਪਿੰਦਰ ਕੌਰ, ਡਾ. ਰਵਿਤਾ ਅਤੇ ਹੋਰ ਪਤਵੰਤੇ ਸੱਜਣਾਂ ਵੱਲੋਂ ਰਿਲੀਜ਼ ਕੀਤੀ ਗਈ।

ਆਪਣੇ ਮੁੱਖ ਭਾਸ਼ਣ ਦੌਰਾਨ ਪ੍ਰੋ. ਐੱਮ. ਐੱਸ. ਤੂਰ ਨੇ ਇੰਡੀਅਨ ਜਰਨਲ ਆਫ਼ ਇਕਨਾਮਿਕਸ ਐਂਡ ਡਿਵੈਲਪਮੈਂਟ ਬਾਰੇ ਚਰਚਾ ਕਰਦਿਆਂ ਸਮਕਾਲੀ ਆਰਥਿਕ ਮੁੱਦਿਆਂ ਦੇ ਹੱਲ ਲਈ ਖੋਜ ਅਤੇ ਅਕਾਦਮਿਕ ਸਰਗਰਮੀਆਂ ਦੀ ਮਹੱਤਤਾ ਨੂੰ ਉਜਾਗਰ ਕੀਤਾ। ਕਾਨਫਰੰਸ ਦੇ ਵਿਸ਼ੇ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਭਾਰਤ ਵਿੱਚ ਆਰਥਿਕ ਵਿਕਾਸ ਅਜੇ ਪੂਰੀ ਤਰ੍ਹਾਂ ਸਮਾਵੇਸ਼ੀ ਨਹੀਂ ਹੈ ਅਤੇ ਪੇਂਡੂ ਖੇਤਰ ਅਜੇ ਵੀ ਕਈ ਸਮਾਜਿਕ-ਆਰਥਿਕ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ, ਜਿਨ੍ਹਾਂ ਵੱਲ ਨੀਤੀਗਤ ਪੱਧਰ 'ਤੇ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਇਸ ਮੌਕੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਪ੍ਰੋ. ਜਸਵਿੰਦਰ ਸਿੰਘ ਬਰਾੜ ਨੇ ਪੇਂਡੂ ਵਿਕਾਸ ਦੀ ਨਿਰੰਤਰ ਪ੍ਰਸੰਗਿਕਤਾ 'ਤੇ ਜ਼ੋਰ ਦਿੰਦਿਆਂ ਪੇਂਡੂ ਖੇਤਰਾਂ ਵਿੱਚ ਮੌਜੂਦ ਅਸਮਾਨਤਾਵਾਂ ਨੂੰ ਦੂਰ ਕਰਨ ਲਈ ਠੋਸ ਅਤੇ ਪ੍ਰਭਾਵਸ਼ਾਲੀ ਦਖ਼ਲਅੰਦਾਜ਼ੀ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਜ਼ਮੀਨੀ ਸੁਧਾਰਾਂ 'ਤੇ ਮੁੜ ਵਿਚਾਰ ਕਰਨ, ਜ਼ਮੀਨ ਦੀ ਮਾਲਕੀ ਅਤੇ ਖੇਤੀ ਅਧੀਨ ਜ਼ਮੀਨ ਨਾਲ ਜੁੜੇ ਮੁੱਦਿਆਂ ਨੂੰ ਹੱਲ ਕਰਨ ਅਤੇ ਰੁਜ਼ਗਾਰ-ਰਹਿਤ ਵਿਕਾਸ ਦੀ ਚੁਣੌਤੀ ਨਾਲ ਨਜਿੱਠਣ ਦੀ ਲੋੜ ਉਜਾਗਰ ਕੀਤੀ। ਉਨ੍ਹਾਂ ਖੇਤੀਬਾੜੀ ਦੀ ਵਿਭਿੰਨਤਾ ਅਤੇ ਸਹਾਇਕ ਖੇਤੀ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ 'ਤੇ ਵੀ ਜ਼ੋਰ ਦਿੱਤਾ, ਤਾਂ ਜੋ ਧਰਤੀ ਹੇਠਲੇ ਪਾਣੀ ਦੀ ਸੰਭਾਲ ਦੇ ਨਾਲ-ਨਾਲ ਪੇਂਡੂ ਲੋਕਾਂ ਦੀ ਰੋਜ਼ੀ-ਰੋਟੀ ਨੂੰ ਵੀ ਮਜ਼ਬੂਤ ਕੀਤਾ ਜਾ ਸਕੇ। ਇਸ ਤੋਂ ਇਲਾਵਾ, ਉਨ੍ਹਾਂ ਪੇਂਡੂ ਖੇਤਰਾਂ ਵਿੱਚ ਸਿਹਤ ਸੇਵਾਵਾਂ ਦੀ ਆਸਾਨ ਉਪਲਬਧਤਾ, ਨੌਜਵਾਨ ਪੀੜ੍ਹੀ ਦੀ ਸਰਗਰਮ ਭਾਗੀਦਾਰੀ ਨਾਲ ਖੇਤੀਬਾੜੀ ਦੇ ਡਿਜੀਟਲੀਕਰਨ ਅਤੇ ਪੇਂਡੂ ਵਿਕਾਸ ਲਈ ਪਰਵਾਸੀ ਭਾਰਤੀਆਂ ਦੀ ਪੂੰਜੀ ਦੀ ਪ੍ਰਭਾਵਸ਼ਾਲੀ ਵਰਤੋਂ ਦੀ ਮਹੱਤਤਾ ਨੂੰ ਵੀ ਰੇਖਾਂਕਿਤ ਕੀਤਾ। ਅੰਤ ਵਿੱਚ ਕਾਨਫਰੰਸ ਦੇ ਪ੍ਰਬੰਧਕੀ ਸਕੱਤਰ ਡਾ. ਸਰਬਜੀਤ ਸਿੰਘ ਨੇ ਧੰਨਵਾਦ ਦਾ ਮਤਾ ਪੇਸ਼ ਕਰਦਿਆਂ ਕਿਹਾ ਕਿ ਇਸ ਕਾਨਫਰੰਸ ਵਿੱਚ ਲਗਭਗ 200 ਖੋਜ ਪੱਤਰ ਪ੍ਰਾਪਤ ਹੋਏ ਹਨ, ਜਿਨ੍ਹਾਂ ਦੀ ਪੇਸ਼ਕਾਰੀ 16 ਤਕਨੀਕੀ ਸੈਸ਼ਨਾਂ ਵਿੱਚ ਕੀਤੀ ਜਾ ਰਹੀ ਹੈ। ਇਨ੍ਹਾਂ ਸੈਸ਼ਨਾਂ ਦਾ ਉਦੇਸ਼ ਪੇਂਡੂ ਵਿਕਾਸ, ਰੋਜ਼ੀ-ਰੋਟੀ ਦੇ ਮੌਕਿਆਂ, ਸਥਿਰਤਾ ਅਤੇ ਸਮਾਵੇਸ਼ੀ ਆਰਥਿਕ ਵਿਕਾਸ ਨਾਲ ਸਬੰਧਤ ਮੁੱਦਿਆਂ 'ਤੇ ਸਾਰਥਕ ਅਕਾਦਮਿਕ ਵਿਚਾਰ-ਵਟਾਂਦਰੇ ਨੂੰ ਉਤਸ਼ਾਹਿਤ ਕਰਨਾ ਹੈ।

ਰਾਕੇਸ਼ ਕੁਮਾਰ ਜੰਡੀ ਨੂੰ ਡੀ.ਜੀ.ਪੀ. ਡਿਸਕ ਨਾਲ ਕੀਤਾ ਗਿਆ ਸਨਮਾਨਿਤ, ਭਾਜਪਾ ਆਗੂ ਵਿਜੇ ਭਾਟੀਆ ਸੰਡਰੇਵਾਲ ਨੇ ਦਿੱਤੀਆਂ ਮੁਬਾਰਕਾਂ



ਪੈ.ਗਾਮ-ਏ-ਜਗਤ/ਬਲਾਚੌਰ
6 ਨਵੰਬਰ, (ਜਤਿੰਦਰਪਾਲ ਸਿੰਘ ਕਲੇਰ)

ਪੁਲਿਸ ਵਿਭਾਗ ਵਿੱਚ ਅਨੁਸ਼ਾਸਨ ਅਤੇ ਲਗਨ ਨਾਲ ਆਪਣੀ ਡਿਊਟੀ ਨਿਭਾਉਣ ਵਾਲੇ ਰਾਕੇਸ਼ ਕੁਮਾਰ ਜੰਡੀ ਨੂੰ ਵੱਡਾ ਮਾਣ ਸਨਮਾਨ ਪ੍ਰਾਪਤ ਹੋਇਆ ਹੈ। ਉਨ੍ਹਾਂ ਨੂੰ ਸਪੈਸ਼ਲ ਡੀ ਜੀ ਪੀ ਨਰੇਸ਼ ਕੁਮਾਰ ਅਰੋੜਾ ਵੱਲੋਂ ਡੀ ਜੀ ਪੀ ਡਿਸਕ ਲਗਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦੀਆਂ ਤਸਵੀਰਾਂ ਸਾਹਮਣੇ ਆਉਂਦਿਆਂ ਹੀ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।

ਰਾਕੇਸ਼ ਕੁਮਾਰ ਜੰਡੀ ਦੀ ਇਸ ਪ੍ਰਾਪਤੀ ਤੇ ਭਾਜਪਾ ਦੇ ਸੀਨੀਅਰ ਆਗੂ ਵਿਜੇ ਭਾਟੀਆ ਸੰਡਰੇਵਾਲ ਨੇ ਉਨ੍ਹਾਂ ਨੂੰ ਮੁਬਾਰਕਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਰਾਕੇਸ਼ ਕੁਮਾਰ ਜੰਡੀ ਨੇ ਹਮੇਸ਼ਾ ਆਪਣੀ ਡਿਊਟੀ ਨੂੰ ਪੂਰੀ ਇਮਾਨਦਾਰੀ, ਅਨੁਸ਼ਾਸਨ ਅਤੇ ਲਗਨ ਨਾਲ ਨਿਭਾਇਆ ਹੈ। ਇਹ ਸਨਮਾਨ ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਦਾ ਨਤੀਜਾ ਹੈ।

ਵਿਜੇ ਭਾਟੀਆ ਨੇ ਕਿਹਾ ਕਿ ਪੁਲਿਸ ਵਿਭਾਗ ਵਿੱਚ ਅਜਿਹੇ ਇਮਾਨਦਾਰ ਅਤੇ ਕਰਤੱਵਨਿਸ਼ਠ ਮੁਲਾਜ਼ਮਾਂ ਕਰਕੇ ਹੀ ਲੋਕਾਂ ਦਾ ਵਿਭਾਗ ਤੇ ਭਰੋਸਾ ਬਣਿਆ ਰਹਿੰਦਾ ਹੈ। ਰਾਕੇਸ਼ ਕੁਮਾਰ ਜੰਡੀ ਨੇ ਆਪਣੇ ਕੰਮ ਨਾਲ ਨਾ ਸਿਰਫ਼ ਵਿਭਾਗ ਦਾ ਬਲਕਿ ਇਲਾਕੇ ਦਾ ਵੀ ਨਾਂ ਰੋਸ਼ਨ ਕੀਤਾ ਹੈ।

ਉਨ੍ਹਾਂ ਵਾਹਿਗੁਰੂ ਜੀ ਅੱਗੇ ਬੇਨਤੀ ਕੀਤੀ ਕਿ ਉਹ ਰਾਕੇਸ਼ ਕੁਮਾਰ ਜੰਡੀ ਉੱਤੇ ਹਮੇਸ਼ਾ ਮੇਹਰ ਭਰਿਆ ਹੱਥ ਰੱਖਣ ਅਤੇ ਉਨ੍ਹਾਂ ਨੂੰ ਤੰਦਰੁਸਤੀ, ਤਰੱਕੀਆਂ, ਰਹਿਮਤਾਂ ਅਤੇ ਨਿਆਮਤਾਂ ਬਖਸ਼ਣ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਰਾਕੇਸ਼ ਕੁਮਾਰ ਜੰਡੀ ਇਸੇ ਤਰ੍ਹਾਂ ਸੇਵਾ ਕਰਦੇ ਰਹਿਣ ਅਤੇ ਹੋਰ ਵੱਡੀਆਂ ਪ੍ਰਾਪਤੀਆਂ ਹਾਸਲ ਕਰਨ। ਇਲਾਕਾ ਵਾਸੀਆਂ ਅਤੇ ਸਨੇਹੀਆਂ ਵੱਲੋਂ ਵੀ ਰਾਕੇਸ਼ ਕੁਮਾਰ ਜੰਡੀ ਨੂੰ ਵਧਾਈਆਂ ਦੇਣ ਦਾ ਸਿਲਸਿਲਾ ਜਾਰੀ ਹੈ।

ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਵੱਲੋਂ ਨਵਾਂਸ਼ਹਿਰ ਵਿਚ ਮੀਡੀਆ ਦੀ ਸਮਾਜ ਵਿਚ ਅਹਿਮ ਭੂਮਿਕਾ ਤੇ ਸੈਮੀਨਾਰ

- ਪੰਜਾਬ ਸਰਕਾਰ ਪ੍ਰੈੱਸ ਕਲੱਬ ਦੇ ਦਫ਼ਤਰ ਲਈ 10 ਲੱਖ ਦੀ ਗ੍ਰਾਂਟ ਦੇਵੇਗੀ : ਜੈ ਕਿਸ਼ਨ ਸਿੰਘ ਰੌੜੀ





ਪੈ.ਗਾਮ-ਏ-ਜਗਤ
ਨਵਾਂਸ਼ਹਿਰ, 6 ਨਵੰਬਰ
(ਜਤਿੰਦਰਪਾਲ ਸਿੰਘ ਕਲੇਰ)

ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੀ ਜਨਮ ਸ਼ਤਾਬਦੀ ਦੇ ਸਬੰਧ ਵਿਚ ਮੀਡੀਆ ਦੀ ਸਮਾਜ ਵਿਚ ਅਹਿਮ ਭੂਮਿਕਾ ਦੇ ਵਿਸ਼ੇ ਤੇ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੀ ਪ੍ਰਧਾਨਗੀ ਜੈ ਕਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਨੇ ਕੀਤੀ।


ਸੈਮੀਨਾਰ ਨੂੰ ਸੰਬੋਧਨ ਕਰਦਿਆਂ ਜੈ ਕਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਮੀਡੀਆ ਹੀ ਸਮਾਜ ਅੱਗੇ ਸੱਚਾਈ ਪੇਸ਼ ਕਰ ਸਕਦਾ ਹੈ ਅਤੇ ਇਸ ਸਮੇਂ ਸਭ ਤੋਂ ਵੱਧ ਭੂਮਿਕਾ ਮੀਡੀਆ ਨਿਭਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਸਭ ਤੋਂ ਵੱਧ ਸਮੱਸਿਆਵਾਂ ਮੀਡੀਏ ਨੂੰ ਸਾਹਮਣੇ ਆ ਰਹੀਆਂ ਹਨ। ਪੱਤਰਕਾਰ ਭਾਈਚਾਰਾ ਹਮੇਸ਼ਾ ਔਕੜਾਂ ਦੇ ਸਮੇਂ ਵਿੱਚੋਂ ਵੀ ਲੰਘਦਾ ਹੋਇਆ ਸਮਾਜ ਦੀ ਸੇਵਾ ਕਰ ਰਿਹਾ ਹੈ, ਜੋ ਸਮਾਜ ਸੇਵਾ ਦੇ ਖੇਤਰ ਵਿਚ ਵੱਡਾ ਯੋਗਦਾਨ ਹੈ।

ਉਨ੍ਹਾਂ ਨਵਾਂਸ਼ਹਿਰ ਵਿਖੇ ਪ੍ਰੈੱਸ ਕਲੱਬ ਦੇ ਦਫ਼ਤਰ ਬਣਾਉਣ ਲਈ 10 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਹਰ ਜ਼ਿਲ੍ਹੇ ਵਿੱਚ ਪ੍ਰੈੱਸ ਕਲੱਬ ਦਾ ਦਫ਼ਤਰ ਹੋਣਾ ਚਾਹੀਦਾ ਹੈ, ਜਿੱਥੇ ਬੈਠ ਕੇ ਸਾਰੀਆਂ ਸਮਾਜਿਕ ਜਥੇਬੰਦੀਆਂ, ਧਾਰਮਿਕ ਜਥੇਬੰਦੀਆਂ ਅਤੇ ਰਾਜਨੀਤਿਕ ਜਥੇਬੰਦੀਆਂ ਪ੍ਰੈੱਸ ਵਾਰਤਾ ਕਰ ਸਕਣ। ਸਾਬਕਾ ਵਿਧਾਇਕ ਅੰਗਦ ਸਿੰਘ ਸੈਣੀ ਨੇ ਕਿਹਾ ਕਿ ਸਮਾਜ ਨੂੰ ਨਰੋਈ ਸੇਧ ਦੇਣ ਵਿਚ ਮੀਡੀਏ ਦਾ ਅਹਿਮ ਯੋਗਦਾਨ ਹੈ। ਮੀਡੀਆ ਹੀ ਲੋਕਾਂ ਨਾਲ ਇੱਕ ਚੰਗੀ ਕੜੀ ਬਣ ਕੇ ਕੰਮ ਕਰ ਰਿਹਾ ਹੈ। ਇਸ ਸਮੇਂ ਸਭ ਤੋਂ ਵੱਧ ਆਸ ਲੋਕਾਂ ਨੂੰ ਮੀਡੀਏ ਤੇ ਹੀ ਲੱਗ ਰਹੀ ਹੈ।

ਸੈਮੀਨਾਰ ਨੂੰ ਡਾ. ਗੁਰਪ੍ਰੀਤ ਕੌਰ ਥਿਆੜਾ, ਦਿਨੇਸ਼ ਸੂਰੀ ਜ਼ਿਲ੍ਹਾ ਪ੍ਰਧਾਨ ਨਸ਼ਾ ਮੁਕਤੀ ਮੋਰਚਾ, ਦੀਦਾਰ ਸਿੰਘ ਸ਼ੇਤਰਾ, ਚੇਤ ਰਾਮ ਰਤਨ ਚੇਅਰਮੈਨ, ਸੁਖਦੇਵ ਸਿੰਘ ਉੜਾਪੜ, ਮਨੋਰੰਜਨ ਕਾਲੀਆ, ਸੁਰਜੀਤ ਮਜਾਰੀ, ਨਵਕਾਂਤ ਭਰੋਮਜਾਰਾ, ਅਮਿਤ ਸ਼ਰਮਾ, ਪ੍ਰਦੀਪ ਭਨੋਟ, ਰਮਨਦੀਪ ਸਿੰਘ ਥਿਆੜਾ ਨੇ ਵੀ ਸੰਬੋਧਨ ਕੀਤਾ। ਜ਼ਿਲ੍ਹਾ ਪ੍ਰਧਾਨ ਜਸਬੀਰ ਸਿੰਘ ਨੂਰਪੁਰ ਨੇ ਕਿਹਾ ਕਿ ਇਸ ਸਮੇਂ ਮੀਡੀਏ ਨੂੰ ਆ ਰਹੀਆਂ ਔਕੜਾਂ ਲਈ ਇੱਕਜੁੱਟ ਹੋਣ ਦੀ ਲੋੜ ਹੈ।

ਉਨ੍ਹਾਂ ਸਾਰੇ ਮਹਿਮਾਨਾਂ ਅਤੇ ਬੁਲਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਜਸਪ੍ਰੀਤ ਸਿੰਘ ਰੌਬੀ ਕੰਗ ਹਲਕਾ ਇੰਚਾਰਜ ਨਵਾਂਸ਼ਹਿਰ, ਦਿਨੇਸ਼ ਸੂਰੀ, ਡਾ. ਕਮਲਜੀਤ ਨਵਾਂਸ਼ਹਿਰ, ਮੈਡਮ ਸੁਮਨ ਲਾਲ ਪ੍ਰਧਾਨ ਨਗਰ ਕੌਂਸਲ ਨਵਾਂਸ਼ਹਿਰ, ਪ੍ਰਦੀਪ ਭਨੋਟ ਸ਼ਹਿਰੀ ਪ੍ਰਧਾਨ, ਜਤਿੰਦਰ ਪਾਲ ਸਿੰਘ ਕਲੇਰ, ਸੁਰਿੰਦਰ ਸਿੰਘ ਕਰਮ, ਸੰਦੀਪ ਮਝੂਰ, ਅਮਰੀਕ ਸਿੰਘ ਢੀਂਡਸਾ, ਹਰਮੇਲ ਸਿੰਘ ਸਹੂਗੜਾ, ਬਿੱਟੂ ਭੱਟੀ, ਨਰਿੰਦਰ ਮਾਹੀ, ਸੁਖਜਿੰਦਰ ਸੁੱਖਾ, ਦੀਦਾਰ ਸਿੰਘ ਬਲਾਚੌਰੀਆ, ਨਰੇਸ਼ ਧੌਲ, ਕਸ਼ਮੀਰ ਲਾਲ ਕੈਂਥ, ਵਿਜੇ ਕੁਮਾਰ, ਪ੍ਰਭਜੋਤ ਸਿੰਘ, ਚਰਨਜੀਤ ਸੱਲਾਂ, ਹਰਦੀਪ ਸਿੰਘ ਗਹੂੰਣ, ਅਮਰੀਕ ਕਟਾਰੀਆ, ਹਰਮਿੰਦਰ ਸਿੰਘ ਪਿੰਟੂ, ਗੁਰਨਾਮ ਸਿੰਘ ਖੁਰਦ, ਜਤਿੰਦਰ ਕੁਮਾਰ ਮਹਿਮੀ, ਉਂਕਾਰ ਸਿੰਘ ਰਠੌਰ, ਸੁਖਜਿੰਦਰ ਬਖਲੌਰ, ਗੁਰਜਿੰਦਰ ਗੁਰੂ, ਹਰਜਾਪ ਸਿੰਘ, ਗੌਰਵ ਗਾਬਾ, ਪ੍ਰੇਮੀ ਸੰਧਵਾਂ, ਮਨਜੀਤ ਜੱਬੋਵਾਲ, ਹਰਭਜਨ ਹੀਰ, ਮਹਿੰਦਰਪਾਲ ਸਿੰਘ, ਜਰਨੈਲ ਸਿੰਘ ਨਿੱਘਾ, ਨਛੱਤਰ ਬਹਿਰਾਮ, ਹਰਸਿਮਰਨਜੋਤ ਸਿੰਘ ਕਲੇਰ, ਵਰਿੰਦਰ ਸਿੰਘ ਹੁੰਦਲ, ਯੋਗੇਸ਼ ਮਲਹੋਤਰਾ, ਕੁਲਦੀਪ ਝਿੰਗੜ, ਰਾਮ ਲਾਲ, ਸਮਰਦੀਪ ਸਿੰਘ, ਨਿਰਮਜੀਤ ਸਿੰਘ ਚਾਹਲ, ਬਲਵਿੰਦਰ ਨਾਨੋਵਾਲ, ਰਾਜ ਮਜਾਰੀ, ਹਰਕਮਲ ਸਿੰਘ ਕੌਲਗੜ੍ਹ ਆਦਿ ਹਾਜ਼ਰ ਸਨ।

ਕਾਮਰੇਡ ਜਰਨੈਲ ਸਿੰਘ ਜੀ ਕੋਟਲਾ ਨੌਧ ਸਿੰਘ ਦਾ ਜੱਦੀ ਪਿੰਡ 'ਚ ਅੰਤਿਮ ਸੰਸਕਾਰ



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਗ਼ਦਰੀ ਬਾਬਿਆਂ ਦੀ ਅਮੀਰ ਵਿਰਾਸਤ ਦੇ ਰਾਖੇ ਬਾਬਾ ਅਮਰ ਸਿੰਘ ਜੀ ਦੇ ਵਾਰਿਸ ਕਾਮਰੇਡ ਜਰਨੈਲ ਸਿੰਘ ਜੀ ਕੋਟਲਾ ਨੌਧ ਸਿੰਘ ਜੋ ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ ਦਾ ਅੱਜ ਉਨ੍ਹਾਂ ਦੇ ਵਿਦੇਸ਼ ਵਸਦੇ ਸਪੁੱਤਰ ਦੇ ਪਹੁੰਚਣ ਤੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ।

ਇਸ ਮੌਕੇ ਇਲਾਕੇ ਦੇ ਰਾਜਨੀਤਕ, ਸੰਘਰਸ਼ੀਲ ਤੇ ਅਗਾਂਹ ਵਧੂ ਵਿਚਾਰਾਂ ਦੇ ਧਾਰਨੀ ਲੋਕਾਂ ਨੇ ਪਹੁੰਚ ਕੇ ਆਪਣੇ ਵਿਛੜੇ ਯੁੱਗ ਪੁਰਸ਼ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਉਨ੍ਹਾਂ ਦੇ ਤੁਰ ਜਾਣ ਨਾਲ ਪੈਦਾ ਹੋਏ ਖਲਾਅ ਤੇ ਚਿੰਤਾ ਦਾ ਪ੍ਰਗਟਾਵਾ ਕੀਤਾ।

ਕਾਮਰੇਡ ਜਰਨੈਲ ਸਿੰਘ ਜੀ ਨੂੰ ਸਮਾਜ ਸੇਵਾ ਦੀ ਗੁੜ੍ਹਤੀ ਪਰਿਵਾਰ ਚੋਂ ਹੀ ਪ੍ਰਾਪਤ ਹੋਈ ਉਨ੍ਹਾਂ ਨੂੰ ਗ਼ਦਰੀ ਬਾਬਿਆਂ ਤੇ ਗ਼ਦਰੀ ਵੀਰਾਂਗਣਾਂ ਬੀਬੀ ਗੁਲਾਬ ਕੌਰ ਦੇ ਦਰਸ਼ਨ ਕਰਨ ਤੇ ਵਿਚਾਰ ਸੁਣਨ ਦਾ ਸੁਭਾਗ ਪ੍ਰਾਪਤ ਸੀ।

ਪਿਛਲੇ ਵਰ੍ਹੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਵਲੋਂ ਕਰਵਾਏ ਗ਼ਦਰੀ ਬੀਬੀ ਗੁਲਾਬ ਕੌਰ ਜੀ ਦੀ ਸਬੰਧੀ ਸ਼ਤਾਬਦੀ ਸਮਾਗਮ ਉਨ੍ਹਾਂ ਯੋਜਨਾਬੰਦੀ ਤੇ ਦੇਖ ਰੇਖ ਹੇਠ ਸਹੀ ਸਲਾਮਤ ਸਿਰੇ ਚੜ੍ਹੇ। ਉਨ੍ਹਾਂ ਸਾਰੀ ਜ਼ਿੰਦਗੀ ਆਪਣੇਂ ਅਸੂਲਾਂ ਤੇ ਪਹਿਰਾ ਦਿੱਤਾ,ਅਡੋਲ ਰਹੇ ਤੇ ਬੇਦਾਗ ਜੀਵਨ ਬਤੀਤ ਕੀਤਾ ਉਹ ਮੌਕਾਪ੍ਰਸਤਾਂ ਦੇ ਆਖਰੀ ਸਾਹਾਂ ਤੱਕ ਵਿਰੋਧੀ ਰਹੇ ਤੇ ਅਸੂਲਪ੍ਰਸਤਾਂ ਨੂੰ ਸਮਾਜ ਸੇਵਾ ਲਈ ਪ੍ਰੇਰਿਤ ਕਰਦੇ ਰਹੇ। ਅੱਜ ਪੂਰੇ ਪਰਿਵਾਰ, ਰਿਸ਼ਤੇਦਾਰਾਂ, ਪਿੰਡ ਵਾਸੀਆਂ, ਇਲਾਕਾ ਨਿਵਾਸੀਆਂ ਤੇ ਉਨ੍ਹਾਂ ਦੇ ਸੰਘਰਸ਼ੀ ਸਾਥੀਆਂ ਨੇ ਭਰੇ ਮਨ ਨਾਲ ਉਨ੍ਹਾਂ ਅੰਤਿਮ ਵਿਦਾਇਗੀ ਦਿੱਤੀ ਤੇ ਪਰਿਵਾਰ ਨਾਲ ਸਾਥ ਨਿਭਾਉਣ ਲਈ ਵਚਨਬੱਧਤਾ ਪ੍ਰਗਟਾਈ।

ਇਸ ਮੌਕੇ ਤੇ ਉਨ੍ਹਾਂ ਮ੍ਰਿਤਕ ਦੇਹ ਤੇ ਸਨਮਾਨ ਵਜੋਂ ਲਾਲ ਝੰਡਾ ਵੀ ਪਾਇਆ ਗਿਆ ਤੇ ਉਨ੍ਹਾਂ ਦੀ ਅਮਰਤਾ ਲਈ ਨਾਅਰੇ ਲਾਏ ਗਏ। ਇਸ ਮੌਕੇ ਕਾਮਰੇਡ ਗੁਰਮੇਸ਼ ਸਿੰਘ ਜੀ, ਦਵਿੰਦਰ ਸਿੰਘ ਕੱਕੋਂ,ਓਮ ਸਿੰਘ ਸਟਿਆਣਾਂ,ਮਾਸਟਰ ਸ਼ਿੰਗਾਰਾ ਸਿੰਘ, ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ, ਮਲਕੀਤ ਸਿੰਘ ਬਾਹੋਵਾਲ, ਹਰਜੀਤ ਸਿੰਘ ਸਪੁੱਤਰ, ਪਰਮਜੀਤ ਸਿੰਘ ਸਿੰਘ ਸਪੁੱਤਰ, ਕਰਨੈਲ ਸਿੰਘ ਬੁੱਲੋਵਾਲ,ਸੁਖਦੇਵ ਸਿੰਘ ਢਿੱਲੋਂ, ਜਗਦੀਸ਼ ਕੁਮਾਰ ਹਰਿਆਣਾ, ਜਿੰਦਰਪਾਲ ਸਿੰਘ, ਮਨਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਸਨ।

ਛੇਵੀਂ ਤੋਂ ਬਾਹਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਗੁਰਬਾਣੀ ਦੇ ਸਟੀਕ ਭੇਂਟ



ਪੈ.ਗਾਮ-ਏ-ਜਗਤ/ਬਰੇਟਾ
6 ਨਵੰਬਰ (ਪੱਤਰ ਪ੍ਰੇਰਕ)

ਆਲ ਇਜ ਵੰਨ ਫਾਊਂਡੇਸ਼ਨ ਕੈਨੇਡਾ ਵੱਲੋਂ ਗੁਰਬਾਣੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਬਹੁਤ ਵੱਡੇ ਪੱਧਰ ਤੇ ਉਪਰਾਲੇ ਕੀਤਾ ਜਾ ਰਹੇ ਹਨ, ਗੁਰਬਾਣੀ ਨੂੰ ਸਮਝ ਕੇ ਪੜ੍ਹਨ ਲਈ ਗੁਰੂ ਗ੍ਰੰਥ ਸਾਹਿਬ ਜੀ ਵਿੱਚੋਂ ਪੰਜ ਬਾਣੀਆਂ ਦੀ ਸਰਲ ਵਿਆਖਿਆ ਦੀਆਂ ਸਟੀਕਾਂ, ਪੰਜਾਬ ਦੇ ਗੁਰੂਘਰਾਂ, ਸਕੂਲਾਂ ਅਤੇ ਕਾਲਜਾਂ ਵਿੱਚ ਮੁਫ਼ਤ ਭੇਂਟ ਕੀਤੀਆਂ ਜਾ ਰਹੀਆਂ ਹਨ, ਗੁਰਬਾਣੀ ਦੇ ਸ਼ਬਦ: ਸਾਹਿਬ ਮੇਰਾ ਏਕੋ ਹੈ। ਏਕੋ ਹੈ ਭਾਈ ਏਕੋ ਹੈ। ਨੂੰ ਸਮਰਪਿਤ ਇਹ ਸੰਸਥਾ ਕਨੇਡਾ ਵਿੱਚ ਕਿਸੇ ਵੀ ਕਿਸਮ ਦੇ ਧਰਮ, ਫਿਰਕੇ, ਨਸਲ ਜਾਤ ਆਦਿ ਦੇ ਵਿਤਕਰੇ ਤੋਂ ਉੱਪਰ ਉੱਠ ਕੇ ਲੋੜਵੰਦਾਂ ਲਈ ਅੰਨ-ਪਾਣੀ ਦੇ ਲੰਗਰ ਦੀ ਸੇਵਾ ਦੇ ਨਾਲ ਨਾਲ ਗੁਰਬਾਣੀ ਵਿਚਾਰ ਦਾ ਲੰਗਰ ਵੀ ਚਲਾ ਰਹੀ ਹੈ, ਇਸ ਬਾਰੇ ਜਾਣਕਾਰੀ ਦਿੰਦਿਆ ਸੰਸਥਾ ਦੇ ਜਿਲਾ ਸੇਵਾਦਾਰ ਹਰਲਾਜ ਸਿੰਘ ਬਹਾਦਰਪੁਰ ਨੇ ਦੱਸਿਆ ਕਿ ਗੁਰਬਾਣੀ ਵਿਚਾਰ ਦੇ ਲੰਗਰ ਪ੍ਰੋਗਰਾਮ ਤਹਿਤ ਅੱਜ ਬਾਬਾ ਧਰਮ ਸਿੰਘ ਜੀ ਵੱਲੋਂ, ਹੋਲੀ ਹਾਰਟ ਸੀਨੀਅਰ ਸੈਕੰਡਰੀ ਸਕੂਲ ਕਿਸ਼ਨਗੜ੍ਹ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਿਸ਼ਨਗੜ੍ਹ (ਮਾਨਸਾ) ਵਿਖੇ ਛੇਵੀਂ ਤੋਂ ਬਾਹਰਵੀਂ ਜਮਾਤ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਗੁਰਬਾਣੀ ਦੀਆਂ ਸਟੀਕਾਂ ਵੰਡੀਆਂ ਗਈਆਂ ਅਤੇ ਗੁਰਬਾਣੀ ਨੂੰ ਫੋਨ ਰਾਹੀਂ ਪੜ੍ਹਨ ਸੁਣਨ ਲਈ ਸੰਸਥਾ ਦੀ ਫਰੀ ਐਪ All Is One Life ਡਾਊਨਲੋਡ ਕਰਨ ਲਈ ਦੱਸਿਆ ਅਤੇ ਵਿਦਿਆਰਥੀਆਂ ਨੂੰ ਨਸ਼ੇ ਅਤੇ ਮਾੜੀ ਸੰਗਤ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਆ ਗਿਆ।

ਹਰਲਾਜ ਸਿੰਘ ਨੇ ਇਹ ਵੀ ਦੱਸਿਆ ਕਿ ਸੰਸਥਾ ਵੱਲੋਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਗੁਰਬਾਣੀ ਵਿਚਾਰ ਨਾਲ ਜੋੜਨ ਲਈ, ਗੁਰੂ ਨਾਨਕ ਸਾਹਿਬ ਜੀ ਦੇ ਜਨਮ ਦਿਵਸ ਅਤੇ ਵਿਸਾਖੀ ਨੂੰ ਸਮਰਪਿਤ, ਸਕੂਲ, ਤਹਿਸੀਲ ਅਤੇ ਜਿਲਾ ਪੱਧਰੀ ਗੁਰਬਾਣੀ ਕੁਇੱਜ਼ ਮੁਕਾਬਲੇ ਜਨਵਰੀ 2027 ਤੱਕ ਅਤੇ ਅਧਿਆਪਕ ਵਰਗ ਦੇ ਪੰਜਾਬ ਪੱਧਰੀ ਮੁਕਾਬਲੇ ਅਪ੍ਰੈਲ ਵਿੱਚ ਕਰਵਾਏ ਜਾਣਗੇ, ਜੇਤੂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਲੱਖਾਂ ਰੁਪਏ ਦੇ ਨਕਦ ਇਨਾਮ ਦਿੱਤੇ ਜਾਣਗੇ। ਇਸ ਮੌਕੇ ਹੋਲੀ ਹਾਰਟ ਸਕੂਲ ਦੀ ਪ੍ਰਿੰਸੀਪਲ ਰਣਜੀਤ ਕੌਰ ਅਤੇ ਸਰਕਾਰੀ ਸਕੂਲ ਦੇ ਪ੍ਰਿੰਸੀਪਲ ਕਸਮੀਰ ਸਿੰਘ ਵੱਲੋਂ ਆਲ ਇਜ ਵੰਨ ਫਾਊਂਡੇਸ਼ਨ ਕੈਨੇਡਾ ਦੇ ਮੁਖੀ ਐਨ ਆਰ ਆਈ ਮਨਜੀਤ ਸਿੰਘ ਨਰਵਾਲ ਜੀ ਉਪਰਾਲੇ ਦੀ ਸਲਾਘਾ ਕਰਦਿਆਂ ਬਾਬਾ ਧਰਮ ਸਿੰਘ ਜੀ ਦਾ ਧੰਨਵਾਦ ਕੀਤਾ ਗਿਆ।

ਲੈਮਰਿਨ ਟੈਕ ਸਕਿੱਲ ਯੂਨੀਵਰਸਿਟੀ ਪੰਜਾਬ ਵਿਖੇ ਐਚ.ਸੀ.ਐਲ.ਟੈਕ. ਦੇ ਐਚ.ਆਰ. ਮੁਖੀ ਨੇ ਵਿਦਿਆਰਥੀਆਂ ਨੂੰ ਦਿੱਤੇ ਸਫਲਤਾ ਦੇ ਗੁਰ

- ਤਕਨੀਕੀ ਗਿਆਨ ਦੇ ਨਾਲ ਸੰਚਾਰ ਕਲਾ, ਆਤਮਵਿਸ਼ਵਾਸ ਅਤੇ ਤਰਕਸ਼ੀਲ ਸੋਚ ਕਰੀਅਰ ਦੀ ਸਫਲਤਾ ਲਈ ਜ਼ਰੂਰੀ : ਹਰਦੀਪ ਭਮਰਾ



ਪੈ.ਗਾਮ-ਏ-ਜਗਤ
ਰੋਪੜ (ਦਲਜੀਤ ਅਜਨੋਹਾ)

ਲੈਮਰਿਨ ਟੈਕ ਸਕਿੱਲ ਯੂਨੀਵਰਸਿਟੀ ਪੰਜਾਬ ਵਿਖੇ ਵਿਦਿਆਰਥੀਆਂ ਨੂੰ ਉਦਯੋਗ ਜਗਤ ਦੀਆਂ ਲੋੜਾਂ ਅਤੇ ਰੁਜ਼ਗਾਰ ਦੇ ਬਦਲਦੇ ਮੌਕਿਆਂ ਬਾਰੇ ਜਾਣੂ ਕਰਵਾਉਣ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਸੰਵਾਦ ਸੈਸ਼ਨ ਕਰਵਾਇਆ ਗਿਆ। ਯੂਨੀਵਰਸਿਟੀ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਵਿਭਾਗ ਵੱਲੋਂ ਕਰਵਾਏ ਗਏ ਇਸ ਸੈਸ਼ਨ ਵਿੱਚ ਐਚਸੀਐਲਟੈਕ ਦੇ ਐਸੋਸੀਏਟ ਜਨਰਲ ਮੈਨੇਜਰ (ਐਚਆਰ) ਹਰਦੀਪ ਸਿੰਘ ਭਮਰਾਹ ਨੇ ਬੀਟੈਕ ਅਤੇ ਐਮਸੀਏ ਦੇ ਵਿਦਿਆਰਥੀਆਂ ਨਾਲ ਆਪਣੇ ਤਜਰਬੇ ਸਾਂਝੇ ਕੀਤੇ ਅਤੇ ਉਨ੍ਹਾਂ ਨੂੰ ਰੁਜ਼ਗਾਰ ਪ੍ਰਾਪਤ ਕਰਨ ਲਈ ਮਹੱਤਵਪੂਰਨ ਸੁਝਾਅ ਦਿੱਤੇ।

ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਹਰਦੀਪ ਸਿੰਘ ਭਮਰਾ ਨੇ ਕਿਹਾ ਕਿ ਅੱਜ ਦੇ ਮੁਕਾਬਲੇਬਾਜ਼ੀ ਦੇ ਦੌਰ ਵਿੱਚ ਸਿਰਫ਼ ਤਕਨੀਕੀ ਗਿਆਨ ਹੋਣਾ ਹੀ ਕਾਫ਼ੀ ਨਹੀਂ ਹੈ, ਸਗੋਂ ਸੰਚਾਰ ਕਲਾ, ਆਤਮਵਿਸ਼ਵਾਸ ਅਤੇ ਤਰਕਸ਼ੀਲ ਸੋਚ ਵੀ ਕਰੀਅਰ ਵਿੱਚ ਸਫਲਤਾ ਦੀਆਂ ਅਹਿਮ ਕੁੰਜੀਆਂ ਹਨ। ਉਨ੍ਹਾਂ ਨੇ ਐਚਸੀਐਲਟੈਕ ਦੀ ਭਰਤੀ ਪ੍ਰਕਿਰਿਆ ਬਾਰੇ ਜਾਣਕਾਰੀ ਦਿੰਦਿਆਂ ਵਿਦਿਆਰਥੀਆਂ ਨੂੰ ਆਪਣੇ ਵਿਸ਼ਿਆਂ ਦੀ ਮੁੱਢਲੀ ਜਾਣਕਾਰੀ ਮਜ਼ਬੂਤ ਕਰਨ ਅਤੇ ਹਰ ਵਿਸ਼ੇ ਦਾ ਡੂੰਘਾਈ ਨਾਲ ਅਧਿਐਨ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇੰਟਰਵਿਊ ਦੌਰਾਨ ਸਿਰਫ਼ ਕਿਤਾਬੀ ਗਿਆਨ ਹੀ ਨਹੀਂ ਪਰਖਿਆ ਜਾਂਦਾ, ਸਗੋਂ ਕਿਸੇ ਸਮੱਸਿਆ ਨੂੰ ਸਮਝਣ, ਉਸ ਦਾ ਹੱਲ ਲੱਭਣ ਅਤੇ ਆਪਣੇ ਵਿਚਾਰਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰਨ ਦੀ ਯੋਗਤਾ ਵੀ ਮਹੱਤਵ ਰੱਖਦੀ ਹੈ।

ਉਨ੍ਹਾਂ ਨੇ ਆਰਟੀਫਿਸ਼ੀਅਲ ਇੰਟੈਲੀਜੈਂਸ (ਏਆਈ) ਦੇ ਵਧਦੇ ਪ੍ਰਭਾਵ ਅਤੇ ਭਵਿੱਖ ਵਿੱਚ ਬਦਲ ਰਹੀਆਂ ਭਰਤੀ ਪ੍ਰਕਿਰਿਆਵਾਂ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਲਗਾਤਾਰ ਸਿੱਖਦੇ ਰਹਿਣ ਅਤੇ ਨਵੀਆਂ ਤਕਨੀਕਾਂ ਅਨੁਸਾਰ ਆਪਣੇ ਆਪ ਨੂੰ ਤਿਆਰ ਕਰਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਵਿਦਿਆਰਥੀਆਂ ਨੇ ਉਦਯੋਗ ਜਗਤ ਦੀਆਂ ਨਵੀਆਂ ਲੋੜਾਂ, ਸਾਲ 2026 ਵਿੱਚ ਜ਼ਰੂਰੀ ਹੁਨਰਾਂ, ਐਚਸੀਐਲਟੈਕ ਵਿੱਚ ਰੁਜ਼ਗਾਰ ਦੇ ਮੌਕਿਆਂ ਅਤੇ ਕਰੀਅਰ ਵਿੱਚ ਤਰੱਕੀ ਨਾਲ ਸਬੰਧਤ ਸਵਾਲ ਵੀ ਪੁੱਛੇ। ਹਰਦੀਪ ਸਿੰਘ ਭਮਰਾਹ ਨੇ ਵਿਦਿਆਰਥੀਆਂ ਦੇ ਸਵਾਲਾਂ ਦੇ ਵਿਸਥਾਰ ਨਾਲ ਜਵਾਬ ਦਿੱਤੇ।

ਪ੍ਰੋਗਰਾਮ ਦੀ ਸ਼ੁਰੂਆਤ ਯੂਨੀਵਰਸਿਟੀ ਦੇ ਕਾਰਜਕਾਰੀ ਡੀਨ ਡਾ. ਐਚ.ਪੀ.ਐਸ. ਧਾਮੀ ਦੇ ਸਵਾਗਤੀ ਭਾਸ਼ਣ ਨਾਲ ਹੋਈ। ਉਨ੍ਹਾਂ ਕਿਹਾ ਕਿ ਲੈਮਰਿਨ ਟੈਕ ਸਕਿੱਲ ਯੂਨੀਵਰਸਿਟੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉਦਯੋਗਾਂ ਦੀਆਂ ਲੋੜਾਂ ਅਨੁਸਾਰ ਹੁਨਰ ਆਧਾਰਿਤ ਸਿੱਖਿਆ ਪ੍ਰਦਾਨ ਕਰਨਾ ਹੈ। ਉਨ੍ਹਾਂ ਨੇ ਐਚਸੀਐਲਟੈਕ ਦੇ ਸਹਿਯੋਗ ਨਾਲ ਵਿਦਿਆਰਥੀਆਂ ਲਈ ਇੰਟਰਨਸ਼ਿਪ ਅਤੇ ਪਲੇਸਮੈਂਟ ਦੇ ਨਵੇਂ ਮੌਕੇ ਪੈਦਾ ਕਰਨ ਦੀਆਂ ਸੰਭਾਵਨਾਵਾਂ ਬਾਰੇ ਵੀ ਚਰਚਾ ਕੀਤੀ। ਯੂਨੀਵਰਸਿਟੀ ਦੇ ਸੰਸਥਾਪਕ ਚਾਂਸਲਰ ਡਾ. ਨਿਰਮਲ ਸਿੰਘ ਰਿਆੜ ਨੇ ਕਿਹਾ ਕਿ ਉਹ ਐਚਸੀਐਲਟੈਕ ਅਤੇ ਹਰਦੀਪ ਸਿੰਘ ਭਮਰਾਹ ਦੇ ਧੰਨਵਾਦੀ ਹਨ, ਜਿਨ੍ਹਾਂ ਨੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਕਰਦਿਆਂ ਉਨ੍ਹਾਂ ਨੂੰ ਸਫਲ ਕਰੀਅਰ ਬਣਾਉਣ ਲਈ ਸਹੀ ਦਿਸ਼ਾ ਦਿਖਾਈ। ਯੂਨੀਵਰਸਿਟੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਵਿਮਲ ਮਨੋਤਰਾ ਨੇ ਕਿਹਾ ਕਿ ਐਚਸੀਐਲਟੈਕ ਨਾਲ ਇਹ ਸੰਵਾਦ ਵਿਦਿਆਰਥੀਆਂ ਨੂੰ ਆਪਣੇ ਕਰੀਅਰ ਦੀ ਬਿਹਤਰ ਯੋਜਨਾ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਇੰਟਰਨਸ਼ਿਪ ਅਤੇ ਪਲੇਸਮੈਂਟ ਦੇ ਮੌਕਿਆਂ ਲਈ ਐਚਸੀਐਲਟੈਕ ਨਾਲ ਆਪਣੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ ਯਤਨਸ਼ੀਲ ਹੈ।

ਕਾਰਜਕਾਰੀ ਡਾਇਰੈਕਟਰ ਸਚਿਨ ਜੈਨ ਨੇ ਹਰਦੀਪ ਸਿੰਘ ਭਮਰਾ ਦਾ ਕੀਮਤੀ ਸਮਾਂ ਦੇਣ ਅਤੇ ਵਿਹਾਰਕ ਜਾਣਕਾਰੀ ਸਾਂਝੀ ਕਰਨ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੁੱਢਲੇ ਗਿਆਨ, ਸੰਚਾਰ ਕਲਾ ਅਤੇ ਤਰਕਸ਼ੀਲ ਸੋਚ ਉੱਤੇ ਦਿੱਤਾ ਗਿਆ ਜ਼ੋਰ ਯੂਨੀਵਰਸਿਟੀ ਦੀ ਹੁਨਰ ਆਧਾਰਿਤ ਸਿੱਖਿਆ ਦੀ ਸੋਚ ਦੇ ਅਨੁਕੂਲ ਹੈ। ਇਸ ਪ੍ਰੋਗਰਾਮ ਦਾ ਸਫਲ ਆਯੋਜਨ ਟ੍ਰੇਨਿੰਗ ਅਤੇ ਪਲੇਸਮੈਂਟ ਵਿਭਾਗ ਦੇ ਡਾਇਰੈਕਟਰ ਅਮਿਤ ਅਥਵਾਲ ਦੀ ਅਗਵਾਈ ਹੇਠ ਕੀਤਾ ਗਿਆ। ਅੰਤ ਵਿੱਚ ਧੰਨਵਾਦੀ ਮਤੇ ਨਾਲ ਸੈਸ਼ਨ ਦੀ ਸਮਾਪਤੀ ਹੋਈ।

ਮੋਹਾਲੀ ਵਿੱਚ ਛਾ ਗਏ ਸੋਨੂੰ ਭਾਟੀਆ, ਓ.ਬੀ.ਸੀ. ਮੋਰਚਾ ਨੇ ਸੌਂਪੀ ਜ਼ਿਲ੍ਹੇ ਦੀ ਕਮਾਨ, ਛੋਟੀ ਉਮਰ ਵਿੱਚ ਵੱਡਾ ਮੁਕਾਮ ਹਾਸਲ ਕਰ ਰਚਿਆ ਇਤਿਹਾਸ



ਪੈ.ਗਾਮ-ਏ-ਜਗਤ/ਨਵਾਂਸ਼ਹਿਰ
6 ਨਵੰਬਰ (ਜਤਿੰਦਰਪਾਲ ਸਿੰਘ ਕਲੇਰ)

ਭਾਰਤੀ ਜਨਤਾ ਪਾਰਟੀ ਓਬੀਸੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਸ਼ਿਵਰਾਜ ਚੌਧਰੀ ਵੱਲੋਂ ਜ਼ਿਲ੍ਹਾ ਪੱਧਰ ਤੇ ਕੀਤੀਆਂ ਗਈਆਂ ਨਵੀਆਂ ਨਿਯੁਕਤੀਆਂ ਵਿੱਚ ਮੋਹਾਲੀ ਜ਼ਿਲ੍ਹੇ ਦੀ ਕਮਾਨ ਨੌਜਵਾਨ ਆਗੂ ਸੰਦੀਪ ਭਾਟੀਆ (ਸੋਨੂੰ) ਨੂੰ ਸੌਂਪੀ ਗਈ ਹੈ। ਉਨ੍ਹਾਂ ਨੂੰ ਮੋਹਾਲੀ ਜ਼ਿਲ੍ਹੇ ਦਾ ਇੰਚਾਰਜ ਲਗਾਏ ਜਾਣ ਦੀ ਖ਼ਬਰ ਮਿਲਦਿਆਂ ਹੀ ਮੋਹਾਲੀ ਸਮੇਤ ਪੂਰੇ ਪੰਜਾਬ ਵਿੱਚ ਉਨ੍ਹਾਂ ਦੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਅਤੇ ਹਰ ਪਾਸੇ ਸੋਨੂੰ ਭਾਟੀਆ ਦੀ ਬੱਲੇ ਬੱਲੇ ਹੋ ਰਹੀ ਹੈ। ਪਾਰਟੀ ਵੱਲੋਂ ਜਾਰੀ ਕੀਤੀ ਗਈ ਸੂਚੀ ਵਿੱਚ ਲੁਧਿਆਣਾ, ਜਲੰਧਰ, ਮਲੇਰਕੋਟਲਾ, ਮਾਨਸਾ, ਮੋਗਾ ਅਤੇ ਮੋਹਾਲੀ ਸਮੇਤ ਕਈ ਜ਼ਿਲ੍ਹਿਆਂ ਦੇ ਇੰਚਾਰਜਾਂ ਦੇ ਨਾਂ ਸ਼ਾਮਲ ਹਨ। ਪਰ ਸਭ ਤੋਂ ਵੱਧ ਚਰਚਾ ਮੋਹਾਲੀ ਲਈ ਸੰਦੀਪ ਭਾਟੀਆ ਦੇ ਨਾਂ ਦੀ ਹੋ ਰਹੀ ਹੈ। ਵਰਕਰਾਂ ਦਾ ਕਹਿਣਾ ਹੈ ਕਿ ਸਹੀ ਬੰਦੇ ਨੂੰ ਸਹੀ ਜ਼ਿੰਮੇਵਾਰੀ ਮਿਲੀ ਹੈ ਅਤੇ ਇਹ ਫ਼ੈਸਲਾ ਪਾਰਟੀ ਲਈ ਮੀਲ ਪੱਥਰ ਸਾਬਤ ਹੋਵੇਗਾ।

ਸੰਦੀਪ ਭਾਟੀਆ (ਸੋਨੂੰ) ਨੇ ਛੋਟੀ ਉਮਰ ਵਿੱਚ ਹੀ ਵੱਡੇ ਮੁਕਾਮ ਹਾਸਲ ਕਰਕੇ ਸਾਬਤ ਕਰ ਦਿੱਤਾ ਹੈ ਕਿ ਮਿਹਨਤ ਅਤੇ ਲਗਨ ਨਾਲ ਕੋਈ ਵੀ ਮੰਜ਼ਿਲ ਦੂਰ ਨਹੀਂ ਹੁੰਦੀ। ਛੋਟੀ ਉਮਰ ਤੋਂ ਹੀ ਉਹ ਸਮਾਜ ਸੇਵਾ ਅਤੇ ਪਾਰਟੀ ਸੇਵਾ ਨਾਲ ਜੁੜੇ ਹੋਏ ਹਨ। ਉਨ੍ਹਾਂ ਦੀ ਨਿਮਰਤਾ, ਮਿਲਣਸਾਰ ਸੁਭਾਅ ਅਤੇ ਹਰ ਕਿਸੇ ਨਾਲ ਪਿਆਰ ਨਾਲ ਪੇਸ਼ ਆਉਣ ਦੀ ਆਦਤ ਨੇ ਉਨ੍ਹਾਂ ਨੂੰ ਥੋੜ੍ਹੇ ਸਮੇਂ ਵਿੱਚ ਹੀ ਲੋਕਾਂ ਦੇ ਦਿਲਾਂ ਵਿੱਚ ਖਾਸ ਥਾਂ ਦਿਵਾ ਦਿੱਤੀ ਹੈ।

ਉਹ ਹਰ ਸਮੇਂ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹਿੰਦੇ ਹਨ। ਦੁੱਖ ਸੁੱਖ ਵਿੱਚ, ਖੁਸ਼ੀ ਗਮੀ ਵਿੱਚ, ਕਿਸੇ ਵੀ ਲੋੜਵੰਦ ਦੀ ਮਦਦ ਲਈ ਸੰਦੀਪ ਭਾਟੀਆ ਹਮੇਸ਼ਾ ਅੱਗੇ ਰਹਿੰਦੇ ਹਨ। ਇਸੇ ਕਰਕੇ ਲੋਕ ਵੀ ਉਨ੍ਹਾਂ ਨੂੰ ਬਹੁਤ ਪਸੰਦ ਕਰਦੇ ਹਨ। ਬਜ਼ੁਰਗ ਉਨ੍ਹਾਂ ਨੂੰ ਅਸ਼ੀਰਵਾਦ ਦਿੰਦੇ ਹਨ ਤੇ ਨੌਜਵਾਨ ਉਨ੍ਹਾਂ ਨੂੰ ਆਪਣਾ ਆਦਰਸ਼ ਮੰਨਦੇ ਹਨ। ਪਾਰਟੀ ਸੂਤਰਾਂ ਅਨੁਸਾਰ ਸੰਦੀਪ ਭਾਟੀਆ ਨੂੰ ਇਹ ਜ਼ਿੰਮੇਵਾਰੀ ਉਨ੍ਹਾਂ ਦੀ ਲੰਮੀ ਸਮੇਂ ਤੋਂ ਚਲੀ ਆ ਰਹੀ ਮਿਹਨਤ, ਲਗਨ, ਇਮਾਨਦਾਰੀ ਅਤੇ ਪਾਰਟੀ ਪ੍ਰਤੀ ਵਫ਼ਾਦਾਰੀ ਨੂੰ ਦੇਖਦੇ ਹੋਏ ਦਿੱਤੀ ਗਈ ਹੈ। ਉਹ ਲਗਾਤਾਰ ਜ਼ਮੀਨੀ ਪੱਧਰ ਤੇ ਵਰਕਰਾਂ ਨਾਲ ਜੁੜੇ ਰਹੇ ਹਨ ਅਤੇ ਹਰ ਸਮਾਗਮ, ਮੀਟਿੰਗ ਅਤੇ ਪਾਰਟੀ ਪ੍ਰੋਗਰਾਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦੇ ਰਹੇ ਹਨ। ਪਾਰਟੀ ਨੇ ਉਨ੍ਹਾਂ ਦੀ ਮਿਹਨਤ ਤੇ ਪੂਰਾ ਭਰੋਸਾ ਜਤਾਇਆ ਹੈ।

ਇਸ ਨਿਯੁਕਤੀ ਤੇ ਸੰਦੀਪ ਭਾਟੀਆ ਨੇ ਸੂਬਾ ਪ੍ਰਧਾਨ ਸ਼ਿਵਰਾਜ ਚੌਧਰੀ, ਸੂਬਾ ਲੀਡਰਸ਼ਿਪ ਅਤੇ ਪਾਰਟੀ ਹਾਈਕਮਾਂਡ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਨੇ ਜੋ ਭਰੋਸਾ ਉਨ੍ਹਾਂ ਤੇ ਜਤਾਇਆ ਹੈ, ਉਹ ਉਸ ਤੇ ਪੂਰਾ ਖਰਾ ਉਤਰਨਗੇ ਅਤੇ ਦਿਨ ਰਾਤ ਮਿਹਨਤ ਕਰਕੇ ਮੋਹਾਲੀ ਵਿੱਚ ਪਾਰਟੀ ਨੂੰ ਨਵੀਆਂ ਬੁਲੰਦੀਆਂ ਤੇ ਲੈ ਕੇ ਜਾਣਗੇ।

ਉਨ੍ਹਾਂ ਕਿਹਾ ਕਿ ਮੋਹਾਲੀ ਜ਼ਿਲ੍ਹੇ ਵਿੱਚ ਓਬੀਸੀ ਮੋਰਚਾ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਪਿੰਡ ਪਿੰਡ ਅਤੇ ਵਾਰਡ ਵਾਰਡ ਤੱਕ ਪਾਰਟੀ ਦਾ ਸੰਦੇਸ਼ ਪਹੁੰਚਾਇਆ ਜਾਵੇਗਾ। ਨੌਜਵਾਨਾਂ ਅਤੇ ਪੁਰਾਣੇ ਵਰਕਰਾਂ ਨੂੰ ਨਾਲ ਲੈ ਕੇ ਚੱਲਿਆ ਜਾਵੇਗਾ ਤਾਂ ਜੋ ਆਉਣ ਵਾਲੀਆਂ ਚੋਣਾਂ ਵਿੱਚ ਪਾਰਟੀ ਹੋਰ ਮਜ਼ਬੂਤ ਹੋ ਕੇ ਉੱਭਰੇ।

ਉਨ੍ਹਾਂ ਇਹ ਵੀ ਕਿਹਾ ਕਿ ਓਬੀਸੀ ਭਾਈਚਾਰੇ ਦੀਆਂ ਮੁਸ਼ਕਲਾਂ ਅਤੇ ਮੰਗਾਂ ਨੂੰ ਪਾਰਟੀ ਫੋਰਮ ਤੇ ਉਠਾਇਆ ਜਾਵੇਗਾ ਅਤੇ ਹਰ ਵਰਕਰ ਦੀ ਗੱਲ ਸੁਣੀ ਜਾਵੇਗੀ। ਮੋਹਾਲੀ ਵਿੱਚ ਜਲਦ ਹੀ ਵਰਕਰ ਮੀਟਿੰਗਾਂ ਦਾ ਦੌਰ ਸ਼ੁਰੂ ਕੀਤਾ ਜਾਵੇਗਾ ਤਾਂ ਜੋ ਹਰ ਵਰਕਰ ਨੂੰ ਨਾਲ ਜੋੜਿਆ ਜਾ ਸਕੇ।

ਇਸ ਮੌਕੇ ਪਾਰਟੀ ਵਰਕਰਾਂ, ਅਹੁਦੇਦਾਰਾਂ ਅਤੇ ਸਮਰਥਕਾਂ ਵੱਲੋਂ ਸੰਦੀਪ ਭਾਟੀਆ ਨੂੰ ਫੁੱਲਾਂ ਦੇ ਹਾਰ ਪਾ ਕੇ, ਮੂੰਹ ਮਿੱਠਾ ਕਰਵਾ ਕੇ ਅਤੇ ਸੋਸ਼ਲ ਮੀਡੀਆ ਤੇ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਵਰਕਰਾਂ ਨੇ ਕਿਹਾ ਕਿ ਸੰਦੀਪ ਭਾਟੀਆ ਦੀ ਨਿਯੁਕਤੀ ਨਾਲ ਮੋਹਾਲੀ ਵਿੱਚ ਪਾਰਟੀ ਨੂੰ ਨਵੀਂ ਊਰਜਾ ਮਿਲੇਗੀ ਅਤੇ ਓਬੀਸੀ ਮੋਰਚਾ ਹੋਰ ਵੀ ਮਜ਼ਬੂਤ ਹੋਵੇਗਾ।

ਕਾਨੂੰਨੀ ਸੇਵਾਵਾਂ ਦਿਵਸ ਦੇ ਸਬੰਧ ਵਿੱਚ ਕਾਨੂੰਨੀ ਜਾਗਰੂਕਤਾ ਸੈਮੀਨਾਰ ਆਯੋਜਿਤ

- ਕੋਈ ਵੀ ਵਿਅਕਤੀ ਨਿਆਂ ਤੋਂ ਵਾਂਝਾ ਨਾ ਰਹੇ



ਪੈ.ਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)

ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਅਤੇ ਮਾਣਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ ਨਗਰ ਜੀਆਂ ਦੇ ਪ੍ਰਾਪਤ ਹੁਕਮਾਂ ਤਹਿਤ ਜਿਲ੍ਹਾਂ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਜਤਿੰਦਰ ਪਾਲ ਸਿੰਘ ਖੁਰਮੀ ਅਤੇ ਸਿਵਲ ਜੱਜ (ਸੀਨੀਅਰ ਡੀਵੀਜ਼ਨ)/ ਸੀ.ਜੇ.ਐਮ-ਕਮ- ਸਕੱਤਰ, ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ.ਭ.ਸ ਨਗਰ ਡਾ. ਅਮਨਦੀਪ ਜੀਆਂ ਦੇ ਨਿਰਦੇਸ਼ਾਂ ਤਹਿਤ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋ ਪਿੰਡ ਹਿਆਲਾ ਵਿਖੇ ਕਾਨੂੰਨੀ ਸੇਵਾਵਾਂ ਦਿਵਸ ਦੇ ਸਬੰਧ ਵਿੱਚ ਇੱਕ ਹਫ਼ਤੇ ਲੱਗਣ ਵਾਲੇ ਜਾਗਰੂਕਤਾ ਪ੍ਰੋਗਰਾਮਾਂ ਤਹਿਤ ਕਾਨੂੰਨੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ । ਇਸ ਮੌਕੇ ਤੇ ਪੈਨਲ ਵਕੀਲ ਜ਼ਸ਼ਨਦੀਪ ਕੌਰ ਅਤੇ ਪੈਰਾ ਲੀਗਲ ਵਲੰਟੀਅਰ ਦੇਸ ਰਾਜ ਬਾਲੀ, ਵਾਸਦੇਵ ਪਰਦੇਸੀ, ਕਸ਼ਮੀਰ ਸਿੰਘ ਵੱਲੋ ਕਾਨੂੰਨੀ ਸੇਵਾਵਾਂ ਅਥਾਰਟੀ ਐਕਟ ਦੀ ਸਥਾਪਨਾ ਬਾਰੇ ਦੱਸਿਆ ਗਿਆ ਅਤੇ ਆਮ ਲੋਕਾਂ ਨੂੰ ਮੁਫਤ ਕਾਨੂੰਨੀ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ । ਓਹਨਾਂ ਵੱਲੋ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਆਰਥਿਕ ਤੌਰ ਤੇ ਕਮਜ਼ੋਰ ਲੋੜਵੰਦਾਂ ਨੂੰ ਅਨਿਆਂ ਦੇ ਖਿਲਾਫ਼ ਮੁਫਤ ਕਾਨੂੰਨੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ ਤਾਂ ਕਿ ਕੋਈ ਵੀ ਗਰੀਬ ਨਾਗਰਿਕ ਨਿਆਂ ਪ੍ਰਾਪਤੀ ਤੋਂ ਵਾਂਝਾ ਨਾ ਰਹਿ ਜਾਵੇ। ਮੁਫ਼ਤ ਕਾਨੂੰਨੀ ਸਹਾਇਤਾ ਵਿੱਚ ਵਕੀਲਾਂ ਦੀਆਂ ਸੇਵਾਵਾਂ ਮੁਫਤ ਪ੍ਰਦਾਨ ਕੀਤੀਆਂ ਜਾਂਦੀਆਂ ਹਨ । ਮੁਫ਼ਤ ਕਾਨੂੰਨੀ ਸੇਵਾਵਾਂ ਲਈ ਟੋਲ ਫਰੀ ਨੰਬਰ- 15100 ਜਾਰੀ ਕੀਤਾ ਗਿਆ ਹੈ । ਇਸ ਤੋਂ ਇਲਾਵਾ ਬੱਚਿਆਂ ਦੇ ਲੀਗਲ ਐਂਡ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸੇਵਾਵਾਂ ਸ਼ੋਸ਼ਣ ਵਿਰੁੱਧ ਚਾਈਲਡ ਹੈਲਪ ਲਾਈਨ1098, ਔਰਤਾਂ ਨਾਲ ਹੋ ਰਹੀਆਂ ਵਧੀਕੀਆਂ ਵਿਰੁੱਧ ਵੋਮੈਨ ਹੈਲਪ-ਲਾਈਨ-1091 ਅਤੇ ਪੁਲਿਸ ਸਹਾਇਤਾ ਲਈ ਪੁਲਿਸ ਹੈਲਪ-ਲਾਈਨ-112 ਤੇ ਕਾਲ ਕੀਤੀ ਜਾ ਸਕਦੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ 12 ਦਸੰਬਰ 2026 ਨੂੰ ਨਵੀ ਕੋਰਟ ਕੰਪਲੈਕਸ ਸ.ਭ.ਸ ਨਗਰ ਵਿਖੇ ਨੈਸ਼ਨਲ ਲੋਕ ਅਦਾਲਤ ਲਗਾਈ ਜਾ ਰਹੀ ਹੈ ਅਤੇ ਮਿਤੀ 21.11.2026 ਨੂੰ ਸਪੈਸ਼ਲ ਲੋਕ ਅਦਾਲਤ ਲਗਾਈ ਜਾਵੇ ਗਈ। ਜਿਹਨ੍ਹਾ ਦੇ ਕੇਸ ਅਦਾਲਤਾਂ ਵਿੱਚ ਲੰਬਿਤ ਹਨ ਉਹਨ੍ਹਾ ਨੂੰ ਨੈਸ਼ਨਲ ਲੋਕ ਅਦਾਲਤ ਇਸ ਲਾਭ ਲੈਣਾ ਚਾਹੀਦਾ ਹੈ ।ਇਸ ਮੌਕੇ ਪਿੰਡ ਦੀ ਗ੍ਰਾਮ ਪੰਚਾਇਤ ਅਤੇ ਨਗਰ ਨਿਵਾਸੀ ਹਾਜ਼ਰ ਸਨ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਬਰੇਟਾ ਸਰਵਹਿੱਤਕਾਰੀ ਵਿੱਦਿਆ ਮੰਦਰ ਸੀ.ਬੀ.ਐੱਸ.ਈ. ਭੀਖੀ ਵਿਖੇ ਚਾਰ ਰੋਜ਼ਾ ਤ੍ਰਿਤੀਆ ਸੋਪਾਨ ਟੈਸਟਿੰਗ ਕੈਂਪ ਸਫਲਤਾਪੂਰਵਕ ਸੰਪੰਨ

70 ਵਿਦਿਆਰਥੀਆਂ ਨੇ ਲਿਆ ਭਾਗ, ਟ੍ਰੇਨਿੰਗ ਟੀਮ ਨੂੰ ਕੀਤਾ ਗਿਆ ਸਨਮਾਨਿਤ



ਪਟਿਆਲਾ, 6 ਨਵੰਬਰ (ਪੈਗਾਮ-ਏ-ਜਗਤ)

ਸਰਵਹਿੱਤਕਾਰੀ ਵਿੱਦਿਆ ਮੰਦਰ ਸੀ.ਬੀ.ਐੱਸ.ਈ. ਭੀਖੀ ਵਿਖੇ ਐਸ ਓ ਸੀ ਪੰਜਾਬ ਸ੍ ਉਂਕਾਰ ਸਿੰਘ, ਜਿਲਾ ਸਿੱਖਿਆ ਅਫਸਰ (ਸ. ਸ.) ਨੀਲਮ ਰਾਣੀ ਅਤੇ ਉਪ ਜਿਲਾ ਸਿੱਖਿਆ ਅਫਸਰ ਡਾ ਪਰਮਜੀਤ ਭੋਗਲ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਭਾਰਤ ਸਕਾਊਟਸ ਐਂਡ ਗਾਈਡਜ਼ ਦਾ ਚਾਰ ਰੋਜ਼ਾ ਸਕਾਊਟਸ ਅਤੇ ਗਾਈਡਜ਼ ਤ੍ਰਿਤੀਆ ਸੋਪਾਨ ਟੈਸਟਿੰਗ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ 70 ਸਕਾਊਟਸ ਅਤੇ ਗਾਈਡਜ਼ ਨੇ ਬੜੇ ਉਤਸ਼ਾਹ ਅਤੇ ਲਗਨ ਨਾਲ ਭਾਗ ਲਿਆ।

ਮਾਨਸਾ ਜ਼ਿਲ੍ਹੇ ਦੇ ਆਰਗੇਨਾਈਜ਼ਿੰਗ ਕਮਿਸ਼ਨਰ ਸ. ਦਰਸ਼ਨ ਸਿੰਘ ਬਰੇਟਾ ਦੀ ਅਗਵਾਈ ਵਿੱਚ ਅਜੈ ਸ਼ਰਮਾ ਬਰੇਟਾ, ਨਵੀਨ ਕੁਮਾਰ ਭਾਈਦੇਸਾ (ਐਡਵਾਂਸ ਹੋਲਡਰ), ਸਕਾਊਟ ਮਾਸਟਰ ਅਸ਼ੀਸ਼ ਧੀਮਾਨ ਅਤੇ ਗਾਈਡ ਕੈਪਟਨ ਮੈਡਮ ਮਨਜੀਤ ਕੌਰ ਨੇ ਟ੍ਰੇਨਿੰਗ ਟੀਮ ਵਜੋਂ ਆਪਣੀਆਂ ਸੇਵਾਵਾਂ ਨਿਭਾਈਆਂ।

ਕੈਂਪ ਦੌਰਾਨ ਸਕਾਊਟਿੰਗ ਦੀ ਮਹੱਤਤਾ, ਇਤਿਹਾਸ, ਬੀ.ਪੀ. ਦੇ ਛੇ ਅਭਿਆਸ , ਪੈਟਰੋਲ ਸਿਸਟਮ, ਗੰਢਾਂ ਬੰਨਣ ਦੀ ਜਾਣਕਾਰੀ, ਪਾਇਨੀਅਰਿੰਗ, ਟੈਂਟ ਲਗਾਉਣਾ, ਮੁੱਢਲੀ ਸਹਾਇਤਾ, ਸਕਾਊਟ ਨਿਯਮ, ਝੰਡਾ ਗੀਤ, ਪ੍ਰਾਰਥਨਾ, ਸਕਾਊਟ ਯੂਨੀਫਾਰਮ, ਫਲੈਗ ਪ੍ਰੋਸੀਜਰ,ਲਾਗ ਬੁੱਕ, ਹਾਈਕ ਰਿਪੋਰਟ ਆਦਿ ਬਾਰੇ ਜਾਣਕਾਰੀ ਦਿੱਤੀ ਗਈ। ਕੰਪਾਸ, ਐਸਟੀਮੇਸ਼ਨ ਆਦਿ ਸੰਬੰਧੀ ਟ੍ਰੇਨਿੰਗ ਦਿੰਦਿਆਂ ਪ੍ਰਵੇਸ਼ ਤੋਂ ਤ੍ਰਿਤੀਆ ਸੋਪਾਨ ਤੱਕ ਦੀ ਟੈਸ਼ਟਿੰਗ ਦਾ ਕਾਰਜ ਵੀ ਸੰਪੂਰਨ ਕੀਤਾ ਗਿਆ। ਮੌਖਿਕ, ਪ੍ਰਯੋਗੀ ਅਤੇ ਲਿਖਤੀ ਟ੍ਰੇਨਿੰਗ ਦੇ ਪਾਰਟ ਨਾਲੋ ਨਾਲ ਚਲਦੇ ਰਹੇ। ਕੈਂਪਰਾਂ ਅੰਦਰ ਅਨੁਸ਼ਾਸਨ, ਟੀਮ ਭਾਵਨਾ, ਸੇਵਾ ਭਾਵਨਾ, ਆਤਮ-ਵਿਸ਼ਵਾਸ ਅਤੇ ਸਵੈ-ਨਿਰਭਰਤਾ ਵਰਗੇ ਗੁਣ ਵਿਕਸਿਤ ਹੋਏ। ਸਾਰੇ ਸੈਸ਼ਨ ਬਹੁਤ ਹੀ ਸੁਚੱਜੇ ਢੰਗ ਨਾਲ ਅਤੇ ਸਫਲਤਾਪੂਰਵਕ ਸੰਪੰਨ ਹੋਏ। ਕੈਂਪਰਾਂ ਨੇ ਹਰ ਗਤੀਵਿਧੀ ਵਿੱਚ ਪੂਰੇ ਉਤਸ਼ਾਹ ਨਾਲ ਭਾਗ ਲਿਆ ਅਤੇ ਨਵੀਆਂ ਜਾਣਕਾਰੀਆਂ ਤੇ ਹੁਨਰ ਹਾਸਲ ਕੀਤੇ। ਕੈਂਪ ਦੇ ਸਮਾਪਤੀ ਸਮਾਰੋਹ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਜੀ ਅਤੇ ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਸਮੁੱਚੀ ਟ੍ਰੇਨਿੰਗ ਟੀਮ ਨੂੰ ਯਾਦਗਾਰੀ ਸਨਮਾਨ ਭੇਂਟ ਕੀਤੇ ਗਏ। ਪ੍ਰਿੰਸੀਪਲ ਸਾਹਿਬ ਨੇ ਟ੍ਰੇਨਿੰਗ ਟੀਮ ਦਾ ਧੰਨਵਾਦ ਕਰਦਿਆਂ ਖੁਸ਼ੀ ਜਾਹਿਰ ਕੀਤੀ ਕਿ ਅਜਿਹੇ ਕੈਂਪ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ ।

ਅਨੁਸ਼ਾਸਨ, ਆਤਮ-ਵਿਸ਼ਵਾਸ, ਸੇਵਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੇ ਹਨ। ਪੈਟਰੋਲ ਲੀਡਰਾਂ ਨੇ ਕੈਂਪ ਰਿਪੋਰਟ ਪੇਸ਼ ਕੀਤੀ ਅਤੇ ਸਕਾਊਟਿੰਗ ਦੇ ਫਲਸਫੇ ਮੁਤਾਬਕ ਚੱਲਣ ਦਾ ਵਚਨ ਦਿੱਤਾ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤਜਿੰਦਰਪਾਲ ਸ਼ਰਮਾ, ਵਾਈਸ ਪ੍ਰਧਾਨ ਪ੍ਰਸ਼ੋਤਮ ਮੱਤੀ, ਸੀਨੀਅਰ ਵਾਈਸ ਪ੍ਰਧਾਨ ਡਾ. ਮੱਖਣ ਲਾਲ, ਪ੍ਰਬੰਧਕ ਅੰਮ੍ਰਿਤ ਲਾਲ, ਮੈਂਬਰ ਭੂਸ਼ਣ ਕੁਮਾਰ, ਤੁਸ਼ਾਰ ਕੁਮਾਰ ਆਦਿ ਨੇ ਵੀ ਸੰਬੋਧਨ ਕੀਤਾ।

ਇੰਡੀਅਨ ਮੀਡੀਆ ਐਸੋਸੀਏਸ਼ਨ ਵੱਲੋਂ ਦੀਵਾਲੀ ਸਮਾਰੋਹ ਆਯੋਜਿਤ

ਗਾਇਕ ਬੌਬੀ ਬਾਜਵਾ ਨੇ ਗੀਤਾਂ ਨਾਲ ਰੰਗ ਬੰਨ੍ਹਿਆ



ਪੈ.ਗਾਮ-ਏ-ਜਗਤ/ਅੰਬਾਲਾ 6 ਨਵੰਬਰ (ਆਰ.ਸਿੰਘ)

ਇੰਡੀਅਨ ਮੀਡੀਆ ਐਸੋਸੀਏਸ਼ਨ (ਰਜਿ.) ਵੱਲੋਂ ਸ਼ਹਿਰ ਦੇ ਪੀ.ਡਬਲਯੂ.ਡੀ. ਰੈਸਟ ਹਾਊਸ ਵਿਚ ਪੰਜਵਾਂ ਦੀਵਾਲੀ ਮਿਲਣ ਸਮਾਰੋਹ ਆਯੋਜਿਤ ਕੀਤਾ ਜਿਸ ਵਿਚ ਪੱਤਰਕਾਰਾਂ, ਪਤਵੰਤੇ ਸੱਜਣਾਂ ਅਤੇ ਸ਼ਹਿਰ ਦੇ ਵੱਖ-ਵੱਖ ਸਮਾਜਿਕ ਸੰਗਠਨਾਂ ਦੇ ਨੁਮਾਇੰਦਿਆਂ ਨੇ ਸ਼ਿਰਕਤ ਕੀਤੀ ਅਤੇ ਇੱਕ ਦੂਜੇ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਬਿਲਾਸਪੁਰ (ਹਿਮਾਚਲ ਪ੍ਰਦੇਸ਼) ਭਾਰਤੀ ਜਨਤਾ ਪਾਰਟੀ ਦੇ ਉਪ ਪ੍ਰਧਾਨ ਰਾਜ ਕੁਮਾਰ ਅਰੋੜਾ ਸਨ। ਉਨ੍ਹਾਂ ਨੇ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੰਦੇ ਹੋਏ ਆਪਸੀ ਭਾਈਚਾਰੇ, ਪਿਆਰ ਅਤੇ ਸਦਭਾਵਨਾ ਦਾ ਸੰਦੇਸ਼ ਦਿੱਤਾ।

ਇਸ ਮੌਕੇ ਤੇ ਪੰਜਾਬੀ ਗਾਇਕ, ਨਿਰਦੇਸ਼ਕ ਅਤੇ ਲੇਖਕ ਬੌਬੀ ਬਾਜਵਾ ਨੇ ਸਮਾਰੋਹ ਵਿੱਚ ਆਪਣੇ ਮਿੱਠੇ ਗੀਤ ਸੁਣਾ ਕੇ ਸ਼ਾਨਦਾਰ ਹਾਜ਼ਰੀ ਲਵਾਈ ਮੌਜੂਦ ਲੋਕਾਂ ਦੇ ਦਿਲਾਂ ਨੂੰ ਮੋਹ ਲਿਆ। ਉੱਥੇ ਜਾਦੂਗਰ ਐਸ.ਕੇ. ਸ਼ਰਮਾ ਨੇ ਵੀ ਆਪਣੀਆਂ ਸ਼ਾਨਦਾਰ ਜਾਦੂਈ ਚਾਲਾਂ ਨਾਲ ਸਾਰਿਆਂ ਨੂੰ ਮੋਹਿਤ ਕਰ ਲਿਆ।

ਪ੍ਰੋਗਰਾਮ ਦੌਰਾਨ ਇੰਡੀਅਨ ਮੀਡੀਆ ਐਸੋਸੀਏਸ਼ਨ ਦੇ ਪ੍ਰਧਾਨ ਮਦਨ ਉੱਪਲ ਨੇ ਸਾਰੇ ਮਹਿਮਾਨਾਂ ਅਤੇ ਮੌਜੂਦ ਮੈਂਬਰਾਂ ਦਾ ਸਮਾਰੋਹ ਵਿੱਚ ਸ਼ਾਮਲ ਹੋਣ ਲਈ ਧੰਨਵਾਦ ਕੀਤਾ। ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਆਪਸੀ ਪਿਆਰ, ਭਾਈਚਾਰਕ ਅਤੇ ਸਮਾਜਿਕ ਏਕਤਾ ਨੂੰ ਮਜ਼ਬੂਤ ਕਰਨ ਲਈ ਆਯੋਜਿਤ ਕੀਤੇ ਜਾਂਦੇ ਹਨ। ਇਸ ਮੌਕੇ ’ਤੇ ਗੁਰੂ ਕੀ ਰਹਿਮਤ ਸੰਸਥਾਨ ਦੇ ਪ੍ਰਧਾਨ, ਮੀਡੀਆ ਇੰਚਾਰਜ ਵੀਨੂ ਗਰਗ, ਪਾਰੁਲ ਸਭਰਵਾਲ ਅਤੇ ਬਿੰਮੀ ਰੇਖੀ ਅਤੇ ਹੋਰ ਔਰਤਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ।

ਜਨਤਾ 15 ਨਵੰਬਰ ਤੋਂ ਸ਼ਹੀਦ ਸਮਾਰਕ ਦੇਖ ਸਕੇਗੀ

- ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਹੁਕਮ ਅਨੁਸਾਰ, ਸਮਾਰਕ ਇੱਕ ਮਹੀਨੇ ਲਈ ਮੁਫ਼ਤ ਦਿਖਾਇਆ ਜਾਵੇਗਾ: ਅਨਿਲ ਵਿਜ



ਪੈ.ਗਾਮ-ਏ-ਜਗਤ ਅੰਬਾਲਾ, 6 ਨਵੰਬਰ (ਆਰ.ਸਿੰਘ)

ਹਰਿਆਣਾ ਦੇ ਊਰਜਾ, ਆਵਾਜਾਈ ਅਤੇ ਕਿਰਤ ਮੰਤਰੀ ਅਨਿਲ ਵਿਜ ਨੇ ਕਿਹਾ ਕਿ ਆਜ਼ਾਦੀ ਦੀ ਪਹਿਲੀ ਜੰਗ ਦੇ ਸ਼ਹੀਦਾਂ ਦੇ ਸਮਾਰਕ ਦਾ ਉਦਘਾਟਨ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਵੱਲੋਂ 5 ਨਵੰਬਰ, 2026 ਨੂੰ ਕਰਕੇ ਗਏ ਹਨ। ਉਨ੍ਹਾਂ ਦੱਸਿਆ ਕਿ ਇਹ ਸਮਾਰਕ 15 ਨਵੰਬਰ, 2026 ਤੋਂ ਜਨਤਾ ਲਈ ਖੋਲ੍ਹਿਆ ਜਾਵੇਗਾ ਅਤੇ ਇੱਕ ਮਹੀਨੇ ਲਈ ਰੋਜ਼ਾਨਾ 500 ਲੋਕਾਂ ਨੂੰ ਮੁਫ਼ਤ ਦਿਖਾਇਆ ਜਾਵੇਗਾ।

ਸ੍ਰੀ ਵਿਜ ਅੱਜ ਇੱਥੇ ਇੱਕ ਮੀਡੀਆ ਬਾਈਟ ਦੌਰਾਨ ਇਹ ਜਾਣਕਾਰੀ ਦੇ ਰਹੇ ਸਨ। ਵਿਜ ਨੇ ਦੱਸਿਆ ਕਿ ਸਮਾਰਕ ਦਾ ਦੌਰਾ ਕਰਨ ਲਈ ਜਨਤਾ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 3 ਵਜੇ ਤੱਕ ਟਿਕਟਾਂ ਬੁੱਕ ਕਰਨੀਆਂ ਪੈਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਹੁਕਮਾਂ ਅਨੁਸਾਰ ਸਮਾਰਕ ਇੱਕ ਮਹੀਨੇ ਲਈ ਮੁਫ਼ਤ ਵਿੱਚ ਖੁੱਲ੍ਹਾ ਰਹੇਗਾ ਅਤੇ ਇਸ ਮਹੀਨੇ ਲਈ ਰੋਜ਼ਾਨਾ ਸਿਰਫ਼ 500 ਲੋਕਾਂ ਨੂੰ ਹੀ ਸਮਾਰਕ ਦੇਖਣ ਦੀ ਇਜਾਜ਼ਤ ਹੋਵੇਗੀ। ਉਨ੍ਹਾਂ ਦੱਸਿਆ ਕਿ ਜੋ ਲੋਕ ਸਮਾਰਕ ’ਤੇ ਜਾਣਾ ਚਾਹੁੰਦੇ ਹਨ ਉਨ੍ਹਾਂ ਨੂੰ ਵੀ ਆਪਣੀਆਂ ਟਿਕਟਾਂ ਬੁੱਕ ਕਰਨੀਆਂ ਚਾਹੀਦੀਆਂ ਹਨ। ਉਹ ambalawarmemorial.com ’ਤੇ ਜਾ ਕੇ ਆਪਣੀਆਂ ਟਿਕਟਾਂ ਔਨਲਾਈਨ ਬੁੱਕ ਕਰ ਸਕਦੇ ਹਨ। ਇਸ ਤੋਂ ਇਲਾਵਾ ਸਮਾਰਕ ’ਤੇ ਟਿਕਟਿੰਗ ਦਾ ਪ੍ਰਬੰਧ ਕੀਤਾ ਗਿਆ ਹੈ। ਸ਼ਹੀਦ ਸਮਾਰਕ ਦੇ ਡਾਇਰੈਕਟਰ ਡਾ. ਕੁਲਦੀਪ ਸੈਣੀ ਨੇ ਦੱਸਿਆ ਕਿ ਸ਼ਹੀਦ ਸਮਾਰਕ ਸ਼ੁਰੂ ਵਿੱਚ ਥੋੜ੍ਹੇ ਸਮੇਂ ਲਈ ਮੁਫ਼ਤ ਹੋਵੇਗਾ।

ਸਮਾਰਕ ਦੇਖਣ ਲਈ ਸੈਲਾਨੀਆਂ ਨੂੰ ਸ਼ਹੀਦ ਸਮਾਰਕ ਦੀ ਵੈੱਬਸਾਈਟ ’ਤੇ ਇੱਕ ਸਲਾਟ ਬੁੱਕ ਕਰਨਾ ਹੋਵੇਗਾ। ਸਿਰਫ਼ ਬੁਕਿੰਗ ਵਾਲੇ ਲੋਕਾਂ ਨੂੰ ਹੀ ਸਮਾਰਕ ’ਤੇ ਜਾਣ ਦੀ ਇਜਾਜ਼ਤ ਹੋਵੇਗੀ। ਲੋਕ ਰੋਜ਼ਾਨਾ ਆਉਣਗੇ।

ਲਾਇੰਸ ਕਲੱਬ ਰਤੀਆ ਸਿਟੀ ਵੱਲੋਂ ਲੋੜਵੰਦ ਵਿਦਿਆਰਥਣਾਂ ਨਾਲ ਮਿਠਾਈ ਅਤੇ ਫਲ ਵੰਡ ਕੇ ਦੀਵਾਲੀ ਮਨਾਈ

- ਲਾਇਨ ਸ਼ਿਵ ਕੁਮਾਰ ਗਰਗ ਅਤੇ ਸਕੱਤਰ ਸੁਖਚਰਨ ਦਾਸ ਅਰੋੜਾ ਨੇ ਮਿਠਾਈ ਅਤੇ ਫਲ ਵੰਡੇ



ਪੈਗਾਮ-ਏ-ਜਗਤ ਰਤੀਆ, 6 ਨਵੰਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

ਲਾਇੰਸ ਕਲੱਬ ਰਤੀਆ ਸਿਟੀ ਵੱਲੋਂ ਦੀਵਾਲੀ ਦੇ ਪਵਿੱਤਰ ਤਿਉਹਾਰ ਨੂੰ ਸਮਾਜਿਕ ਸਰੋਕਾਰ ਅਤੇ ਖੁਸ਼ੀਆਂ ਵੰਡਣ ਦੇ ਉਦੇਸ਼ ਨਾਲ ਵਿਸ਼ੇਸ਼ ਪ੍ਰੋਗਰਾਮ ਕਸਤੂਰਬਾ ਗਾਂਧੀ ਬਾਲਿਕਾ ਵਿਦਿਆਲਿਆ ਪਿੰਡ ਖਾਈ ਵਿੱਚ ਕਲੱਬ ਦੇ ਮੈਂਬਰਾਂ ਨੇ ਮਿਲ ਕੇ ਹੋਸਟਲ ਵਿੱਚ ਰਹਿ ਰਹੀਆਂ ਲੋੜਵੰਦ ਵਿਦਿਆਰਥਣਾਂ ਨਾਲ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।

ਇਸ ਮੌਕੇ ਪ੍ਰਧਾਨ ਗੋਪਾਲ ਚੰਦ ਕੁਲਰੀਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਬੱਚੀਆਂ ਆਪਣੇ ਮਾਤਾ-ਪਿਤਾ ਅਤੇ ਪਰਿਵਾਰ ਤੋਂ ਦੂਰ ਹੋਸਟਲ ਵਿੱਚ ਰਹਿ ਕੇ ਸਿੱਖਿਆ ਪ੍ਰਾਪਤ ਕਰ ਰਹੀਆਂ ਹਨ। ਅਜਿਹੇ ਵਿੱਚ ਤਿਉਹਾਰਾਂ ਦੀਆਂ ਖੁਸ਼ੀਆਂ ਵਿੱਚ ਉਨ੍ਹਾਂ ਨੂੰ ਵੀ ਸ਼ਾਮਲ ਕਰਨ ਦੇ ਉਦੇਸ਼ ਨਾਲ ਕਲੱਬ ਦੇ ਉਪ ਪ੍ਰਧਾਨ ਲਾਇਨ ਸ਼ਿਵ ਕੁਮਾਰ ਗਰਗ ਅਤੇ ਸਕੱਤਰ ਲਾਇਨ ਸੁਖਚਰਨ ਦਾਸ ਅਰੋੜਾ ਵੱਲੋਂ ਵਿਦਿਆਰਥਣਾਂ ਨੂੰ ਦੀਵਾਲੀ ਦੀਆਂ ਮਿਠਾਈਆਂ ਅਤੇ ਫਲ, ਜਲਜੀਰਾ ਵੰਡੇ ਗਏ। ਪ੍ਰਿੰਸੀਪਲ ਅਬਨੀਸ਼ ਗਰਗ ਨੇ ਸਵਾਗਤ ਕੀਤਾ। ਸਾਹਿਤਕਾਰ ਡਾ. ਨਾਇਬ ਸਿੰਘ ਮੰਡੇਰ ਨੇ ਕਿਹਾ ਕਿ ਸਮਾਜ ਸੇਵਾ ਵਿੱਚ ਮੋਹਰੀ ਭੂਮਿਕਾ ਨਿਭਾਉਣ ਵਾਲੀ ਸੰਸਥਾ ਲਾਇਨ ਕਲੱਬ ਆਪਣੇ ਉਦੇਸ਼ ਦੀ ਪੂਰਤੀ ਲਈ ਵੱਖ-ਵੱਖ ਪ੍ਰੋਜੈਕਟਾਂ ਤਹਿਤ ਸੇਵਾ ਕਾਰਜ ਕਰਦੀ ਹੈ, ਇਸ ਮੌਕੇ ਬੁਲਾਰੇ ਚਰਨਜੀਤ ਸਿੰਘ ਨੇ ਧੰਨਵਾਦ ਦੇ ਸ਼ਬਦ ਕਹੇ। ਇਸ ਮੌਕੇ ਉਪ ਪ੍ਰਧਾਨ ਸ਼ਿਵ ਕੁਮਾਰ ਗਰਗ, ਕਲੱਬ ਦੇ ਡਾਇਰੈਕਟਰ ਵਿਜੇ ਗਰੋਵਰ, ਰਾਜ ਕੁਮਾਰ ਗੋਇਲ, ਚਰਨਜੀਤ ਸਿੰਘ, ਸੋਨੂੰ ਗਰਗ, ਸੁਨੀਤਾ ਮੋਂਗਾ, ਸ਼ੀਨੂੰ, ਸੀਮਾ ਰਾਣੀ, ਸਰਿਤਾ, ਕੰਵਰਜੀਤ ਸਿੰਘ, ਬਨਵਾਰੀ ਲਾਲ, ਨਿਸ਼ਾ ਰਾਣੀ ਸਮੇਤ ਸਟਾਫ ਹਾਜ਼ਰ ਸੀ।

ਧਨਤੇਰਸ ਮੌਕੇ ਕਰਨਾਲ ਦੇ ਬਾਜ਼ਾਰਾਂ ਵਿੱਚ ਭਾਰੀ ਭੀੜ, ਸੋਨੇ-ਚਾਂਦੀ ਦੀ ਖਰੀਦਦਾਰੀ 100 ਕਰੋੜ ਤੋਂ ਪਾਰ ਹੋਣ ਦਾ ਅਨੁਮਾਨ



ਪੈ.ਗਾਮ-ਏ-ਜਗਤ/ਕਰਨਾਲ 6 ਨਵੰਬਰ, (ਪ੍ਰਵੀਣ ਵਾਲੀਆ)

ਧਨਤੇਰਸ ਦੇ ਤਿਉਹਾਰ ਮੌਕੇ ਕਰਨਾਲ ਦੇ ਬਾਜ਼ਾਰਾਂ ਵਿੱਚ ਸਵੇਰ ਤੋਂ ਹੀ ਖਰੀਦਦਾਰਾਂ ਦੀ ਭਾਰੀ ਭੀੜ ਰਹੀ। ਲੋਕਾਂ ਨੇ ਸ਼ੁਭ ਮਹੂਰਤ ਵਿੱਚ ਸੋਨੇ-ਚਾਂਦੀ ਦੇ ਸਿੱਕੇ, ਭਾਂਡੇ ਅਤੇ ਗਹਿਣਿਆਂ ਦੀ ਖਰੀਦਦਾਰੀ ਕੀਤੀ। ਦੇਰ ਸ਼ਾਮ ਤੱਕ ਬਾਜ਼ਾਰਾਂ ਵਿੱਚ ਰੌਣਕ ਬਣੀ ਰਹੀ ਅਤੇ ਸ਼ਹਿਰ ਵਿੱਚ 100 ਕਰੋੜ ਰੁਪਏ ਤੋਂ ਵੱਧ ਦੀ ਖਰੀਦਦਾਰੀ ਹੋਣ ਦਾ ਅਨੁਮਾਨ ਹੈ। ਕਰਨ ਮਾਰਕੀਟ, ਨਹਿਰੂ ਪੈਲੇਸ ਅਤੇ ਸਰਾਫ਼ਾ ਬਾਜ਼ਾਰ ਸਮੇਤ ਪ੍ਰਮੁੱਖ ਬਾਜ਼ਾਰਾਂ ਨੂੰ ਸਜਾਇਆ ਗਿਆ ਸੀ। ਭਾਂਡਿਆਂ ਦੀਆਂ ਦੁਕਾਨਾਂ ’ਤੇ ਪਰਿਵਾਰਾਂ ਅਤੇ ਔਰਤਾਂ ਦੀ ਭੀੜ ਰਹੀ, ਜਦਕਿ ਗਹਿਣਿਆਂ ਦੇ ਸ਼ੋਅਰੂਮਾਂ ਵਿੱਚ ਸੋਨੇ-ਚਾਂਦੀ ਦੇ ਸਿੱਕਿਆਂ ਅਤੇ ਗਹਿਣਿਆਂ ਦੀ ਚੰਗੀ ਮੰਗ ਰਹੀ। ਮਠਿਆਈਆਂ ਦੀਆਂ ਦੁਕਾਨਾਂ ’ਤੇ ਵੀ ਗਾਹਕਾਂ ਦੀ ਭੀੜ ਦੇਖਣ ਨੂੰ ਮਿਲੀ।

ਕੀਮਤਾਂ ਘਟਣ ਨਾਲ ਖਰੀਦਦਾਰੀ ਵਧੀ

ਨਹਿਰੂ ਪੈਲੇਸ ਸਥਿਤ ਓ.ਪੀ.ਐੱਸ. ਜਿਊਲਰੀ ਹਾਊਸ ਦੇ ਅਮਨ ਗੁਪਤਾ ਨੇ ਦੱਸਿਆ ਕਿ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਘਟਣ ਕਾਰਨ ਖਰੀਦਦਾਰੀ ਵਿੱਚ ਵਾਧਾ ਹੋਇਆ ਹੈ। ਓ.ਪੀ.ਐੱਸ. ਜਿਊਲਰਜ਼ ਦੇ ਸੰਚਾਲਕ ਕੈਲਾਸ਼ ਚੰਦਰ ਗੁਪਤਾ ਨੇ ਵੀ ਗਾਹਕਾਂ ਦੇ ਉਤਸ਼ਾਹ ਬਾਰੇ ਦੱਸਿਆ। ਬਜਾਜ ਜਿਊਲਰਜ਼ ਦੇ ਪੁਨੀਤ ਬਜਾਜ ਅਨੁਸਾਰ ਚਾਂਦੀ ਦੇ ਸਿੱਕਿਆਂ ਦੀ ਵਿਸ਼ੇਸ਼ ਮੰਗ ਰਹੀ ਅਤੇ ਉਨ੍ਹਾਂ ਦੇ ਅਦਾਰੇ ਵੱਲੋਂ ਸਿੱਕਿਆਂ ਦੀ ਸ਼ੁੱਧਤਾ ਦੀ ਗਾਰੰਟੀ ਦਿੱਤੀ ਜਾਂਦੀ ਹੈ।

ਨਕਲੀ ਸਿੱਕਿਆਂ ਤੋਂ ਸਾਵਧਾਨ ਰਹਿਣ ਦੀ ਲੋੜ

ਬਾਜ਼ਾਰ ਵਿੱਚ ਗਿਲਟ ਦੇ ਸਿੱਕਿਆਂ ਨੂੰ ਚਾਂਦੀ ਦੇ ਸਿੱਕੇ ਦੱਸ ਕੇ ਵੇਚਣ ਅਤੇ ਚਾਂਦੀ ਦੀ ਪਰਤ ਵਾਲੇ ਭਾਂਡਿਆਂ ਦੀ ਵਿਕਰੀ ਸਬੰਧੀ ਸ਼ਿਕਾਇਤਾਂ ਵੀ ਸਾਹਮਣੇ ਆਈਆਂ। ਗਾਹਕਾਂ ਨੂੰ ਖਰੀਦਦਾਰੀ ਸਮੇਂ ਹਾਲਮਾਰਕ, ਸ਼ੁੱਧਤਾ ਦੇ ਪ੍ਰਮਾਣ ਪੱਤਰ ਅਤੇ ਪੱਕੇ ਬਿੱਲ ਦੀ ਜਾਂਚ ਕਰਨ ਦੀ ਸਲਾਹ ਦਿੱਤੀ ਗਈ। ਕੱਚੀਆਂ ਰਸੀਦਾਂ ਰਾਹੀਂ ਲੈਣ-ਦੇਣ ਨੂੰ ਲੈ ਕੇ ਵੀ ਸਵਾਲ ਉੱਠੇ।

ਦੀਵਾਲੀ ਪੂਜਾ ਦਾ ਸ਼ੁਭ ਸਮਾਂ

ਜੋਤਸ਼ੀ ਏ.ਸੀ. ਸ਼ਰਮਾ ਨੇ ਦੱਸਿਆ ਕਿ 50 ਸਾਲ ਤੋਂ ਵੱਧ ਸਮੇਂ ਬਾਅਦ ਇਸ ਵਾਰ ਦੀਵਾਲੀ ਐਤਵਾਰ ਨੂੰ ਆ ਰਹੀ ਹੈ। ਉਨ੍ਹਾਂ ਅਨੁਸਾਰ ਸ਼ਾਮ 5:30 ਤੋਂ 7:25 ਵਜੇ ਤੱਕ ਬ੍ਰਿਸ਼ਭ ਲਗਨ ਵਿੱਚ ਲਕਸ਼ਮੀ ਪੂਜਾ ਦਾ ਸਭ ਤੋਂ ਵਧੀਆ ਸਮਾਂ ਹੈ। ਇਸ ਤੋਂ ਇਲਾਵਾ ਰਾਤ 9:10 ਤੋਂ 11:10 ਵਜੇ ਅਤੇ ਅੱਧੀ ਰਾਤ 12:30 ਤੋਂ 1:30 ਵਜੇ ਤੱਕ ਵੀ ਪੂਜਾ ਕੀਤੀ ਜਾ ਸਕਦੀ ਹੈ।

ਬਾਜ਼ਾਰਾਂ ਵਿੱਚ ਸੁਰੱਖਿਆ ਦੇ ਵਿਸ਼ੇਸ਼ ਪ੍ਰਬੰਧ

ਤਿਉਹਾਰੀ ਭੀੜ ਨੂੰ ਦੇਖਦਿਆਂ ਪੁਲਿਸ ਵੱਲੋਂ ਪ੍ਰਮੁੱਖ ਬਾਜ਼ਾਰਾਂ ਵਿੱਚ ਵਾਧੂ ਮੁਲਾਜ਼ਮ ਤਾਇਨਾਤ ਕੀਤੇ ਗਏ। ਮਹਿਲਾ ਪੁਲਿਸ ਮੁਲਾਜ਼ਮਾਂ ਦੀ ਵੀ ਡਿਊਟੀ ਲਗਾਈ ਗਈ। ਸੀਸੀਟੀਵੀ ਕੈਮਰਿਆਂ ਵਾਲੀਆਂ ਪੁਲਿਸ ਗੱਡੀਆਂ ਅਤੇ ਸਰਾਫ਼ਾ ਬਾਜ਼ਾਰ ਤੇ ਕਰਨ ਗੇਟ ਵਿਖੇ ਸਥਾਪਤ ਸੁਰੱਖਿਆ ਟਾਵਰਾਂ ਰਾਹੀਂ ਨਿਗਰਾਨੀ ਕੀਤੀ ਗਈ। ਪੁਲਿਸ ਦੀ ਗਸ਼ਤ ਕਾਰਨ ਭਾਰੀ ਭੀੜ ਦੇ ਬਾਵਜੂਦ ਆਵਾਜਾਈ ਅਤੇ ਕਾਨੂੰਨ-ਵਿਵਸਥਾ ਕਾਫ਼ੀ ਹੱਦ ਤੱਕ ਕਾਬੂ ਹੇਠ ਰਹੀ।

ਦੋਪਹੀਆ ਵਾਹਨ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਚਾਰ ਮੁਲਜ਼ਮ ਗ੍ਰਿਫ਼ਤਾਰ



ਪੈ.ਗਾਮ-ਏ-ਜਗਤ/ਕਰਨਾਲ 06 ਨਵੰਬਰ (ਪ੍ਰਵੀਨ ਵਾਲੀਆ)

ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਪੁਲਿਸ ਕਪਤਾਨ ਕਰਨਾਲ ਸ਼੍ਰੀ ਕਰਨ ਗੋਇਲ, ਆਈਪੀਐਸ ਦੇ ਕੁਸ਼ਲ ਮਾਰਗਦਰਸ਼ਨ ਅਤੇ ਦਿਸ਼ਾ-ਨਿਰਦੇਸ਼ਨ ਵਿੱਚ ਵਾਹਨ ਚੋਰੀ ਦੀਆਂ ਵਾਰਦਾਤਾਂ ’ਤੇ ਰੋਕ

- ਮੁਲਜ਼ਮਾਂ ਦੇ ਕਬਜ਼ੇ ’ਚੋਂ ਚੋਰੀ ਦੀਆਂ ਕੁੱਲ 12 ਮੋਟਰਸਾਈਕਲਾਂ ਬਰਾਮਦ, ਜ਼ਿਲ੍ਹੇ ਦੇ ਵੱਖ-ਵੱਖ ਥਾਣਾ ਖੇਤਰਾਂ ’ਚੋਂ ਕੀਤੀਆਂ ਗਈਆਂ ਸਨ ਚੋਰੀਆਂ

ਲਗਾਉਣ ਲਈ ਲਗਾਤਾਰ ਪ੍ਰਭਾਵੀ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਵਿੱਚ ਐਂਟੀ ਆਟੋ ਥੈਫਟ ਸੀਆਈਏ-1 ਕਰਨਾਲ ਦੀ ਟੀਮ ਨੇ ਇੰਚਾਰਜ ਸਹਾਇਕ ਸਬ ਇੰਸਪੈਕਟਰ ਸੁਰੇਸ਼ ਗਹਿਲਾਵਤ ਦੀ ਅਗਵਾਈ ਵਿੱਚ ਕਾਰਵਾਈ ਕਰਦਿਆਂ ਮੋਟਰਸਾਈਕਲ ਚੋਰੀ ਦੀਆਂ ਵੱਖ-ਵੱਖ ਵਾਰਦਾਤਾਂ ਵਿੱਚ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ’ਚੋਂ ਚੋਰੀ ਦੀਆਂ ਕੁੱਲ 12 ਮੋਟਰਸਾਈਕਲਾਂ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਇਸ ਸਬੰਧ ਵਿੱਚ ਐਂਟੀ ਆਟੋ ਥੈਫਟ ਇੰਚਾਰਜ ਸਹਾਇਕ ਸਬ ਇੰਸਪੈਕਟਰ ਸੁਰੇਸ਼ ਕੁਮਾਰ ਗਹਿਲਾਵਤ ਨੇ ਪ੍ਰੈੱਸ ਵਾਰਤਾ ਦੌਰਾਨ ਦੱਸਿਆ ਕਿ ਵਾਹਨ ਚੋਰੀ ਦੀਆਂ ਵਾਰਦਾਤਾਂ ’ਤੇ ਰੋਕ ਲਗਾਉਣ ਲਈ ਤਿੰਨ ਪੁਲਿਸ ਟੀਮਾਂ ਦਾ ਗਠਨ ਕੀਤਾ ਗਿਆ ਸੀ। ਗੁਪਤ ਸੂਚਨਾ ਦੇ ਆਧਾਰ ’ਤੇ ਕਾਰਵਾਈ ਕਰਦਿਆਂ ਪਹਿਲੀ ਟੀਮ ਨੇ ਸਹਾਇਕ ਸਬ ਇੰਸਪੈਕਟਰ ਦਲੀਪ ਸਿੰਘ ਦੀ ਅਗਵਾਈ ਵਿੱਚ ਮੁਲਜ਼ਮ ਸੌਰਭ ਅਤੇ ਰੋਹਿਤ ਉਰਫ਼ ਜਾਮਣ, ਵਾਸੀ ਪਿੰਡ ਲਲਯਾਣੀ, ਥਾਣਾ ਤਰਾਵੜੀ, ਜ਼ਿਲ੍ਹਾ ਕਰਨਾਲ ਨੂੰ ਸੈਕਟਰ-16 ਕਰਨਾਲ ਨੇੜੇ ਚੋਰੀਸ਼ੁਦਾ ਮੋਟਰਸਾਈਕਲ ਸਮੇਤ ਗ੍ਰਿਫ਼ਤਾਰ ਕੀਤਾ। ਪੁੱਛਗਿੱਛ ਅਤੇ ਨਿਸ਼ਾਨਦੇਹੀ ਦੇ ਆਧਾਰ ’ਤੇ ਮੁਲਜ਼ਮਾਂ ਦੇ ਕਬਜ਼ੇ ’ਚੋਂ ਕੁੱਲ 5 ਚੋਰੀਸ਼ੁਦਾ ਮੋਟਰਸਾਈਕਲਾਂ ਬਰਾਮਦ ਕੀਤੀਆਂ ਗਈਆਂ।

ਇਸੇ ਤਰ੍ਹਾਂ ਦੂਜੀ ਟੀਮ ਨੇ ਸਹਾਇਕ ਸਬ ਇੰਸਪੈਕਟਰ ਰਿਸ਼ੀਪਾਲ ਦੀ ਅਗਵਾਈ ਵਿੱਚ ਮੁਲਜ਼ਮ ਅੰਮ੍ਰਿਤਪਾਲ ਸਿੰਘ ਉਰਫ਼ ਲੱਕੀ, ਵਾਸੀ ਨੀਲੋਖੇੜੀ, ਥਾਣਾ ਬੁਟਾਣਾ, ਜ਼ਿਲ੍ਹਾ ਕਰਨਾਲ ਨੂੰ ਸੈਕਟਰ-16 ਕਰਨਾਲ ਤੋਂ ਚੋਰੀਸ਼ੁਦਾ ਮੋਟਰਸਾਈਕਲ ਸਮੇਤ ਗ੍ਰਿਫ਼ਤਾਰ ਕੀਤਾ। ਮੁਲਜ਼ਮ ਦੀ ਨਿਸ਼ਾਨਦੇਹੀ ’ਤੇ ਕੁੱਲ 3 ਚੋਰੀਸ਼ੁਦਾ ਮੋਟਰਸਾਈਕਲਾਂ ਬਰਾਮਦ ਕੀਤੀਆਂ ਗਈਆਂ।

ਜਦਕਿ ਤੀਜੀ ਟੀਮ ਨੇ ਮੁੱਖ ਸਿਪਾਹੀ ਸੁਖਮਹਿੰਦਰ ਸਿੰਘ ਦੀ ਅਗਵਾਈ ਵਿੱਚ ਕਾਰਵਾਈ ਕਰਦਿਆਂ ਮੁਲਜ਼ਮ ਵਿਸ਼ਾਲ ਉਰਫ਼ ਵਿਸ਼ੂ, ਵਾਸੀ ਪਿੰਡ ਡਾਚਰ, ਥਾਣਾ ਨਿਸਿੰਗ, ਜ਼ਿਲ੍ਹਾ ਕਰਨਾਲ ਨੂੰ ਕਰਨਾਲ-ਨਿਸਿੰਗ ਰੋਡ ਤੋਂ ਚੋਰੀਸ਼ੁਦਾ ਮੋਟਰਸਾਈਕਲ ਸਮੇਤ ਗ੍ਰਿਫ਼ਤਾਰ ਕੀਤਾ। ਮੁਲਜ਼ਮ ਦੇ ਕਬਜ਼ੇ ’ਚੋਂ ਕੁੱਲ 4 ਚੋਰੀਸ਼ੁਦਾ ਮੋਟਰਸਾਈਕਲਾਂ ਬਰਾਮਦ ਕੀਤੀਆਂ ਗਈਆਂ।

ਇਸ ਤਰ੍ਹਾਂ ਪੁਲਿਸ ਟੀਮਾਂ ਵੱਲੋਂ ਚਾਰੇ ਮੁਲਜ਼ਮਾਂ ਦੇ ਕਬਜ਼ੇ ’ਚੋਂ ਚੋਰੀ ਦੀਆਂ ਕੁੱਲ 12 ਮੋਟਰਸਾਈਕਲਾਂ ਬਰਾਮਦ ਕੀਤੀਆਂ ਜਾ ਚੁੱਕੀਆਂ ਹਨ। ਸ਼ੁਰੂਆਤੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਬਰਾਮਦ ਮੋਟਰਸਾਈਕਲਾਂ ਥਾਣਾ ਸ਼ਹਿਰ ਕਰਨਾਲ, ਥਾਣਾ ਸਿਵਲ ਲਾਈਨ ਕਰਨਾਲ, ਥਾਣਾ ਨਿਸਿੰਗ, ਥਾਣਾ ਇੰਦਰੀ, ਥਾਣਾ ਬੁਟਾਣਾ, ਥਾਣਾ ਸੈਕਟਰ-32/33 ਕਰਨਾਲ ਅਤੇ ਥਾਣਾ ਤਰਾਵੜੀ ਦੇ ਖੇਤਰ ’ਚੋਂ ਚੋਰੀ ਕੀਤੀਆਂ ਗਈਆਂ ਸਨ।

ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਮੁਲਜ਼ਮ ਸੌਰਭ ਪਹਿਲਾਂ ਵੀ ਚੋਰੀ ਦੇ ਮਾਮਲਿਆਂ ਵਿੱਚ ਕਰਨਾਲ ਜੇਲ੍ਹ ਵਿੱਚ ਰਹਿ ਚੁੱਕਾ ਹੈ। ਮੁਲਜ਼ਮ ਅੰਮ੍ਰਿਤਪਾਲ ਸਿੰਘ ਉਰਫ਼ ਲੱਕੀ ਲੜਾਈ-ਝਗੜੇ ਦੇ ਮਾਮਲੇ ਵਿੱਚ ਕਰਨਾਲ ਜੇਲ੍ਹ ਵਿੱਚ ਰਹਿ ਚੁੱਕਾ ਹੈ, ਜਦਕਿ ਮੁਲਜ਼ਮ ਰੋਹਿਤ ਉਰਫ਼ ਜਾਮਣ ਅਗਵਾ ਦੇ ਮਾਮਲੇ ਵਿੱਚ ਪਟਿਆਲਾ, ਪੰਜਾਬ ਦੀ ਜੇਲ੍ਹ ਵਿੱਚ ਰਹਿ ਚੁੱਕਾ ਹੈ।

ਪੁਲਿਸ ਵੱਲੋਂ ਮੁਲਜ਼ਮਾਂ ਤੋਂ ਪੁੱਛਗਿੱਛ ਕਰਕੇ ਵਾਹਨ ਚੋਰੀ ਦੀਆਂ ਹੋਰ ਵਾਰਦਾਤਾਂ ਸਬੰਧੀ ਜਾਣਕਾਰੀ ਇਕੱਠੀ ਕੀਤੀ ਗਈ। ਚਾਰੇ ਮੁਲਜ਼ਮਾਂ ਨੂੰ ਅੱਜ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਅਦਾਲਤ ਦੇ ਹੁਕਮਾਂ ਅਨੁਸਾਰ ਉਨ੍ਹਾਂ ਨੂੰ ਨਿਆਂਇਕ ਹਿਰਾਸਤ ਵਿੱਚ ਜ਼ਿਲ੍ਹਾ ਜੇਲ੍ਹ ਭੇਜ ਦਿੱਤਾ ਗਿਆ।

ਅੰਬਾਲਾ ਰੇਲਵੇ ਡਵੀਜ਼ਨ ਨੇ ਕਰਮਭੂਮੀ ਦੇ ਯਾਤਰੀਆਂ ਲਈ ਭੋਜਨ, ਬੱਸਾਂ ਅਤੇ ਦੋ ਵਿਸ਼ੇਸ਼ ਰੇਲਗੱਡੀਆਂ ਦਾ ਕੀਤਾ ਪ੍ਰਬੰਧ

ਪੈ.ਗਾਮ-ਏ-ਜਗਤ ਅੰਬਾਲਾ, 6 ਨਵੰਬਰ (ਆਰ.ਸਿੰਘ)

ਡੀਆਰਐਮ ਦਫ਼ਤਰ ਅੰਬਾਲਾ ਕੈਂਟ ਤੋਂ ਜਾਰੀ ਕੀਤੀ ਗਈ ਸੂਚਨਾ ਅਨੁਸਾਰ ਸਰਾਏ ਬੰਜਾਰਾ ਸਟੇਸ਼ਨ ਦੇ ਨੇੜੇ ਅੰਮ੍ਰਿਤਸਰ ਤੋਂ ਨਿਊ ਜਲਪਾਈਗੁੜੀ ਜਾ ਰਹੀ ਕਰਮਭੂਮੀ ਐਕਸਪ੍ਰੈੱਸ ਵਿੱਚ ਅੱਗ ਲੱਗਣ ਦੀ ਘਟਨਾ ਤੋਂ ਬਾਅਦ ਅੰਬਾਲਾ ਡਵੀਜ਼ਨ ਰੇਲਵੇ ਪ੍ਰਸ਼ਾਸਨ ਅਤੇ ਪੰਜਾਬ ਰਾਜ ਪ੍ਰਸ਼ਾਸਨ ਨੇ ਤੁਰੰਤ ਕਾਰਵਾਈ ਕੀਤੀ ਅਤੇ ਯਾਤਰੀਆਂ ਦੀ ਸੁਰੱਖਿਆ, ਸਹੂਲਤ ਅਤੇ ਸੁਰੱਖਿਅਤ ਆਵਾਜਾਈ ਲਈ ਵਿਆਪਕ ਪ੍ਰਬੰਧ ਕੀਤੇ। ਘਟਨਾ ਦੀ ਸੂਚਨਾ ਮਿਲਦੇ ਹੀ ਰੇਲਵੇ ਅਤੇ ਰਾਜ ਪ੍ਰਸ਼ਾਸਨ ਹਰਕਤ ਵਿੱਚ ਆ ਗਿਆ। ਪੰਜਾਬ ਰਾਜ ਪ੍ਰਸ਼ਾਸਨ ਨੇ ਤੁਰੰਤ ਐਂਬੂਲੈਂਸਾਂ, ਫਾਇਰ ਫਾਈਟਰਾਂ ਅਤੇ ਪੁਲੀਸ ਨੂੰ ਘਟਨਾ ਸਥਾਨ ’ਤੇ ਭੇਜਿਆ। ਰੇਲਵੇ ਪ੍ਰਸ਼ਾਸਨ ਨੇ ਸੁਰੱਖਿਆ ਕਾਰਨਾਂ ਕਰਕੇ ਓਵਰ ਹੈੱਡ ਇਲੈਕਟ੍ਰਿਕ ਲਾਈਨਾਂ ਦੋਵਾਂ ਦੀ ਬਿਜਲੀ ਵੀ ਕੱਟ ਦਿੱਤੀ। ਇਸ ਤੋਂ ਇਲਾਵਾ, ਗਾਰਡ ਅਤੇ ਲੋਕੋ ਪਾਇਲਟ ਨੇ ਸਥਿਤੀ ਨੂੰ ਕਾਬੂ ਕਰਨ ਅਤੇ ਯਾਤਰੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪ੍ਰਭਾਵਿਤ ਡੱਬਿਆਂ ਨੂੰ ਰੇਲਗੱਡੀ ਤੋਂ ਵੱਖ ਕਰ ਦਿੱਤਾ।

ਰੇਲਗੱਡੀ ਵਿੱਚ ਲਗਭਗ 1,500 ਯਾਤਰੀ ਸਵਾਰ ਸਨ। ਯਾਤਰੀਆਂ ਨੂੰ ਤੁਰੰਤ ਰਾਹਤ ਪ੍ਰਦਾਨ ਕਰਨ ਲਈ ਸਥਾਨਕ ਤੌਰ ’ਤੇ ਉਪਲਬਧ ਆਵਾਜਾਈ, ਜਿਸ ਵਿੱਚ ਪੰਜਾਬ ਟਰਾਂਸਪੋਰਟ ਬੱਸਾਂ ਸ਼ਾਮਲ ਹਨ, ਦਾ ਪ੍ਰਬੰਧ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਰਾਏ ਬੰਜਾਰਾ ਸਟੇਸ਼ਨ ਭੇਜਿਆ ਗਿਆ। ਸਟੇਸ਼ਨ ’ਤੇ ਯਾਤਰੀਆਂ ਲਈ ਭੋਜਨ, ਪੀਣ ਵਾਲੇ ਪਾਣੀ, ਚਾਹ ਅਤੇ ਬਿਸਕੁਟਾਂ ਦਾ ਪ੍ਰਬੰਧ ਕੀਤਾ ਗਿਆ। ਇਸ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਸਹਿਯੋਗ ਨਾਲ, ਯਾਤਰੀਆਂ ਲਈ ਲੰਗਰ ਦਾ ਵੀ ਪ੍ਰਬੰਧ ਕੀਤਾ ਗਿਆ।

ਰੇਲਵੇ ਪ੍ਰਸ਼ਾਸਨ ਨੇ ਵਿਘਨ ਪਏ ਰੇਲ ਸੈਕਸ਼ਨ ਨੂੰ ਸਾਫ਼ ਕਰ ਦਿੱਤਾ ਹੈ ਅਤੇ ਸਰਾਏ ਬੰਜਾਰਾ ਸਟੇਸ਼ਨ ਤੋਂ ਨਿਊ ਜਲਪਾਈਗੁੜੀ ਤੱਕ ਦੋ ਵਿਸ਼ੇਸ਼ ਰੇਲਗੱਡੀਆਂ ਚਲਾਈਆਂ ਹਨ ਤਾਂ ਜੋ ਯਾਤਰੀਆਂ ਦੇ ਉਨ੍ਹਾਂ ਦੇ ਟਿਕਾਣਿਆਂ ’ਤੇ ਸੁਰੱਖਿਅਤ ਪਹੁੰਚ ਨੂੰ ਯਕੀਨੀ ਬਣਾਇਆ ਜਾ ਸਕੇ ਜਿਸ ਨਾਲ ਪ੍ਰਭਾਵਿਤ ਯਾਤਰੀਆਂ ਨੂੰ ਆਪਣੀ ਯਾਤਰਾ ਜਾਰੀ ਰੱਖਣ ਦੀ ਇਜਾਜ਼ਤ ਦਿੱਤੀ ਜਾ ਸਕੇ।


ਇਸ ਘਟਨਾ ਵਿੱਚ ਕੋਈ ਯਾਤਰੀ ਜ਼ਖ਼ਮੀ ਨਹੀਂ ਹੋਇਆ ਜਾਂ ਕਿਸੇ ਜਾਨੀ ਨੁਕਸਾਨ ਦੀ ਰਿਪੋਰਟ ਨਹੀਂ ਹੈ।

ਅੰਬਾਲਾ ਡਵੀਜ਼ਨ ਰੇਲਵੇ ਪ੍ਰਸ਼ਾਸਨ ਨੇ ਪੰਜਾਬ ਰਾਜ ਪ੍ਰਸ਼ਾਸਨ ਅਤੇ ਸਬੰਧਿਤ ਵਿਭਾਗਾਂ ਨਾਲ ਨੇੜਲੇ ਤਾਲਮੇਲ ਵਿੱਚ ਯਾਤਰੀਆਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ। ਰੇਲਵੇ ਪ੍ਰਸ਼ਾਸਨ ਦੀ ਤਰਜੀਹ ਯਾਤਰੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਸਮੇਂ ਸਿਰ ਰਾਹਤ ਅਤੇ ਸੁਰੱਖਿਅਤ ਆਵਾਜਾਈ ਪ੍ਰਦਾਨ ਕਰਨਾ ਸੀ।

ਸਿਵਲ ਹਸਪਤਾਲ ਮਮਦੋਟ ਵਿਖੇ ਚੋਰਾਂ ਬੋਲਿਆ ਧਾਵਾ ਚੋਰਾਂ ਵੱਲੋਂ ਏ.ਸੀ. ਅਤੇ ਗਾਰਿਲਾ ਕੀਤੀਆਂ ਗਈਆਂ ਚੋਰੀ

ਪੈ.ਗਾਮ-ਏ-ਜਗਤ ਮਮਦੋਟ 6 ਨਵੰਬਰ (ਗੁਰਮੇਜ ਸਿੰਘ)

ਕਸਬਾ ਮਮਦੋਟ ਵਿੱਖੇ ਚੋਰਾਂ ਵੱਲੋਂ ਲਗਾਤਾਰ ਚੋਰੀ ਦੀਆਂ ਘਟਨਾਵਾਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ। ਜਿਸ ਦੇ ਚਲਦੇ ਸਿਵਲ ਹਸਪਤਾਲ ਮਮਦੋਟ ਵਿੱਖੇ ਲਗਾਤਾਰ ਦੋ ਦਿਨ ਚੋਰਾਂ ਵੱਲੋਂ ਸਮਾਨ ਚੋਰੀ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ




ਐਸਐਮਓ ਡਾਕਟਰ ਰੇਖਾ ਭੱਟੀ ਨੇ ਦੱਸਿਆ ਕਿ ਬੀਤੇ ਦਿਨ ਰਾਤ ਚੋਰਾਂ ਵੱਲੋਂ ਐਮ ਓ ਦੇ ਕਮਰੇ ਵਾਲਾ ਏਸੀ ਚੋਰੀ ਕਰ ਲਿਆ ਗਿਆ ਅਤੇ ਅੱਜ ਦੀ ਰਾਤ ਚੋਰਾਂ ਵੱਲੋਂ ਗਰਿਲਾਂ ਪੱਟ ਕੇ ਚੋਰੀ ਕੀਤੀਆਂ ਗਈਆਂ ਉਹਨਾਂ ਨੇ ਦੱਸਿਆ ਕਿ ਚੋਰਾਂ ਵੱਲੋਂ ਲਗਾਤਾਰ ਮਮਦੋਟ ਸਿਵਲ ਹਸਪਤਾਲ ਵਿੱਚੋਂ ਸਮਾਨ ਚੋਰੀ ਕੀਤਾ ਗਿਆ ਹੈ।

ਜਿਸ ਸਬੰਧੀ ਉਹਨਾਂ ਵੱਲੋ ਥਾਣਾ ਮਮਦੋਟ ਪੁਲਿਸ ਨੂੰ ਸੂਚਨਾ ਦੇ ਦਿੱਤੀ ਗਈ ਹੈ। ਜਦ ਉਹਨਾਂ ਨੂੰ ਹਸਪਤਾਲ ਵਿੱਚ ਚੌਕੀਦਾਰ ਬਾਰੇ ਪੁੱਛਿਆ ਗਿਆ ਤਾਂ ਉਹਨਾਂ ਦੱਸਿਆ ਕਿ ਉਹਨਾਂ ਵੱਲੋਂ ਲਿਖਤੀ ਤੌਰ ਤੇ ਪ੍ਰਸ਼ਾਸਨ ਅਤੇ ਉੱਚ ਅਧਿਕਾਰੀਆਂ ਵੱਲੋਂ ਇੱਥੇ ਚੌਕੀਦਾਰ ਰੱਖਣ ਦੀ ਮੰਗ ਵੀ ਕੀਤੀ ਗਈ ਹੈ । ਜੋ ਜਲਦ ਹੀ ਪ੍ਰਸ਼ਾਸਨ ਵੱਲੋਂ ਪੂਰੀ ਕੀਤੀ ਜਾਵੇਗੀ। ਉਹਨਾਂ ਪੁਲਿਸ ਪ੍ਰਸ਼ਾਸਨ ਤੋਂ ਮੰਗ ਕਰਦਿਆਂ ਕਿਹਾ ਕਿ ਚੋਰਾਂ ਨੂੰ ਜਲਦ ਗਿਰਫਤਾਰ ਕੀਤਾ ਜਾਵੇ ਅਤੇ ਬਣਦੀ ਕਾਰਵਾਈ ਕੀਤੀ ਜਾਵੇ ਤੇ ਉਹਨਾਂ ਦਾ ਸਮਾਨ ਵਾਪਸ ਕਰਵਾਇਆ ਜਾਵੇ।

ਕਸਬਾ ਮਮਦੋਟ ਵਿਖੇ ਫਰੌਤੀ ਦੀ ਮੰਗ ਨੂੰ ਲੈ ਕੇ ਦੂਸਰੀ ਵਾਰ ਕਾਰੋਬਾਰੀ ਗੇਟ ਤੇ ਚਲਾਈਆਂ ਗਈਆਂ ਗੋਲੀਆਂ

ਪੈ.ਗਾਮ-ਏ-ਜਗਤ/ਮਮਦੋਟ, 6 ਨਵੰਬਰ (ਗੁਰਮੇਜ ਸਿੰਘ)

ਫਿਰੌਤੀ ਦੀ ਮੰਗ ਨੂੰ ਲੈ ਕੇ ਦੂਸਰੀ ਵਾਰ ਕਸਬਾ ਮਮਦੋਟ ਵਿਖੇ ਬੀਤੀ ਰਾਤ ਮੋਟਰ ਸਾਈਕਲ ’ਤੇ ਸਵਾਰ ਹੋ ਕੇ ਆਏ ਦੋ ਨੌਜਵਾਨਾਂ ਵਲੋਂ ਕਾਰੋਬਾਰੀ ਮਨੀਸ਼ ਚੋਪੜਾ ਦੇ ਘਰ ਦੇ ਗੇਟ ’ਤੇ ਗੋਲੀਆਂ ਚਲਾਈਆਂ ਗਈਆਂ। ਗੋਲੀਆਂ ਚਲਾਉਣ ਲਈ ਆਏ



ਨੌਜਵਾਨਾਂ ਨੇ ਮੂੰਹ ਤੇ ਹੈਲਮੇਟ ਲਗਾਏ ਹੋਏ ਸਨ, ਜੋ ਮਿੰਟਾਂ ਵਿਚ ਹੀ ਗੋਲੀਆਂ ਚਲਾ ਕੇ ਫਰਾਰ ਹੋ ਗਏ। ਰਾਤ ਸਮੇਂ ਜਿਸ ਵਕਤ ਗੋਲੀਆਂ ਚਲਾਈਆਂ ਗਈਆਂ, ਉਸ ਸਮੇਂ ਕਾਰੋਬਾਰੀ ਪਰਿਵਾਰ ਨੂੰ ਸੁਰੱਖਿਆ ਵਜੋ ਮਿਲਿਆ ਪੁਲਿਸ ਮੁਲਾਜ਼ਮ ਵੀ ਘਰ ਦੇ ਅੰਦਰ ਸੀ , ਜਿਸ ਵਲੋਂ ਕੋਈ ਵੀ ਜਵਾਬੀ ਕਾਰਵਾਈ ਨਹੀਂ ਕੀਤੀ ਗਈ। ਇੱਥੇ ਦੱਸਣਯੋਗ ਹੈ ਕਿ ਉਕਤ ਕਾਰੋਬਾਰੀ ਨੂੰ ਵਿਦੇਸ਼ੀ ਨੰਬਰ ਤੋਂ ਫਿਰੌਤੀ ਦੀ ਕਾਲ ਆਈ ਸੀ, ਜਿਸ ਸੰਬੰਧੀ ਉਹਨਾਂ ਵਲੋਂ ਪੁਲਿਸ ਨੂੰ ਸੂਚਿਤ ਕੀਤਾ ਗਿਆ ਸੀ, ਪੁਲਿਸ ਨੂੰ ਸੂਚਿਤ ਕੀਤੇ ਜਾਣ ਤੋਂ ਬਾਅਦ ਵੀ ਕੋਈ ਦੋ ਹਫ਼ਤੇ ਪਹਿਲਾਂ ਵੀ ਉਕਤ ਕਾਰੋਬਾਰੀ ਦੇ ਘਰ ’ਤੇ ਰਾਤ ਸਮੇਂ ਮੋਟਰਸਾਈਕਲ ’ਤੇ ਆਏ ਮੂੰਹ ਢਕੇ ਨੌਜਵਾਨਾਂ ਵਲੋਂ ਗੋਲੀਬਾਰੀ ਕੀਤੀ ਗਈ ਸੀ । ਜਿਸ ਤੋਂ ਬਾਅਦ ਪੁਲਿਸ ਵਲੋਂ ਜਲਦ ਹੀ ਗੋਲੀਬਾਰੀ ਕਰਨ ਵਾਲਿਆਂ ਨੂੰ ਕਾਬੂ ਕਰਨ ਦਾ ਦਾਅਵਾ ਕਰਕੇ, ਕਾਰੋਬਾਰੀ ਨੂੰ ਸੁਰੱਖਿਆ ਦਿੱਤੀ ਗਈ ਸੀ।

ਕਰਨਾਲ ਪੁਲਿਸ ਦੀ ਸਖ਼ਤ ਕਾਰਵਾਈ, ਔਰਤ ’ਤੇ ਜਾਨਲੇਵਾ ਹਮਲਾ ਕਰਨ ਵਾਲਾ ਮੁਲਜ਼ਮ ਗ੍ਰਿਫ਼ਤਾਰ



ਪੈ.ਗਾਮ-ਏ-ਜਗਤ/ਕਰਨਾਲ 06 ਨਵੰਬਰ (ਪ੍ਰਵੀਨ ਵਾਲੀਆ)

ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਪੁਲਿਸ ਕਪਤਾਨ ਕਰਨਾਲ ਸ਼੍ਰੀ ਕਰਨ ਗੋਇਲ, ਆਈਪੀਐਸ ਦੇ ਕੁਸ਼ਲ ਮਾਰਗਦਰਸ਼ਨ ਅਤੇ ਦਿਸ਼ਾ-ਨਿਰਦੇਸ਼ਨ ਵਿੱਚ ਅਪਰਾਧੀਆਂ ਖਿਲਾਫ਼ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਵਿੱਚ ਥਾਣਾ ਸ਼ਹਿਰ ਕਰਨਾਲ ਪ੍ਰਬੰਧਕ ਇੰਸਪੈਕਟਰ ਰਾਮ ਲਾਲ ਦੀ ਅਗਵਾਈ ਵਿੱਚ ਸਬ ਇੰਸਪੈਕਟਰ ਵਿਜੇ ਕੁਮਾਰ ਦੀ ਟੀਮ ਨੇ ਔਰਤ ’ਤੇ ਜਾਨਲੇਵਾ ਹਮਲਾ ਕਰਨ ਦੇ ਮਾਮਲੇ ਵਿੱਚ ਇੱਕ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਪੁਲਿਸ ਨੇ ਮੁਲਜ਼ਮ ਦੇ ਕਬਜ਼ੇ ’ਚੋਂ ਵਾਰਦਾਤ ਵਿੱਚ ਵਰਤੀ ਇੱਕ ਐਕਟਿਵਾ ਸਕੂਟੀ ਵੀ ਬਰਾਮਦ ਕੀਤੀ ਹੈ।

ਗ੍ਰਿਫ਼ਤਾਰ ਮੁਲਜ਼ਮ ਦੀ ਪਛਾਣ ਸਾਹਿਲ ਪੁੱਤਰ ਜਸਪਾਲ ਵਾਸੀ ਜਾਟਾਂ ਗੇਟ, ਕਰਨਾਲ ਵਜੋਂ ਹੋਈ ਹੈ।

ਮਾਮਲੇ ਦਾ ਵੇਰਵਾ ਦਿੰਦਿਆਂ ਜਾਂਚ ਅਧਿਕਾਰੀ ਨੇ ਦੱਸਿਆ ਕਿ ਸ਼ਿਕਾਇਤਕਰਤਾ ਔਰਤ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦਾ ਸਾਹਿਲ ਨਾਲ ਪ੍ਰੇਮ ਵਿਆਹ ਹੋਇਆ ਸੀ, ਪਰ ਬਾਅਦ ਵਿੱਚ ਦੋਵਾਂ ਦਾ ਤਲਾਕ ਹੋ ਗਿਆ ਸੀ। ਬਾਅਦ ਵਿੱਚ ਵੀ ਮੁਲਜ਼ਮ ਉਸ ਨੂੰ ਲਗਾਤਾਰ ਪਰੇਸ਼ਾਨ ਕਰ ਰਿਹਾ ਸੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਰਿਹਾ ਸੀ। ਸ਼ਿਕਾਇਤਕਰਤਾ ਅਨੁਸਾਰ, ਮਿਤੀ 04 ਨਵੰਬਰ 2026 ਨੂੰ ਸ਼ਾਮ ਜਦੋਂ ਉਹ ਮੇਰਠ ਰੋਡ ਸਥਿਤ ਅਲਾਂਟੇ ਮਾਲ ਦੇ ਨੇੜੇ ਗਈ ਹੋਈ ਸੀ, ਤਾਂ ਮੁਲਜ਼ਮ ਸਾਹਿਲ ਆਪਣੇ ਇੱਕ ਹੋਰ ਸਾਥੀ ਨਾਲ ਸਕੂਟੀ ’ਤੇ ਉੱਥੇ ਪਹੁੰਚਿਆ। ਦੋਵਾਂ ਨੇ ਉਸ ਨਾਲ ਗਾਲ੍ਹ-ਗਲੋਚ ਅਤੇ ਕੁੱਟਮਾਰ ਕੀਤੀ। ਇਸ ਦੌਰਾਨ ਮੁਲਜ਼ਮ ਸਾਹਿਲ ਨੇ ਜਾਨੋਂ ਮਾਰਨ ਦੀ ਨੀਅਤ ਨਾਲ ਬਰਫ਼ ਤੋੜਨ ਵਾਲੇ ਤਿੱਖੇ ਔਜ਼ਾਰ ਨਾਲ ਉਸ ਦੀ ਗਰਦਨ ’ਤੇ ਹਮਲਾ ਕਰ ਦਿੱਤਾ ਅਤੇ ਆਪਣੇ ਸਾਥੀ ਨਾਲ ਮੌਕੇ ਤੋਂ ਫਰਾਰ ਹੋ ਗਿਆ। ਜ਼ਖ਼ਮੀ ਔਰਤ ਨੂੰ ਇਲਾਜ ਲਈ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਸ਼ਿਕਾਇਤ ਦੇ ਆਧਾਰ ’ਤੇ ਥਾਣਾ ਸ਼ਹਿਰ ਕਰਨਾਲ ਵਿੱਚ ਮਿਤੀ 05 ਨਵੰਬਰ 2026 ਨੂੰ ਬੀਐਨਐਸ ਦੀਆਂ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਥਾਣਾ ਸ਼ਹਿਰ ਕਰਨਾਲ ਦੀ ਟੀਮ ਨੇ ਕਾਰਵਾਈ ਕਰਦਿਆਂ ਮੁਲਜ਼ਮ ਸਾਹਿਲ ਨੂੰ ਗ੍ਰਿਫ਼ਤਾਰ ਕੀਤਾ। ਪੁਲਿਸ ਟੀਮ ਵੱਲੋਂ ਮੁਲਜ਼ਮ ਤੋਂ ਪੁੱਛਗਿੱਛ ਕੀਤੀ ਗਈ ਅਤੇ ਉਸ ਦੀ ਨਿਸ਼ਾਨਦੇਹੀ ’ਤੇ ਵਾਰਦਾਤ ਵਿੱਚ ਵਰਤੀ ਇੱਕ ਐਕਟਿਵਾ ਸਕੂਟੀ ਵੀ ਬਰਾਮਦ ਕੀਤੀ ਗਈ। ਅੱਜ ਮੁਲਜ਼ਮ ਨੂੰ ਮਾਣਯੋਗ ਅਦਾਲਤ ਸਾਹਮਣੇ ਪੇਸ਼ ਕੀਤਾ ਗਿਆ, ਜਿੱਥੋਂ ਅਦਾਲਤ ਦੇ ਹੁਕਮਾਂ ਅਨੁਸਾਰ ਉਸ ਨੂੰ ਨਿਆਂਇਕ ਹਿਰਾਸਤ ਵਿੱਚ ਜ਼ਿਲ੍ਹਾ ਜੇਲ੍ਹ ਭੇਜ ਦਿੱਤਾ ਗਿਆ।

ਦੀਵਾਲੀ ਮਿਲਣ ਤੇ ਬੱਚਿਆਂ ਨੂੰ "ਪਟਾਕੇ ਨਹੀਂ-ਕਿਤਾਬਾਂ ਲਵੋ" ਦਾ ਸੰਦੇਸ਼ ਦੇਣ ਲਈ ਸ਼ਾਨਦਾਰ ਸਮਾਗਮ ਕੀਤਾ ਗਿਆ

ਚੰਡੀਗੜ੍ਹ, 6 ਨਵੰਬਰ
(ਪੈ.ਗਾਮ-ਏ-ਜਗਤ)



ਚੰਡੀਗੜ੍ਹ ਕੰਪਿਊਟਰ ਇੰਸਟੀਚਿਊਟ ਮਾਤਾ ਗੁਜਰੀ ਇਨਕਲੇਵ ਖਰੜ ਵਿਖੇ ਸੰਸਥਾ ਵਲੋਂ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕਰਨ ਲਈ ਸਿਖਿਆਰਥੀਆਂ ਨਾਲ ਵਿਸ਼ੇਸ਼ ਮਿਲਣੀ ਦਾ ਅਤੇ ਬੱਚਿਆਂ ਨੂੰ " ਪਟਾਕੇ ਨਹੀਂ- ਕਿਤਾਬਾਂ ਲਵੋ " ਦਾ ਸੰਦੇਸ਼ ਦੇਣ ਲਈ ਸਮਾਗਮ ਕੀਤਾ ਗਿਆ। ਇਸ ਸਮਾਗਮ ਵਿਚ ਕਵੀ ਮੰਚ ਮੁਹਾਲੀ ਦੇ ਪ੍ਰਧਾਨ ਸ੍ਰੀ ਭਗਤ ਰਾਮ ਰੰਗਾੜਾ ਨੇ ਮੁੱਖ ਮਹਿਮਾਨ ਦੇ ਤੌਰ ਤੇ ਸ਼ਿਰਕਤ ਕੀਤੀ ਅਤੇ ਪ੍ਰਧਾਨਗੀ ਸੰਸਥਾ ਦੇ ਪ੍ਰਿੰਸੀਪਲ ਬਹਾਦਰ ਸਿੰਘ ਗੋਸਲ ਵਲੋਂ ਕੀਤੀ ਗਈ ਜਦੋਂ ਕਿ ਪ੍ਰਧਾਨਗੀ ਮੰਡਲ ਵਿੱਚ ਸ੍ਰੀ ਅਵਤਾਰ ਸਿੰਘ ਮਹਿਤਪੁਰੀ ਅਤੇ ਜਗਤਾਰ ਸਿੰਘ ਜੋਗ ਵੀ ਸ਼ਾਮਲ ਸਨ।

ਸਮਾਗਮ ਦਾ ਆਰੰਭ ਕਰਦੇ ਹੋਏ ਸ੍ਰ. ਜਗਤਾਰ ਸਿੰਘ ਜੋਗ ਵਲੋਂ ਪ੍ਰਿੰ. ਗੋਸਲ ਰਚਿਤ ਗੀਤ "ਆਓ ਸਤਿਕਾਰ ਗੁਰਮੁੱਖੀ ਕਰੀਏ, ਬਾਣੀ ਗੁਰਾਂ ਦੀ ਹਰ ਰੋਜ਼ ਪੜ੍ਹੀਏ" ਗਾ ਕੇ ਖੂਬ ਤਾੜੀਆਂ ਬਟੋਰੀਆਂ। ਇਸ ਤੋਂ ਬਾਅਦ ਪ੍ਰਿੰ. ਗੋਸਲ ਨੇ ਮੁੱਖ ਮਹਿਮਾਨ ਅਤੇ ਦੂਜੇ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਇਹ ਸੰਸਥਾ ਪਿਛਲੇ 18 ਸਾਲ ਤੋਂ ਬੱਚਿਆਂ ਨੂੰ ਕੰਪਿਊਟਰ ਸਿਖਲਾਈ ਦੇਣ ਲਈ ਲੱਗੀ ਹੋਈ ਹੈ ਅਤੇ ਹੁਣ ਤੱਕ ਸੈਂਕੜੇ ਵਿਦਿਆਰਥੀ ਸਿੱਖਿਆ ਲੈ ਕੇ ਸਰਕਾਰੀ ਅਤੇ ਅਰਧ ਸਰਕਾਰੀ ਨੌਕਰੀਆਂ ਕਰ ਰਹੇ ਹਨ। ਉਨ੍ਹਾਂ ਨੇ ਦੱਸਿਆ ਕਿ ਅੱਜ ਦਾ ਵਿਸ਼ੇਸ਼ ਸਮਾਗਮ ਬੱਚਿਆਂ ਨੂੰ " ਪਟਾਕੇ ਨਹੀਂ- ਕਿਤਾਬਾਂ ਲਵੋ " ਦੀਵਾਲੀ ਤੇ ਸੰਦੇਸ਼ ਦੇਣਾ ਹੈ ਤਾਂ ਕਿ ਵਾਤਾਵਰਣ ਨੂੰ ਸ਼ੁੱਧ ਰੱਖਿਆ ਜਾਵੇ। ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਨੇ ਇਸ ਸਮਾਗਮ ਨੂੰ ਪੰਜਾਬੀ ਸਪਤਾਹ ਨੂੰ ਵੀ ਸਮਰਪਿਤ ਕੀਤਾ। ਇਸ ਤੋਂ ਬਾਅਦ ਸ੍ਰੀ. ਮੰਦਰ ਗਿੱਲ ਸਾਹਿਬਚੰਦੀਆਂ ਨੇ ਸ਼ਾਨਦਾਰ ਗੀਤ ਗਾ ਕੇ ਮਹੌਲ ਨੂੰ ਸੱਭਿਆਚਾਰਕ ਬਣਾ ਦਿੱਤਾ। ਮੁੱਖ ਮਹਿਮਾਨ ਸ੍ਰੀ ਭਗਤ ਰਾਮ ਰੰਗਾੜਾ ਅਤੇ ਵਿਸ਼ਵ ਪੰਜਾਬੀ ਪ੍ਰਚਾਰ ਸਭਾ ਦੇ ਜਨਰਲ ਸਕੱਤਰ ਸ੍ਰ. ਅਵਤਾਰ ਸਿੰਘ ਮਹਿਤਪੁਰੀ ਨੇ ਬੱਚਿਆਂ ਨੂੰ ਪਟਾਕੇ ਛੱਡ ਕਿਤਾਬਾਂ ਅਪਨਾਉਣ ਲਈ ਕਿਹਾ। ਇਸ ਮੌਕੇ ਤੇ ਸੰਸਥਾ ਵਲੋਂ ਸ੍ਰੀ ਭਗਤ ਰਾਮ ਰੰਗਾੜਾ ਦਾ ਸਨਮਾਨ ਕੀਤਾ ਗਿਆ। ਸਨਮਾਨ ਦੀ ਰਸਮ ਅਦਾ ਕਰਦਿਆਂ ਸੰਸਥਾ ਦੇ ਪ੍ਰਿੰਸੀਪਲ ਬਹਾਦਰ ਸਿੰਘ ਗੋਸਲ, ਅਵਤਾਰ ਸਿੰਘ ਮਹਿਤਪੁਰੀ, ਐਮ.ਡੀ. ਸ੍ਰੀ ਮਤੀ ਨਵਰੂਪ ਕੌਰ, ਜਗਤਾਰ ਸਿੰਘ ਜੋਗ ਨੇ ਸ੍ਰੀ ਰੰਗਾੜਾ ਨੂੰ ਸ਼ਾਲ, ਸਨਮਾਨ ਚਿੰਨ ਅਤੇ ਕਿਤਾਬਾਂ ਦੇ ਸੈੱਟ ਦੇ ਕੇ ਸਨਮਾਨਿਤ ਕੀਤਾ। ਸੰਸਥਾ ਦੀ ਐਮ.ਡੀ. ਸ੍ਰੀ ਮਤੀ ਨਵਰੂਪ ਕੌਰ ਨੂੰ ਵੀ ਸਨਮਾਨਿਤ ਕੀਤਾ ਗਿਆ। ਬੱਚਿਆਂ ਨੇ ਪਟਾਕਿਆਂ ਦੀ ਥਾਂ ਕਿਤਾਬਾਂ ਨੂੰ ਅਪਨਾਉਣ ਦਾ ਚੰਗਾ ਹੁੰਗਾਰਾ ਦਿੱਤਾ। ਸਭ ਬੱਚਿਆਂ ਨੂੰ ਮੁਫ਼ਤ ਕਿਤਾਬਾਂ ਵੰਡੀਆਂ ਗਈਆਂ ਅਤੇ ਉਨ੍ਹਾਂ ਵਿਚ ਜਿਹੜੇ ਬੱਚੇ ਹਾਜ਼ਰ ਸਨ ਉਨ੍ਹਾਂ ਵਿੱਚ ਯਸ਼ ਵਰਮਾ, ਸਿਰਮਨਪ੍ਰੀਤ ਕੌਰ, ਸਾਹਿਬ ਸਿੰਘ, ਪਰਮਵੀਰ ਸਿੰਘ, ਰੋਹਿਤ, ਕਰੀਤਿਕਾ, ਪ੍ਰੀਆ ਵਰਮਾ, ਚਿਰਾਗ, ਬਾਹਰਪ੍ਰੀਤ, ਨਵਦੀਪ, ਬਲਵਿੰਦਰ ਸਿੰਘ, ਨਵਰੂਪ ਕੌਰ ਵੀ ਹਾਜ਼ਰ ਸਨ।

ਅੰਤ ਵਿੱਚ ਸਸਥਾ ਦੇ ਐਮ.ਡੀ. ਸ੍ਰੀ ਮਤੀ ਨਵਰੂਪ ਕੌਰ ਨੇ ਸਭ ਮਹਿਮਾਨਾਂ ਅਤੇ ਸਿੱਖਿਆਰਥੀਆਂ ਦਾ ਧੰਨਵਾਦ ਕੀਤਾ।

ਐਸ.ਡੀ.ਐਮ. ਨੇ ਇਲਾਕਾ ਵਾਸੀਆਂ ਨੂੰ ਵਾਤਾਵਰਣ ਸੁਰੱਖਿਆ ਅਤੇ ਜਨ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ

ਪੈਗਾਮ-ਏ-ਜਗਤ/ਰਤੀਆ, 6 ਨਵੰਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

ਜ਼ਿਲ੍ਹਾ ਪ੍ਰਸ਼ਾਸਨ ਫਤਿਹਾਬਾਦ ਅਤੇ ਹਰਿਆਣਾ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਆਮ ਲੋਕਾਂ ਦੀ ਸਿਹਤ ਅਤੇ ਵਾਤਾਵਰਣ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਪਟਾਕਿਆਂ ਦੀ ਵਰਤੋਂ ਨੂੰ ਲੈ ਕੇ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ। ਇਨ੍ਹਾਂ ਨਿਰਦੇਸ਼ਾਂ ਤਹਿਤ ਨਿਰਧਾਰਤ ਨਿਯਮਾਂ ਅਤੇ ਮਾਣਯੋਗ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਗ੍ਰੀਨ ਪਟਾਕਿਆਂ ਨੂੰ ਛੱਡ ਕੇ ਬਾਕੀ ਸਾਰੀਆਂ ਕਿਸਮਾਂ ਦੇ ਪਟਾਕਿਆਂ ਦੇ ਨਿਰਮਾਣ, ਵਿਕਰੀ ਅਤੇ ਵਰਤੋਂ 'ਤੇ ਪਾਬੰਦੀ ਰਹੇਗੀ। ਆਮ ਲੋਕ ਸਿਰਫ ਨਿਰਧਾਰਤ ਮਾਪਦੰਡਾਂ ਅਨੁਸਾਰ ਪ੍ਰਮਾਣਿਤ ਗ੍ਰੀਨ ਪਟਾਕਿਆਂ ਦੀ ਹੀ ਵਰਤੋਂ ਕਰ ਸਕਣਗੇ। ਐਸਡੀਐਮ ਸੁਰਿੰਦਰ ਸਿੰਘ ਨੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਤਿਉਹਾਰਾਂ ਨੂੰ ਸੁਰੱਖਿਅਤ ਅਤੇ ਵਾਤਾਵਰਣ ਅਨੁਕੂਲ ਤਰੀਕੇ ਨਾਲ ਮਨਾਉਣ ਅਤੇ ਪਾਬੰਦੀਸ਼ੁਦਾ ਪਟਾਕਿਆਂ ਦੀ ਵਰਤੋਂ ਨਾ ਕਰਨ। ਉਨ੍ਹਾਂ ਕਿਹਾ ਕਿ ਪਟਾਕਿਆਂ ਵਿੱਚੋਂ ਨਿਕਲਣ ਵਾਲਾ ਧੂੰਆਂ ਅਤੇ ਹਾਨੀਕਾਰਕ ਗੈਸਾਂ



ਹਵਾ ਪ੍ਰਦੂਸ਼ਣ ਨੂੰ ਵਧਾਉਂਦੀਆਂ ਹਨ, ਜਿਸ ਨਾਲ ਬੱਚਿਆਂ, ਬਜ਼ੁਰਗਾਂ ਅਤੇ ਸਾਹ ਸਬੰਧੀ ਬਿਮਾਰੀਆਂ ਤੋਂ ਪੀੜਤ ਵਿਅਕਤੀਆਂ ਦੀ ਸਿਹਤ 'ਤੇ ਮਾੜਾ ਪ੍ਰਭਾਵ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਪਾਬੰਦੀਸ਼ੁਦਾ ਪਟਾਕਿਆਂ ਦੀ ਵਿਕਰੀ ਅਤੇ ਵਰਤੋਂ ਕਰਨ ਵਾਲਿਆਂ ਵਿਰੁੱਧ ਨਿਯਮਾਂ ਅਨੁਸਾਰ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਸਬੰਧਤ ਵਿਭਾਗਾਂ ਨੂੰ ਵੀ ਸਰਕਾਰ ਅਤੇ ਸਮਰੱਥ ਅਥਾਰਟੀ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਉਣ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ 'ਤੇ ਨਿਗਰਾਨੀ ਰੱਖਣ ਦੇ ਨਿਰਦੇਸ਼ ਦਿੱਤੇ ਗਏ ਹਨ। ਐਸਡੀਐਮ ਸੁਰਿੰਦਰ ਸਿੰਘ ਨੇ ਨਾਗਰਿਕਾਂ ਨੂੰ ਸੱਦਾ ਦਿੱਤਾ ਕਿ ਉਹ ਵਾਤਾਵਰਣ ਸੁਰੱਖਿਆ ਨੂੰ ਆਪਣੀ ਸਮੂਹਿਕ ਜ਼ਿੰਮੇਵਾਰੀ ਸਮਝਣ ਅਤੇ ਸਿਰਫ ਪ੍ਰਮਾਣਿਤ ਗ੍ਰੀਨ ਪਟਾਕਿਆਂ ਦੀ ਹੀ ਨਿਰਧਾਰਤ ਨਿਯਮਾਂ ਅਨੁਸਾਰ ਵਰਤੋਂ ਕਰਨ। ਸਾਫ਼ ਵਾਤਾਵਰਣ ਅਤੇ ਸਿਹਤਮੰਦ ਸਮਾਜ ਦੇ ਨਿਰਮਾਣ ਵਿੱਚ ਪ੍ਰਸ਼ਾਸਨ ਦਾ ਸਹਿਯੋਗ ਕਰਨ।

ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਡੇਰਾਬੱਸੀ ਦੀਆਂ 195 ਆਂਗਣਵਾੜੀ ਵਰਕਰਾਂ ਨੂੰ 22.61 ਲੱਖ ਰੁਪਏ ਦੀ ਸਨਮਾਨ ਰਾਸ਼ੀ ਦਾ ਚੈੱਕ ਭੇਟ

ਪੈ.ਗਾਮ-ਏ-ਜਗਤ/ਡੇਰਾਬੱਸੀ
6 ਨਵੰਬਰ (ਸੰਜੀਵ ਸਿੰਘ ਸੈਣੀ)



ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਅੱਜ ਡੇਰਾਬੱਸੀ ਦੇ ਕਮਿਊਨਿਟੀ ਸੈਂਟਰ, ਤਹਿਸੀਲ ਰੋਡ ਵਿਖੇ ਆਂਗਣਵਾੜੀ ਵਰਕਰਾਂ ਦੇ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਹਲਕਾ ਵਿਧਾਇਕ ਸ. ਕੁਲਜੀਤ ਸਿੰਘ

- **ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਆਂਗਣਵਾੜੀ ਵਰਕਰਾਂ ਨੂੰ ਸਿਰੋਪਾਓ ਪਾ ਕੇ ਕੀਤਾ ਸਨਮਾਨਿਤ, ਕਿਹਾ- ਵਰਕਰਾਂ ਦੀ ਮਿਹਨਤ ਸਦਕਾ ਹੀ ਯੋਜਨਾ ਨੂੰ ਮਿਲੀ ਸਫ਼ਲਤਾ**

ਰੰਧਾਵਾ ਨੇ ਸ਼ਿਰਕਤ ਕਰਦਿਆਂ ਹਲਕਾ ਡੇਰਾਬੱਸੀ ਦੀਆਂ 195 ਆਂਗਣਵਾੜੀ ਵਰਕਰਾਂ ਵੱਲੋਂ ਕੀਤੀ ਗਈ ਰਜਿਸਟ੍ਰੇਸ਼ਨ ਦੇ ਬਦਲੇ ਕੁੱਲ 22 ਲੱਖ 61 ਹਜ਼ਾਰ 325 ਰੁਪਏ ਦੀ ਸਨਮਾਨ ਰਾਸ਼ੀ ਦਾ ਚੈੱਕ ਭੇਟ ਕੀਤਾ। ਇਹ ਰਾਸ਼ੀ ਪ੍ਰਤੀ ਫਾਰਮ 25 ਰੁਪਏ ਦੇ ਹਿਸਾਬ ਨਾਲ ਦਿੱਤੀ ਗਈ ਹੈ। ਇਸ ਮੌਕੇ ਵਿਧਾਇਕ ਨੇ ਆਂਗਣਵਾੜੀ ਵਰਕਰਾਂ ਨੂੰ ਸਿਰੋਪਾਓ ਪਾ ਕੇ ਵੀ ਸਨਮਾਨਿਤ ਕੀਤਾ।

ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਆਂਗਣਵਾੜੀ ਵਰਕਰ ਭੈਣਾਂ ਵੱਲੋਂ ਘਰ-ਘਰ ਜਾ ਕੇ ਕੀਤੀ ਗਈ ਮਿਹਨਤ ਅਤੇ ਰਜਿਸਟ੍ਰੇਸ਼ਨ ਦੀ ਬਦੌਲਤ ਹੀ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਜ਼ਮੀਨੀ ਪੱਧਰ 'ਤੇ ਸਫ਼ਲਤਾਪੂਰਵਕ ਲਾਗੂ ਕਰਨਾ ਸੰਭਵ ਹੋ ਸਕਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਆਂਗਣਵਾੜੀ ਵਰਕਰਾਂ ਨੇ ਪੂਰੀ ਲਗਨ ਅਤੇ ਮਿਹਨਤ ਨਾਲ ਰਜਿਸਟ੍ਰੇਸ਼ਨ ਦਾ ਕੰਮ ਨਾ ਕੀਤਾ ਹੁੰਦਾ ਤਾਂ ਇਹ ਯੋਜਨਾ ਇਸ ਤਰ੍ਹਾਂ ਲੋਕਾਂ ਤੱਕ ਨਹੀਂ ਪਹੁੰਚ ਸਕਦੀ ਸੀ। ਇਸ ਲਈ ਯੋਜਨਾ ਦੀ ਸਫ਼ਲਤਾ ਦਾ ਸਿਹਰਾ ਵੀ ਆਂਗਣਵਾੜੀ ਵਰਕਰ ਭੈਣਾਂ ਦੀ ਮਿਹਨਤ ਨੂੰ ਜਾਂਦਾ ਹੈ।

ਵਿਧਾਇਕ ਨੇ ਕਿਹਾ ਕਿ ਆਂਗਣਵਾੜੀ ਵਰਕਰ ਸਮਾਜ ਦੀ ਬਿਹਤਰੀ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਹ ਬੱਚਿਆਂ ਦੀ ਦੇਖਭਾਲ, ਪੋਸ਼ਣ, ਮਹਿਲਾਵਾਂ ਦੀ ਸਿਹਤ ਅਤੇ ਸਰਕਾਰੀ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਲਈ ਲਗਾਤਾਰ ਮਿਹਨਤ ਕਰਦੀਆਂ ਹਨ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਮਹਿਲਾਵਾਂ ਦੇ ਮਾਣ-ਸਨਮਾਨ ਅਤੇ ਆਰਥਿਕ ਮਜ਼ਬੂਤੀ ਲਈ ਵਚਨਬੱਧ ਹੈ। ਉਨ੍ਹਾਂ ਆਂਗਣਵਾੜੀ ਵਰਕਰਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਸਰਕਾਰ ਅਤੇ ਸਬੰਧਤ ਵਿਭਾਗਾਂ ਤੱਕ ਪਹੁੰਚਾਉਣ ਲਈ ਉਹ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹੇ ਰਹਿਣਗੇ।

ਇਸ ਮੌਕੇ ਸੀ.ਡੀ.ਪੀ.ਓ. ਸ੍ਰੀਮਤੀ ਸੁਮਨ ਬਾਲਾ, ਆਂਗਣਵਾੜੀ ਵਰਕਰ ਪ੍ਰਧਾਨ ਗੁਰਪ੍ਰੀਤ ਕੌਰ, ਬਲਾਕ ਪ੍ਰਧਾਨ ਜਸਵਿੰਦਰ ਕੌਰ, ਬੀਬੀ ਸਵਰਨਜੀਤ ਕੌਰ ਮਾਲਵਾ ਈਸਟ ਜ਼ੋਨ ਪ੍ਰਧਾਨ, ਸ੍ਰੀਮਤੀ ਕਸ਼ਮੀਰ ਕੌਰ ਜ਼ਿਲ੍ਹਾ ਪ੍ਰਧਾਨ, ਸ੍ਰੀਮਤੀ ਕੁਲਦੀਪ ਕੌਰ ਹਲਕਾ ਕੋਆਰਡੀਨੇਟਰ, ਵੂਮੈਨ ਵਿੰਗ ਦੀਆਂ ਸਮੂਹ ਬਲਾਕ ਪ੍ਰਧਾਨਾਂ ਅਤੇ ਵੱਡੀ ਗਿਣਤੀ ਵਿੱਚ ਆਂਗਣਵਾੜੀ ਵਰਕਰਾਂ ਹਾਜ਼ਰ ਸਨ।

ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਵਲੋਂ ਨਸ਼ਾ ਮੁਕਤ ਅਤੇ ਗਰੀਨ ਦੀਵਾਲੀ ਮਨਾਉਣ ਦਾ ਸੱਦਾ

ਪੈ.ਗਾਮ-ਏ-ਜਗਤ
ਨਵਾਂਸ਼ਹਿਰ 6 ਨਵੰਬਰ
(ਜਤਿੰਦਰ ਪਾਲ ਸਿੰਘ ਕਲੇਰ)



ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਪੰਜਾਬ ਰਜਿ 295 ਜਿਲ੍ਹਾਂ ਨਵਾਂਸ਼ਹਿਰ ਵਲੋਂ ਪਿੰਡ ਜਾਫਰ ਪੁਰ ਵਿਖੇ ਪੌਦੇ ਵੰਡ ਕੇ ਗਰੀਨ ਦੀਵਾਲੀ ਮਨਾਈ ਗਈ ਇਸ ਸਮੇ ਜਿਲ੍ਹਾ ਪ੍ਰਧਾਨ ਡਾ ਕਸ਼ਮੀਰ ਸਿੰਘ ਢਿੱਲੋਂ ਨੇ ਧੰਨਤੇਰਸ ਦਿਵਸ ਅਤੇ ਦੀਵਾਲੀ ਦੀ ਵਧਾਈ ਦਿੰਦਿਆਂ ਕਿਹਾ ਕਿ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਸਭ ਨੂੰ ਗਰੀਨ ਦੀਵਾਲੀ ਮਨਾਉਣੀ ਚਾਹੀਦੀ ਹੈ ਕਿਉਂਕਿ ਪਟਾਖਿਆਂ ਦਾ ਜਹਰੀਲਾ ਧੂੰਆਂ ਜਿਥੇ ਵਾਤਾਵਰਣ ਦਾ ਵੱਡਾ ਨੁਕਸਾਨ ਕਰਦਾ ਹੈ ਉਥੇ ਸਾਹ ਅਤੇ ਦਮੇ ਦੇ ਮਰੀਜਾਂ ਲਈ ਵੀ ਬਹੁਤ ਖ਼ਤਰਨਾਕ ਹੈ ਇਸ ਨਾਲ ਖੰਘ ਖਾਂਸੀ ਵਰਗੀਆਂ ਬਿਮਾਰੀਆਂ ਹੋਣ ਦੇ ਕਾਰਨ ਵਧ ਜਾਂਦੇ ਹਨ ਮੁਖ ਮਹਿਮਾਨ ਦੇ ਤੌਰ ਤੇ ਪਹੁੰਚੇ ਪੁਲਿਸ ਥਾਣਾ ਸਦਰ ਦੇ ਐਸ ਐਚ ਓ ਵਰਿੰਦਰ ਕੁਮਾਰ ਨੇ ਪੌਦੇ ਵਿਤਰਣ ਕਰਦਿਆਂ ਐਸੋਸੀਏਸ਼ਨ ਦੇ ਕੰਮ ਦੀ ਭਰਪੂਰ ਸ਼ਲਾਘਾ ਕੀਤੀ ਓਹਨਾ ਨੇ ਕਿਹਾ ਕਿ ਦੀਵਾਲੀ ਸਦਭਾਵਨਾ ਅਤੇ ਪਵਿੱਤਰਤਾ ਦਾ ਤਿਓਹਾਰ ਹੈ ਇਸਨੂੰ ਨਸ਼ੇ ਆਦਿਕ ਦੀ ਭੇਂਟ ਨਹੀ ਚੜ੍ਹਾਉਣਾ ਚਾਹੀਦਾ ਓਹਨਾ ਦੇ ਨਾਲ ਹੌਲਦਾਰ ਜਸਵੀਰ ਸਿੰਘ ਅਤੇ ਕਾਂਸਟੇਬਲ ਗੁਰਸੇਵਕ ਸਿੰਘ ਵੀ ਪਹੁੰਚੇ ਹੋਏ ਸਨ ਜਿਲਾ ਸਕੱਤਰ ਡਾ ਧਰਮਜੀਤ ਜੀ ਨੇ ਆਏ ਹੋਏ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਇਸ ਸਮੇ ਡਾਕਟਰ ਸਤਪਾਲ ਸਿੰਘ ਬਹਿਰਾਮ ਸਲਾਹਕਾਰ, ਹਰਜਿੰਦਰ ਸਿੰਘ ਕਰਿਆਮ ਬਲਾਕ ਨਵਾਂ ਸ਼ਹਿਰ ਪ੍ਰਧਾਨ, ਦਿਲਬਾਗ ਸਿੰਘ, ਡਾਕਟਰ ਵਿਜੇ ਦਰਾਵੜ, ਡਾਕਟਰ ਚਰਨਜੀਤ ਸਿੰਘ ਮਾਛੀਵਾੜਾ, ਡਾ ਸੁਖਵਿੰਦਰ ਸਿੰਘ ਹਾਜ਼ਰ ਸਨ।

ਪੰਜਾਬ ਮੰਡੀ ਬੋਰਡ ਨੇ ਜਿੱਤਿਆ ਡਬਲਿਊ.ਯੂ.ਡਬਲਿਊ.ਐਮ. ਮੇਜਰ ਇਨੋਵੇਸ਼ਨ ਐਵਾਰਡ, ਰਚਿਆ ਇਤਿਹਾਸ

ਐਸ.ਏ.ਐਸ. ਨਗਰ
6 ਨਵੰਬਰ, (ਪੈ.ਗਾਮ-ਏ-ਜਗਤ)



ਪੰਜਾਬ ਰਾਜ ਖੇਤੀਬਾੜੀ ਮੰਡੀਕਰਨ ਬੋਰਡ (ਪੰਜਾਬ ਮੰਡੀ ਬੋਰਡ) ਨੇ ਚੀਨ ਦੇ ਤਿਆਨਜਿਨ ਵਿਖੇ ਵਰਲਡ ਯੂਨੀਅਨ ਆਫ਼ ਹੋਲਸੇਲ ਮਾਰਕੀਟਸ (ਡਬਲਿਊ.ਯੂ.ਡਬਲਿਊ.ਐਮ.) ਦੀ ਅੰਤਰਰਾਸ਼ਟਰੀ ਕਾਨਫਰੰਸ ਦੌਰਾਨ ਮੇਜਰ ਇਨੋਵੇਸ਼ਨ ਐਵਾਰਡ ਜਿੱਤ ਕੇ ਇਤਿਹਾਸ ਰਚਿਆ ਹੈ। ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਡਾ. ਜੇ.ਐਸ. ਯਾਦਵ, ਮੈਨੇਜਿੰਗ ਡਾਇਰੈਕਟਰ, ਨੈਸ਼ਨਲ ਕੌਂਸਲ ਆਫ਼ ਸਟੇਟ ਐਗਰੀਕਲਚਰਲ ਮਾਰਕੀਟਿੰਗ ਬੋਰਡਜ਼ ਅਤੇ ਡਬਲਿਊ.ਯੂ.ਡਬਲਿਊ.ਐਮ. ਦੇ ਡਾਇਰੈਕਟਰ ਨਾਲ ਇਹ ਪੁਰਸਕਾਰ ਪ੍ਰਾਪਤ ਕੀਤਾ।

ਡਬਲਿਊ.ਯੂ.ਡਬਲਿਊ.ਐਮ. ਦੇ ਇਤਿਹਾਸ ਵਿੱਚ ਪਹਿਲੀ ਵਾਰ ਭਾਰਤ ਦੇ ਕਿਸੇ ਬੋਰਡ ਜਾਂ ਖੇਤੀਬਾੜੀ ਉਤਪਾਦ ਮੰਡੀ ਕਮੇਟੀ ਨੂੰ ਇਹ ਅੰਤਰਰਾਸ਼ਟਰੀ ਸਨਮਾਨ ਮਿਲਿਆ ਹੈ। ਪੰਜਾਬ ਨੂੰ ਸਮਾਰਟ, ਟਿਕਾਊ ਅਤੇ ਊਰਜਾ-ਕੁਸ਼ਲ ਥੋਕ ਮੰਡੀਆਂ ਵਿਸ਼ੇ 'ਤੇ ਪੇਸ਼ਕਾਰੀ ਲਈ ਚੁਣਿਆ ਗਿਆ। ਇਸ ਵਿੱਚ ਰਵਾਇਤੀ ਮੰਡੀਆਂ ਨੂੰ ਆਧੁਨਿਕ, ਤਕਨਾਲੋਜੀ ਨਾਲ ਲੈਸ ਅਤੇ ਟਿਕਾਊ ਜਨਤਕ ਸੰਪਤੀਆਂ ਵਿੱਚ ਬਦਲਣ ਦੇ ਯਤਨਾਂ ਨੂੰ ਉਜਾਗਰ ਕੀਤਾ ਗਿਆ।

ਅੰਤਰਰਾਸ਼ਟਰੀ ਜਿਊਰੀ ਨੇ ਮੰਡੀਆਂ ਦੇ ਆਧੁਨਿਕੀਕਰਨ, ਪਾਰਦਰਸ਼ਤਾ, ਬੁਨਿਆਦੀ ਢਾਂਚੇ ਦੇ ਵਿਕਾਸ, ਵਾਤਾਵਰਣ ਦੀ ਸੰਭਾਲ ਅਤੇ ਕਿਸਾਨਾਂ ਦੀ ਭਲਾਈ ਲਈ ਪੰਜਾਬ ਦੀਆਂ ਪਹਿਲਕਦਮੀਆਂ ਦੀ ਸ਼ਲਾਘਾ ਕੀਤੀ। ਐਵਾਰਡ ਲਈ ਤਿੰਨ ਪ੍ਰਸਤਾਵ ਪ੍ਰਾਪਤ ਹੋਏ ਸਨ, ਜਿਨ੍ਹਾਂ ਵਿੱਚੋਂ ਪੰਜਾਬ ਨੂੰ ਜੇਤੂ ਚੁਣਿਆ ਗਿਆ।

ਪੰਜਾਬ ਮੰਡੀ ਬੋਰਡ ਦੇ ਨੈੱਟਵਰਕ ਵਿੱਚ 158 ਮਾਰਕੀਟ ਕਮੇਟੀਆਂ, 152 ਮੁੱਖ ਯਾਰਡ, 285 ਸਬ-ਯਾਰਡ ਅਤੇ 1,485 ਮੌਸਮੀ ਖਰੀਦ ਕੇਂਦਰ ਸ਼ਾਮਲ ਹਨ।

ਸਾਲ 2022-23 ਤੋਂ ਹੁਣ ਤੱਕ ਖੁੱਲ੍ਹੀ ਈ-ਨਿਲਾਮੀ ਰਾਹੀਂ 1,846 ਪਲਾਟ ਵੇਚ ਕੇ 746 ਕਰੋੜ ਰੁਪਏ ਦੀ ਆਮਦਨ ਹਾਸਲ ਕੀਤੀ ਗਈ ਹੈ। ਮੰਡੀਆਂ ਵਿੱਚ ਕਿਸਾਨ ਪੈਟਰੋਲ ਪੰਪ ਵੀ ਸ਼ੁਰੂ ਕੀਤੇ ਜਾ ਰਹੇ ਹਨ, ਜਿਸ ਨਾਲ ਕਿਸਾਨਾਂ ਨੂੰ ਲਾਭ ਅਤੇ ਪੇਂਡੂ ਰੁਜ਼ਗਾਰ ਨੂੰ ਹੁਲਾਰਾ ਮਿਲੇਗਾ। ਮੰਡੀਆਂ ਵਿੱਚ ਬੂਮ ਬੈਰੀਅਰ, ਵੇ-ਬ੍ਰਿਜ, ਆਧਾਰ ਆਧਾਰਿਤ ਕਿਸਾਨ ਰਜਿਸਟ੍ਰੇਸ਼ਨ, ਆਨਲਾਈਨ ਜੇ-ਫਾਰਮ, ਜ਼ਮੀਨ ਦੀ ਮੈਪਿੰਗ ਅਤੇ ਕਿਊ.ਆਰ. ਕੋਡ ਵਰਗੀਆਂ ਡਿਜੀਟਲ ਸਹੂਲਤਾਂ ਸ਼ੁਰੂ ਕੀਤੀਆਂ ਗਈਆਂ ਹਨ। ਬੋਰਡ ਵੱਲੋਂ 654 ਨਵੇਂ ਸ਼ੈੱਡ ਬਣਾਏ ਗਏ ਹਨ ਅਤੇ 36 ਥੋਕ ਮੰਡੀਆਂ ਵਿੱਚ ਛੱਤਾਂ ਉੱਤੇ ਸੂਰਜੀ ਊਰਜਾ ਪਲਾਂਟ ਲਗਾਏ ਗਏ ਹਨ। ਰੇਲਵੇ ਯਾਰਡਾਂ ਨੇੜੇ ਗੋਦਾਮ ਅਤੇ ਕੋਲਡ ਸਟੋਰ ਬਣਾਉਣ ਦੀ ਦਿਸ਼ਾ ਵਿੱਚ ਵੀ ਕੰਮ ਕੀਤਾ ਜਾ ਰਿਹਾ ਹੈ। ਬਠਿੰਡਾ ਥੋਕ ਮੰਡੀ ਪੰਜਾਬ ਦੀ ਪਹਿਲੀ ਮੰਡੀ ਬਣੀ ਹੈ, ਜਿਸ ਨੂੰ ਈਟ ਰਾਈਟ ਫਰੂਟ ਐਂਡ ਵੈਜੀਟੇਬਲ ਮਾਰਕੀਟ ਦਾ ਪ੍ਰਮਾਣ ਪੱਤਰ ਮਿਲਿਆ ਹੈ। ਇਸ ਤੋਂ ਇਲਾਵਾ ਮਸ਼ੀਨੀ ਸਫ਼ਾਈ, ਰੁੱਖ ਲਗਾਉਣ ਅਤੇ ਫਲਾਂ ਤੇ ਸਬਜ਼ੀਆਂ ਦੇ ਕੂੜੇ ਤੋਂ ਖਾਦ ਤਿਆਰ ਕਰਨ ਲਈ ਬਾਇਓ-ਵੇਸਟ ਪ੍ਰਬੰਧਨ ਪਲਾਂਟ ਵੀ ਸ਼ੁਰੂ ਕੀਤਾ ਗਿਆ ਹੈ।

ਬੋਰਡ ਵੱਲੋਂ ਕਿਸਾਨਾਂ ਨੂੰ ਦੁਰਘਟਨਾ ਮੁਆਵਜ਼ਾ, ਖੇਤੀਬਾੜੀ ਦੇ ਵਿਦਿਆਰਥੀਆਂ ਨੂੰ ਵਜ਼ੀਫ਼ੇ ਅਤੇ ਫ਼ਸਲਾਂ ਦੀ ਕਟਾਈ ਤੋਂ ਬਾਅਦ ਦੇ ਪ੍ਰਬੰਧਨ ਸਬੰਧੀ ਖੋਜ ਲਈ ਵੀ ਸਹਿਯੋਗ ਦਿੱਤਾ ਜਾ ਰਿਹਾ ਹੈ। ਹਰਚੰਦ ਸਿੰਘ ਬਰਸਟ ਨੇ ਇਸ ਪ੍ਰਾਪਤੀ ਨੂੰ ਪੰਜਾਬ ਅਤੇ ਪੂਰੇ ਦੇਸ਼ ਲਈ ਮਾਣ ਵਾਲਾ ਪਲ ਦੱਸਦਿਆਂ ਕਿਹਾ ਕਿ ਇਹ ਸਨਮਾਨ ਖੇਤੀਬਾੜੀ ਮੰਡੀਕਰਨ ਵਿੱਚ ਨਵੀਨਤਾ, ਪਾਰਦਰਸ਼ਤਾ ਅਤੇ ਟਿਕਾਊ ਵਿਕਾਸ ਲਈ ਪੰਜਾਬ ਦੇ ਯਤਨਾਂ ਦੀ ਅੰਤਰਰਾਸ਼ਟਰੀ ਮਾਨਤਾ ਹੈ।

ਕੰਢੀ ਖੇਤਰ ਵਿੱਚ ਹਾੜ੍ਹੀ ਦੌਰਾਨ ਦਾਲਾਂ ਅਤੇ ਤੇਲ ਬੀਜਾਂ ਦੀ ਕਾਸ਼ਤ ਸਬੰਧੀ

ਪੈ.ਗਾਮ-ਏ-ਜਗਤ
ਬਲਾਚੌਰ, 6 ਨਵੰਬਰ
(ਜਤਿੰਦਰ ਪਾਲ ਸਿੰਘ ਕਲੇਰ)



ਪੰਜਾਬ ਦੇ ਕੰਢੀ ਖੇਤਰ ਵਿੱਚ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਹਾੜ੍ਹੀ ਦੌਰਾਨ ਦਾਲਾਂ ਅਤੇ ਤੇਲ ਬੀਜਾਂ ਦੀ ਕਾਸ਼ਤ ਲਾਹੇਵੰਦ ਸਾਬਤ ਹੋ ਸਕਦੀ ਹੈ। ਇਸ ਖੇਤਰ ਦੀਆਂ ਮਿੱਟੀ ਅਤੇ ਭੂਗੋਲਿਕ ਹਾਲਤਾਂ ਨੂੰ ਧਿਆਨ ਵਿੱਚ ਰੱਖਦਿਆਂ ਕਿਸਾਨਾਂ ਨੂੰ ਘੱਟ ਪਾਣੀ ਦੀ ਲੋੜ ਵਾਲੀਆਂ ਫ਼ਸਲਾਂ ਦੀ ਚੋਣ ਕਰਨੀ ਚਾਹੀਦੀ ਹੈ। ਇਹ ਜਾਣਕਾਰੀ ਡਾ. ਰਮਨਦੀਪ ਕੌਰ, ਸਾਇੰਸਦਾਨ (ਫਸਲ ਵਿਗਿਆਨ) ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਕੰਢੀ ਖੇਤਰ ਵਿੱਚ ਰਾਇਆ, ਗੋਭੀ ਸਰ੍ਹੋਂ, ਅਫ਼ਰੀਕਨ ਸਰ੍ਹੋਂ ਅਤੇ ਤਾਰਾਮੀਰਾ ਦੀ ਕਾਸ਼ਤ ਕੀਤੀ ਜਾ ਸਕਦੀ ਹੈ। ਰਾਇਆ ਦੀਆਂ ਪੀ.ਐਚ.ਆਰ. 127, ਆਰ.ਸੀ.ਐਚ. 1, ਪੀ.ਐਚ.ਆਰ. 126 ਅਤੇ ਗਿਰਿਰਾਜ ਤੋਂ ਇਲਾਵਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਿਫ਼ਾਰਸ਼ ਕੀਤੀਆਂ ਪੰਜਾਬ ਰਾਇਆ ਕੈਨੋਲਾ 7 ਅਤੇ ਪੰਜਾਬ ਰਾਇਆ 813 ਕਿਸਮਾਂ ਵੀ ਚੰਗਾ ਝਾੜ ਦੇ ਸਕਦੀਆਂ ਹਨ। ਇਨ੍ਹਾਂ ਦਾ ਔਸਤ ਝਾੜ ਕ੍ਰਮਵਾਰ 8.5 ਅਤੇ 9.1 ਕੁਇੰਟਲ ਪ੍ਰਤੀ ਏਕੜ ਹੈ। ਤਾਰਾਮੀਰਾ ਦੀ ਟੀ.ਐਮ.ਐਲ.ਸੀ. 2 ਕਿਸਮ ਵੀ ਬੀਜੀ ਜਾ ਸਕਦੀ ਹੈ।

ਦਾਲਾਂ ਵਿੱਚ ਛੋਲਿਆਂ ਦੀਆਂ ਪੀ.ਬੀ.ਜੀ. 10, ਪੀ.ਬੀ.ਜੀ. 7 ਅਤੇ ਪੀ.ਬੀ.ਜੀ. 5 ਵਰਗੀਆਂ ਸੁਧਰੀਆਂ ਕਿਸਮਾਂ ਦੀ ਚੋਣ ਕਰਨੀ ਚਾਹੀਦੀ ਹੈ। ਦੇਸੀ ਛੋਲਿਆਂ ਦੀ ਪੀ.ਡੀ.ਜੀ. 4 ਕਿਸਮ 160 ਦਿਨਾਂ ਵਿੱਚ ਪੱਕ ਕੇ ਔਸਤ 7.8 ਕੁਇੰਟਲ ਪ੍ਰਤੀ ਏਕੜ ਝਾੜ ਦਿੰਦੀ ਹੈ। ਇਸੇ ਤਰ੍ਹਾਂ ਕਾਬਲੀ ਛੋਲਿਆਂ ਦੀ ਐਲ. 552 ਕਿਸਮ ਦਾ ਔਸਤ ਝਾੜ 7.3 ਕੁਇੰਟਲ ਪ੍ਰਤੀ ਏਕੜ ਹੈ। ਮਸਰ ਦੀ ਨਵੀਂ ਕਿਸਮ ਐਲ.ਐਲ. 1613 ਲਗਭਗ 135 ਦਿਨਾਂ ਵਿੱਚ ਪੱਕਦੀ ਹੈ ਅਤੇ 5.2 ਕੁਇੰਟਲ ਪ੍ਰਤੀ ਏਕੜ ਔਸਤ ਝਾੜ ਦਿੰਦੀ ਹੈ। ਬਿਜਾਈ ਤੋਂ ਪਹਿਲਾਂ ਮਸਰ ਦੇ ਬੀਜ ਨੂੰ ਸਿਫ਼ਾਰਸ਼ ਕੀਤੀ ਜੀਵਾਣੂ ਖਾਦ ਨਾਲ ਸੋਧਣਾ ਚਾਹੀਦਾ ਹੈ। ਡਾ. ਰਮਨਦੀਪ ਕੌਰ ਨੇ ਦੱਸਿਆ ਕਿ ਸਰ੍ਹੋਂ ਦੀਆਂ ਫ਼ਸਲਾਂ ਵਿੱਚ ਫਾਸਫੋਰਸ ਅਤੇ ਗੰਧਕ ਦੀ ਪੂਰਤੀ ਲਈ ਸਿੰਗਲ ਸੁਪਰ ਫਾਸਫੇਟ ਖਾਦ ਨੂੰ ਤਰਜੀਹ ਦੇਣੀ ਚਾਹੀਦੀ ਹੈ। ਗੋਭੀ ਸਰ੍ਹੋਂ ਵਿੱਚ ਚਾਰੇ ਵਾਲੀ ਜਵੀ ਦੀ ਅੰਤਰ-ਫ਼ਸਲੀ ਕਾਸ਼ਤ ਵੀ ਕੀਤੀ ਜਾ ਸਕਦੀ ਹੈ। ਫੁੱਲ ਨਿਕਲਣ, ਫਲੀਆਂ ਬਣਨ ਅਤੇ ਦਾਣੇ ਭਰਨ ਸਮੇਂ ਸਿੰਚਾਈ ਦਾ ਵਿਸ਼ੇਸ਼ ਧਿਆਨ ਰੱਖਣਾ ਜ਼ਰੂਰੀ ਹੈ। ਨਦੀਨਾਂ ਦੀ ਰੋਕਥਾਮ ਲਈ ਸਮੇਂ ਸਿਰ ਗੋਡੀ ਅਤੇ ਸਿਫ਼ਾਰਸ਼ ਕੀਤੀਆਂ ਨਦੀਨਨਾਸ਼ਕ ਦਵਾਈਆਂ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮਿੱਟੀ ਅਤੇ ਪਾਣੀ ਦੀ ਉਪਲਬਧਤਾ ਅਨੁਸਾਰ ਸੁਧਰੀਆਂ ਕਿਸਮਾਂ ਦੀ ਚੋਣ ਕਰਨ ਅਤੇ ਸਮੇਂ ਸਿਰ ਬਿਜਾਈ, ਸੰਤੁਲਿਤ ਖਾਦਾਂ ਤੇ ਸੁਚੱਜੇ ਸਿੰਚਾਈ ਪ੍ਰਬੰਧਨ ਰਾਹੀਂ ਵਧੀਆ ਝਾੜ ਅਤੇ ਆਮਦਨ ਪ੍ਰਾਪਤ ਕਰਨ।

ਬੱਚਿਆਂ ਨੇ ਗ੍ਰੀਨ ਦਿਵਾਲੀ ਪੌਦੇ ਲਗਾਕੇ ਮਨਾਈ- ਪਵਨ, ਪਾਣੀ, ਹਵਾਵਾਂ, ਭੋਜਨ, ਵਿਚਾਰਾਂ ਭਾਈਚਾਰੇ ਦੀ ਸ਼ੁਧਤਾ ਸਵੱਛਤਾ ਲਈ ਪ੍ਰਣ ਕੀਤਾ : ਰਾਵਿੰਦਰ ਕੌਰ ਸਿੱਧੂ

ਪਟਿਆਲਾ, 6 ਨਵੰਬਰ
(ਪੈ.ਗਾਮ-ਏ-ਜਗਤ)



ਸੋਨੀ ਪਬਲਿਕ ਸਕੂਲ ਪਟਿਆਲਾ ਦੇ ਬੱਚਿਆਂ ਨੇ ਪੇਪਰਾਂ, ਕੰਥਾ ਤੇ ਸਲੋਗਨ ਲਿੱਖਣ ਦੀ ਥਾਂ ਫੋਕਲ ਪੁਆਇੰਟ ਦੇ ਪਾਰਕ ਵਿੱਚ 51 ਫੁੱਲਦਾਰ ਪੌਦੇ ਸ਼੍ਰੀਮਤੀ ਰਮਨਦੀਪ ਕੌਰ ਪ੍ਰਿੰਸੀਪਲ, ਐਮ ਡੀ ਸ਼੍ਰੀ ਵਰਿੰਦਰ ਸਿੰਘ ਦੀ ਅਗਵਾਈ ਹੇਠ, ਰਾਵਿੰਦਰ ਕੌਰ ਸਿੱਧੂ, ਪੰਜਾਬ ਸਕਾਊਟ ਗਾਈਡ ਦੇ ਚੀਫ਼ ਟ੍ਰੇਨਿੰਗ ਕਮਿਸ਼ਨਰ ਅਤੇ ਰੈੱਡ ਕਰਾਸ ਦੇ ਸੇਵਾ ਮੁਕਤ ਟ੍ਰੇਨਿੰਗ ਅਫਸਰ ਸ਼੍ਰੀ ਕਾਕਾ ਰਾਮ ਵਰਮਾ ਦੇ ਅਸ਼ੀਰਵਾਦ ਨਾਲ ਇਹ ਪ੍ਰਣ ਕਰਦੇ ਹੋਏ ਪੌਦੇ ਲਗਾਏ ਕਿ ਉਨ੍ਹਾਂ ਵਲੋਂ ਪਟਾਕਿਆਂ, ਬੰਬਾਂ ਕੈਮੀਕਲ ਮਿਠਾਈਆਂ, ਪਲਾਸਟਿਕ ਦੀ ਵਰਤੋਂ ਨਹੀਂ ਕੀਤੀ ਜਾਵੇਗੀ। ਰਾਵਿੰਦਰ ਕੌਰ ਸਿੱਧੂ ਅਤੇ ਕਾਕਾ ਰਾਮ ਵਰਮਾ ਨੇ ਸੋਨੀ ਪਬਲਿਕ ਸਕੂਲ ਦੇ ਪ੍ਰਿੰਸੀਪਲ ਪ੍ਰੋਗਰਾਮ ਕੋਆਰਡੀਨੇਟਰ ਭਾਵਨਾ ਸ਼ਰਮਾ, ਅਧਿਆਪਕਾਂ ਅਤੇ ਬੱਚਿਆਂ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਕਿ ਉਨ੍ਹਾਂ ਨੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਉਪਦੇਸ਼ਾਂ ਅਨੁਸਾਰ ਅਸਲ ਵਿੱਚ ਗ੍ਰੀਨ ਦਿਵਾਲੀ ਪੌਦੇ ਲਗਾਕੇ ਮਨਾਈ। ਸੋਨੀ ਅਤੇ ਅਨੇਕਾਂ ਸਕੂਲਾਂ ਵਲੋਂ ਪਵਨ, ਪਾਣੀ, ਹਵਾਵਾਂ ਭੋਜਨ ਵਿਚਾਰਾਂ ਵਾਤਾਵਰਨ ਅਤੇ ਆਦਤਾਂ ਦੀ ਸ਼ੁਧਤਾ, ਸਵੱਛਤਾ ਲਈ ਪ੍ਰਸੰਸਾਯੋਗ ਉਪਰਾਲੇ ਕੀਤੇ ਜਾ ਰਹੇ ਹਨ, ਰੈਲੀ ਕਢਕੇ ਲੋਕਾਂ ਇਸਤਰੀਆਂ ਨੂੰ ਪਟਾਕੇ, ਬੰਬ ਚਲਾਕੇ ਆਪਣੀ ਕਮਾਈ ਅਤੇ ਬੱਚਿਆਂ ਦੇ ਉੱਜਵਲ ਭਵਿੱਖ ਲਈ ਰਖੀਂ ਦੌਲਤ ਨੂੰ ਅੱਗਾਂ ਲਗਾਕੇ ਪ੍ਰਦੂਸ਼ਨ ਵਧਾਉਣ ਤੋਂ ਰੋਕਣ ਲਈ ਬੇਨਤੀ ਕੀਤੀ। ਵਿਦਿਆਰਥੀਆਂ ਨੂੰ ਸੁਰੱਖਿਆ ਦਿਵਾਲੀ ਤਿਉਹਾਰ ਮਨਾਉਣ ਲਈ ਫਸਟ ਏਡ ਸੀ ਪੀ ਆਰ ਰਿਕਵਰੀ ਪੁਜੀਸ਼ਨ ਵੈਂਟੀਲੈਟਰ ਬਣਾਉਟੀ ਸਾਹ ਕਿਰਿਆ ਅਤੇ ਫਾਇਰ ਸੇਫਟੀ ਸਬੰਧੀ ਜਾਣਕਾਰੀ ਦਿੱਤੀ।

ਨਿਸਾਨ ਨੇ ਗਾਹਕਾਂ ਦੀ ਸੰਤੁਸ਼ਟੀ ਅਤੇ ਸੇਵਾ ਦੇ ਖੇਤਰ ਵਿੱਚ ਉੱਤਮਤਾ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ

ਚੰਡੀਗੜ੍ਹ, (ਪੈ.ਗਾਮ-ਏ-ਜਗਤ)

ਨਿਸਾਨ ਇੰਡੀਆ ਨਵੰਬਰ ਮਹੀਨੇ ਦੌਰਾਨ 'ਵਰਲਡ ਕੁਆਲਿਟੀ ਮੰਥ' ਮਨਾ ਰਹੀ ਹੈ। ਇਸ ਮੌਕੇ ਕੰਪਨੀ ਨੇ ਆਪਣੇ ਸਾਰੇ 315 ਸੇਲਜ਼ ਅਤੇ ਸਰਵਿਸ ਟੱਚਪੁਆਇੰਟਸ 'ਤੇ ਬਿਹਤਰੀਨ ਸੇਵਾ ਗੁਣਵੱਤਾ ਅਤੇ ਗਾਹਕਾਂ ਦੀ ਸੰਤੁਸ਼ਟੀ ਨੂੰ ਯਕੀਨੀ ਬਣਾਉਣ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ ਹੈ। 'ਹਰ ਗਾਹਕ, ਹਰ ਗੱਡੀ, ਹਰ ਵਾਰ ਬਿਹਤਰੀਨ ਗੁਣਵੱਤਾ' ਦੇ ਥੀਮ 'ਤੇ ਆਧਾਰਿਤ ਇਸ ਮਹੀਨਾ ਭਰ ਚੱਲਣ ਵਾਲੀ ਪਹਿਲਕਦਮੀ ਰਾਹੀਂ ਨਿਸਾਨ ਨੇ ਆਪਣੀ ਗਾਹਕ-ਕੇਂਦਰਿਤ ਕਾਰਜਸ਼ੈਲੀ ਨੂੰ ਉਜਾਗਰ ਕੀਤਾ ਹੈ। ਇਸ ਦੇ ਨਾਲ ਹੀ, ਸ਼ਾਨਦਾਰ ਸਰਵਿਸ ਅਤੇ ਭਰੋਸੇਮੰਦ ਆਫਟਰ-ਸੇਲਜ਼ ਸਹਾਇਤਾ ਰਾਹੀਂ ਗਾਹਕਾਂ ਦਾ ਭਰੋਸਾ ਹੋਰ ਮਜ਼ਬੂਤ ਕਰਨ ਪ੍ਰਤੀ ਕੰਪਨੀ ਦਾ ਸੰਕਲਪ ਵੀ ਪ੍ਰਗਟ ਹੁੰਦਾ ਹੈ।

ਨਿਸਾਨ ਪਿਛਲੇ ਕਈ ਸਾਲਾਂ ਤੋਂ ਕੁਆਲਿਟੀ ਮੰਥ ਦਾ ਆਯੋਜਨ ਕਰਦੀ ਆ ਰਹੀ ਹੈ। ਇਸ ਪਹਿਲਕਦਮੀ ਤਹਿਤ ਕੰਪਨੀ ਦੀਆਂ ਡੀਲਰਸ਼ਿਪਾਂ ਅਤੇ ਸਰਵਿਸ ਟੀਮਾਂ ਨੂੰ ਵੱਖ-ਵੱਖ ਗਾਹਕ-ਕੇਂਦਰਿਤ ਗਤੀਵਿਧੀਆਂ ਰਾਹੀਂ ਇਕਜੁੱਟ ਕੀਤਾ ਜਾਂਦਾ ਹੈ, ਤਾਂ ਜੋ ਸਮੁੱਚੇ ਕਾਰਜ ਪ੍ਰਬੰਧ ਵਿੱਚ ਗੁਣਵੱਤਾ ਦੀ ਮਜ਼ਬੂਤ ਸੰਸਕ੍ਰਿਤੀ ਵਿਕਸਿਤ ਕੀਤੀ ਜਾ ਸਕੇ। 'ਪਹਿਲੀ ਵਾਰ ਵਿੱਚ ਹੀ ਸਹੀ ਹੱਲ' ਦੇ ਸਿਧਾਂਤ 'ਤੇ ਆਧਾਰਿਤ ਇਸ ਮੁਹਿੰਮ ਦਾ ਉਦੇਸ਼ ਮੁਰੰਮਤ ਦੀ ਗੁਣਵੱਤਾ ਵਿੱਚ ਸੁਧਾਰ ਕਰਨਾ, ਸਰਵਿਸ ਦੀ ਕਾਰਜਕੁਸ਼ਲਤਾ ਵਧਾਉਣਾ ਅਤੇ ਗਾਹਕਾਂ ਦੇ ਹਰ ਸੰਪਰਕ ਬਿੰਦੂ 'ਤੇ ਉਨ੍ਹਾਂ ਨੂੰ ਸੁਖਾਵਾਂ ਤੇ ਬਿਹਤਰ ਅਨੁਭਵ ਪ੍ਰਦਾਨ ਕਰਨਾ ਹੈ। ਇਸ ਮਹੀਨੇ ਦੌਰਾਨ ਹਰ ਹਫ਼ਤੇ ਇੱਕ ਵਿਸ਼ੇਸ਼ ਥੀਮ ਤਹਿਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਇਨ੍ਹਾਂ ਵਿੱਚ 'ਬਿਹਤਰੀਨ ਕਾਰਜ-ਸਥਾਨ', 'ਬਿਹਤਰੀਨ ਲੋਕ', 'ਗਾਹਕਾਂ ਨੂੰ ਸ਼ਾਨਦਾਰ ਅਨੁਭਵ' ਅਤੇ 'ਮੁਰੰਮਤ ਦੀ ਬਿਹਤਰੀਨ ਗੁਣਵੱਤਾ' ਵਰਗੀਆਂ ਥੀਮ ਸ਼ਾਮਲ ਹਨ। ਇਨ੍ਹਾਂ ਰਾਹੀਂ ਵਰਕਸ਼ਾਪ ਦੇ ਮਿਆਰਾਂ ਨੂੰ ਬਿਹਤਰ ਬਣਾਉਣ, ਤਕਨੀਕੀ ਮੁਹਾਰਤ ਵਧਾਉਣ, ਗਾਹਕਾਂ ਨਾਲ ਸੰਵਾਦ ਨੂੰ ਮਜ਼ਬੂਤ ਕਰਨ ਅਤੇ ਸਰਵਿਸ ਪ੍ਰਕਿਰਿਆ ਦੇ ਹਰ ਪੜਾਅ 'ਤੇ ਵਾਹਨਾਂ ਦੀ ਗੁਣਵੱਤਾ ਜਾਂਚ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਸ ਤੋਂ ਇਲਾਵਾ, ਵਿਸ਼ੇਸ਼ ਸਿਖਲਾਈ ਪ੍ਰੋਗਰਾਮਾਂ, ਗਾਹਕ ਜਾਗਰੂਕਤਾ ਵਰਕਸ਼ਾਪਾਂ, ਵਾਹਨਾਂ ਦੇ ਹੈਲਥ ਚੈੱਕਅੱਪ ਅਤੇ ਗਾਹਕਾਂ ਤੋਂ ਫੀਡਬੈਕ ਲੈਣ ਵਰਗੀਆਂ ਪਹਿਲਕਦਮੀਆਂ ਰਾਹੀਂ ਨਿਸਾਨ ਆਪਣੀਆਂ ਸਰਵਿਸ ਟੀਮਾਂ ਅਤੇ ਗਾਹਕਾਂ ਵਿਚਕਾਰ ਬਿਹਤਰ ਤਾਲਮੇਲ ਅਤੇ ਸੰਵਾਦ ਨੂੰ ਯਕੀਨੀ ਬਣਾ ਰਹੀ ਹੈ।

ਜ਼ਿਲ੍ਹੇ ਵਿੱਚ ਲਾਊਡ ਸਪੀਕਰਾਂ ਦੀ ਵਰਤੋਂ, ਆਰਕੈਸਟਰਾ ਅਤੇ ਦੂਜੇ ਆਵਾਜ਼ੀ ਪ੍ਰਦੂਸ਼ਣ ਪੈਦਾ ਕਰਨ ਵਾਲੇ ਯੰਤਰਾਂ ਸਬੰਧੀ ਦਿਸ਼ਾ ਨਿਰਦੇਸ਼ ਜਾਰੀ

ਸੰਗਰੂਰ, 6 ਨਵੰਬਰ (ਪੈ.ਗਾਮ-ਏ-ਜਗਤ)

ਜ਼ਿਲ੍ਹਾ ਸੰਗਰੂਰ ਵਿੱਚ ਸ਼ੋਰ ਸ਼ਰਾਬਾ ਅਤੇ ਪ੍ਰਦੂਸ਼ਣ ਦੇ ਫਲਸਰੂਪ ਆਮ ਲੋਕਾਂ ਦੀ ਮਾਨਸਿਕਤਾ ਅਤੇ ਬੱਚਿਆਂ ਦੀ ਸਿਹਤ 'ਤੇ ਪੈਂਦੇ ਭੈੜੇ ਅਸਰ ਤੋਂ ਇਲਾਵਾ ਅਣ ਅਧਿਕਾਰਤ ਤੌਰ 'ਤੇ ਚਲਾਏ ਜਾ ਰਹੇ ਲਾਊਡ ਸਪੀਕਰਾਂ ਕਾਰਨ ਉਤਪੰਨ ਹੋਣ ਵਾਲੀ ਸੰਭਾਵੀ ਕਾਨੂੰਨੀ ਵਿਵਸਥਾ ਨੂੰ ਧਿਆਨ ਵਿੱਚ ਰਖਦਿਆਂ ਜ਼ਿਲ੍ਹਾ ਮੈਜਿਸਟਰੇਟ ਸੰਗਰੂਰ ਪੂਨਮਦੀਪ ਕੌਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ , 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਵਿੱਚ ਲਾਊਡ ਸਪੀਕਰਾਂ ਦੀ ਵਰਤੋਂ ਆਰਕੈਸਟਰਾ ਅਤੇ ਦੂਜੇ ਆਵਾਜ਼ੀ ਪ੍ਰਦੂਸ਼ਣ ਪੈਦਾ ਕਰਨ ਵਾਲੇ ਯੰਤਰਾਂ ਦੀ ਵਰਤੋਂ ਸਬੰਧੀ ਪਾਬੰਦੀ ਹੁਕਮ ਲਾਗੂ ਕੀਤੇ ਹਨ। ਇਹਨਾਂ ਹੁਕਮਾਂ 'ਚ ਕਿਹਾ ਗਿਆ ਹੈ ਕਿ ਮੈਰਿਜ ਪੈਲਿਸਾਂ ਅਤੇ ਹੋਰ ਥਾਵਾਂ 'ਤੇ ਜਿਥੇ ਸ਼ਾਦੀ ਆਦਿ ਹੁੰਦੀ ਹੈ, ਦੇਰ ਰਾਤ ਤੱਕ ਆਰਕੈਸਟਰਾ ਅਤੇ ਹੋਰ ਆਵਾਜ਼ੀ ਪ੍ਰਦੂਸ਼ਣ ਪੈਦਾ ਕਰਨ ਵਾਲੇ ਯੰਤਰਾਂ ਦਾ ਇਸਤੇਮਾਲ ਕੀਤਾ ਜਾਂਦਾ ਹੈ।

ਇਸ ਤੋਂ ਇਲਾਵਾ ਲਾਊਡ ਸਪੀਕਰਾਂ ਦੀ ਵਰਤੋਂ ਆਮ ਜਨਤਾ ਵੱਲੋਂ ਵੀ ਧਾਰਮਿਕ ਅਤੇ ਦੂਜੇ ਹੋਰ ਸਥਾਨਾਂ 'ਤੇ ਖੁੱਲ੍ਹੇ ਤੌਰ 'ਤੇ ਕੀਤੀ ਜਾਂਦੀ ਹੈ ਜਿਸ ਕਾਰਨ ਬਿਰਧ ਬਿਮਾਰ ਵਿਅਕਤੀਆਂ ਅਤੇ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਕਾਫ਼ੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਕੋਈ ਵੀ ਵਿਅਕਤੀ ਸ਼ੋਰ ਪ੍ਰਦੂਸ਼ਣ (ਰੈਗੂਲੇਸ਼ਨ ਐਂਡ ਕੰਟਰੋਲ) ਰੂਲਜ਼ 2000 ਵਿੱਚ ਦਰਜ ਉਪਬੰਧਾਂ ਦੇ ਅਨੁਸਾਰ ਸਮਰੱਥ ਅਧਿਕਾਰੀ ਦੀ ਲਿਖਤੀ ਮੰਜ਼ੂਰੀ ਤੋਂ ਬਿਨਾਂ ਕਿਸੇ ਵੀ ਅਜਿਹੇ ਯੰਤਰ ਜਾਂ ਸ਼ੋਰ ਪ੍ਰਦੂਸ਼ਣ ਪੈਦਾ ਕਰਨ ਵਾਲੀ ਸਮੱਗਰੀ ਪ੍ਰੈਸ਼ਰ ਹਾਰਨ ਆਦਿ ਦੀ ਵਰਤੋਂ ਨਹੀਂ ਕਰੇਗਾ, ਜਿਸ ਦੀ ਆਵਾਜ਼ ਉਸਦੀ ਹਦੂਦ ਤੋਂ ਬਾਹਰ ਸੁਣਦੀ ਹੋਵੇ ਪਰ ਇਹ ਹੁਕਮ ਉਨ੍ਹਾਂ ਲਾਊਡ ਸਪੀਕਰਾਂ 'ਤੇ ਲਾਗੂ ਨਹੀਂ ਹੋਵੇਗਾ ਜਿਨ੍ਹਾਂ ਦੀ ਵਰਤੋਂ ਸਰਕਾਰੀ ਮੰਤਵ ਲਈ ਕੀਤੀ ਜਾਂਦੀ ਹੈ। ਹੁਕਮਾਂ ਅਨੁਸਾਰ ਆਰਕੈਸਟਰਾ, ਬੈਂਡ, ਡੀ.ਜੇ ਸਿਸਟਮ ਅਤੇ ਲਾਊਡ ਸਪੀਕਰਾਂ ਦੀ ਵਰਤੋਂ ਮੈਰਿਜ ਪੈਲਸ ਅਤੇ ਧਾਰਮਿਕ ਥਾਵਾਂ 'ਤੇ ਵਜਾਉਣ ਦੀ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਪੂਰੀ ਪਾਬੰਦੀ ਰਹੇਗੀ। ਬਰਾਤ, ਜਿਸ ਵਿੱਚ ਐਂਪਲੀਫਾਇਰ ਦੀ ਵਰਤੋਂ ਕੀਤੀ ਜਾਵੇਗੀ, ਉਸ 'ਤੇ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਪੂਰੀ ਪਾਬੰਦੀ ਹੋਵੇਗੀ। ਵਿਆਹ ਵਾਲੇ ਘਰਾਂ ਵਿੱਚ ਲਾਊਡ ਸਪੀਕਰਾਂ ਦੀ ਆਵਾਜ਼ ਵਿਆਹ ਘਰ ਤੋਂ ਬਾਹਰ ਨਹੀਂ ਜਾਣੀ ਚਾਹੀਦੀ। ਮੈਰਿਜ ਪੈਲਸਾਂ ਵਿੱਚ ਲਾਊਡ ਸਪੀਕਰਾਂ ਦੀ ਆਵਾਜ਼ ਮੈਰਿਜ ਪੈਲਸ ਤੋਂ ਬਾਹਰ ਨਹੀਂ ਜਾਣੀ ਚਾਹੀਦੀ। ਹੁਕਮਾਂ 'ਚ ਕਿਹਾ ਗਿਆ ਹੈ ਕਿ ਜੇਕਰ ਇਸ ਦੀ ਉਲੰਘਣਾ ਹੋਵੇਗੀ ਤਾਂ ਸਬੰਧਤ ਆਰਕੈਸਟਰਾ, ਡੀ.ਜੇ ਅਤੇ ਮੈਰਿਜ ਪੈਲੇਸ ਆਦਿ ਦੇ ਮਾਲਕ ਦੇ ਖਿਲਾਫ਼ ਕਾਰਵਾਈ ਕੀਤੀ ਜਾਵੇਗੀ।

ਪਰਦੀਪ ਕੁਮਾਰ ਸਪਾਲ ਸ਼੍ਰੋਮਣੀ ਅਕਾਲੀ ਦਲ ਦੇ ਬੀ.ਸੀ. ਵਿੰਗ ਪੰਜਾਬ ਦੇ ਮੀਤ ਪ੍ਰਧਾਨ ਨਿਯੁਕਤ

ਪਟਿਆਲਾ, (ਪੈ.ਗਾਮ-ਏ-ਜਗਤ)

ਸ਼੍ਰੋਮਣੀ ਅਕਾਲੀ ਦਲ ਵੱਲੋਂ ਪਰਦੀਪ ਕੁਮਾਰ ਸਪਾਲ ਨੂੰ ਪਾਰਟੀ ਦੇ ਬੀ.ਸੀ. ਵਿੰਗ ਪੰਜਾਬ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਉਹ



ਪਿੰਡ ਚੌਰਾ, ਜ਼ਿਲ੍ਹਾ ਪਟਿਆਲਾ ਦੇ ਰਹਿਣ ਵਾਲੇ ਅਤੇ ਹਰੀ ਸਿੰਘ ਸਪਾਲ ਦੇ ਸਪੁੱਤਰ ਹਨ। ਇਸ ਸਬੰਧੀ ਜਾਰੀ ਨਿਯੁਕਤੀ ਪੱਤਰ ਵਿੱਚ ਜਥੇਦਾਰ ਹੀਰਾ ਸਿੰਘ ਗਾਬੜੀਆ, ਕਾਰਜਕਾਰੀ ਪ੍ਰਧਾਨ ਬੀ. ਸੀ. ਵਿੰਗ ਸ਼੍ਰੋਮਣੀ ਅਕਾਲੀ ਦਲ ਅਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਪਰਦੀਪ ਕੁਮਾਰ ਸਪਾਲ ਦੀਆਂ ਸ਼੍ਰੋਮਣੀ ਅਕਾਲੀ ਦਲ ਪ੍ਰਤੀ ਸੇਵਾਵਾਂ ਨੂੰ ਮੁੱਖ ਰੱਖਦਿਆਂ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀਆਂ ਹਦਾਇਤਾਂ ਅਨੁਸਾਰ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ।

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਨਾਲ ਹੀ ਪਾਣੀ ਦੀ ਸਪਲਾਈ ਤੇ ਸੀਵਰੇਜ਼ ਕੁਨੈਕਸ਼ਨ ਲਵਾਉਣ ਦੇ ਹੁਕਮ

ਸੰਗਰੂਰ, 6 ਨਵੰਬਰ (ਪੈ.ਗਾਮ-ਏ-ਜਗਤ)

ਜ਼ਿਲ੍ਹਾ ਮੈਜਿਸਟਰੇਟ ਸੰਗਰੂਰ ਪੂਨਮਦੀਪ ਕੌਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਲੋਕ ਹਿੱਤਾਂ ਨੂੰ ਧਿਆਨ 'ਚ ਰੱਖ ਕੇ ਹੁਕਮ ਜਾਰੀ ਕੀਤਾ ਹੈ ਕਿ ਜ਼ਿਲ੍ਹੇ ਦੇ ਸ਼ਹਿਰੀ/ਪੇਂਡੂ ਖੇਤਰਾਂ ਵਿੱਚ ਹਰ ਇਕ ਲੋੜਵੰਦ ਵਿਅਕਤੀ ਸਮਰੱਥ ਅਧਿਕਾਰੀ ਦੀ ਲਿਖਤੀ ਪ੍ਰਵਾਨਗੀ ਉਪਰੰਤ ਹੀ ਪਾਣੀ ਦੀ ਸਪਲਾਈ/ਸੀਵਰੇਜ ਦੇ ਕੁਨੈਕਸ਼ਨ ਲਵਾਏਗਾ ਅਤੇ ਆਪਣੇ ਪੱਧਰ ਤੇ ਨਜ਼ਾਇਜ ਤੌਰ 'ਤੇ ਪਾਣੀ ਦੀ ਸਪਲਾਈ ਦੇ ਕੁਨੈਕਸ਼ਨ ਨਹੀ ਲਾਏਗਾ। ਇਹ ਹੁਕਮ 21 ਦਸੰਬਰ 2026 ਤੱਕ ਲਾਗੂ ਰਹੇਗਾ।

ਜਾਰੀ ਹੁਕਮ ਵਿੱਚ ਕਿਹਾ ਗਿਆ ਹੈ ਕਿ ਕੁਝ ਵਿਅਕਤੀਆਂ ਵੱਲੋਂ ਸ਼ਹਿਰਾਂ ਅਤੇ ਪਿੰਡਾਂ ਵਿੱਚ ਨਜ਼ਾਇਜ ਤੌਰ 'ਤੇ ਅਣ ਅਧਿਕਾਰਤ ਵਾਟਰ ਸਪਲਾਈ/ਸੀਵਰੇਜ਼ ਕੁਨੈਕਸ਼ਨ ਆਪਣੇ ਪੱਧਰ 'ਤੇ ਲਗਾ ਲਏ ਜਾਂਦੇ ਹਨ। ਕਈ ਵਾਰ ਅਜਿਹੀ ਵਜ੍ਹਾ ਕਰਕੇ ਗਲੀਆਂ-ਨਾਲੀਆਂ ਦਾ ਗੰਦਾ ਪਾਣੀ ਪੀਣ ਵਾਲੇ ਪਾਣੀ ਵਿੱਚ ਮਿਲ ਜਾਂਦਾ ਹੈ। ਇਸਦੇ ਸਿੱਟੇ ਵਜੋਂ ਭਿਆਨਕ ਬਿਮਾਰੀ ਫੈਲ ਸਕਦੀ ਹੈ ਅਤੇ ਜਾਨ ਮਾਲ ਦਾ ਨੁਕਸਾਨ ਹੋ ਸਕਦਾ ਹੈ।

ਪਿਆਰਾ ਸਿੰਘ ਰਾਹੀ ਦਾ .ਗ਼ਜ਼ਲ ਸੰਗ੍ਰਹਿ "ਚੀਸ"

ਜੀਵਨ ਦੇ ਅੰਤਰੀਵ ਵਿੱਚ ਪਸਰੇ ਦਰਦ ਦਾ ਕਾਵਿਕ ਬਿਆਨ : ਡਾ. ਅਮਰਜੀਤ ਕੌਂਕੇ

ਪੰਜਾਬੀ ਸਾਹਿਤ ਦੇ ਖੇਤਰ ਵਿੱਚ ਬਹੁਤ ਸਾਰੇ ਐਸੇ ਸਾਹਿਤਕਰਮੀ ਹਨ ਜਿਹੜੇ ਬਿਨਾਂ ਕਿਸੇ ਵਿਸ਼ੇਸ਼ ਸਾਹਿਤਕ ਲਹਿਰ ਜਾਂ ਪ੍ਰਚਾਰ ਦੀ ਰੌਸ਼ਨੀ ਵਿੱਚ ਆਉਣ ਦੇ ਨਿਰੰਤਰ ਸਿਰਜਣਾਤਮਕ ਸਾਧਨਾ ਰਾਹੀਂ ਆਪਣੀ ਵੱਖਰੀ ਪਛਾਣ ਬਣਾਉਂਦੇ ਹਨ। ਉਨ੍ਹਾਂ ਲਈ ਸਾਹਿਤ ਕੋਈ ਅਸਥਾਈ ਸ਼ੌਕ ਜਾਂ ਸਮੇਂ ਦੇ ਨਾਲ ਬਦਲ ਜਾਣ ਵਾਲੀ ਸਰਗਰਮੀ ਨਹੀਂ ਹੁੰਦਾ, ਸਗੋਂ ਜੀਵਨ ਨੂੰ ਸਮਝਣ, ਮਹਿਸੂਸ ਕਰਨ ਅਤੇ ਉਸ ਦੇ ਅਨੁਭਵਾਂ ਨੂੰ ਸ਼ਬਦਾਂ ਵਿੱਚ ਢਾਲਣ ਦਾ ਇੱਕ ਨਿਰੰਤਰ ਅਮਲ ਹੁੰਦਾ ਹੈ। ਪਿਆਰਾ ਸਿੰਘ ਰਾਹੀ ਅਜਿਹਾ ਹੀ ਇੱਕ ਸ਼ਾਇਰ ਹੈ, ਜਿਸ ਨੇ ਇੱਕ ਲੰਮੇ ਅਰਸੇ ਤੋਂ ਪੰਜਾਬੀ ਸਾਹਿਤ ਦੇ ਖੇਤਰ ਵਿੱਚ ਆਪਣੀ ਸਿਰਜਣਾਤਮਕ ਹਾਜ਼ਰੀ ਬਣਾਈ ਹੋਈ ਹੈ। ਪਿਆਰਾ ਸਿੰਘ ਰਾਹੀ ਹੁਣ ਤੱਕ 'ਨਿਪੱਤਰੇ ਰੁੱਖ', 'ਟੁੱਟੀਆਂ ਵਾਂਗਾਂ ਦਾ ਸੱਚ', 'ਤੁਰਦੇ ਰਹੋ' ਅਤੇ 'ਸੁਪਨਿਆਂ ਦੀ ਗੱਲ' ਚਾਰ ਕਾਵਿ-ਸੰਗ੍ਰਹਿ ਪੰਜਾਬੀ ਸਾਹਿਤ ਦੀ ਝੋਲੀ ਵਿੱਚ ਪਾ ਚੁੱਕਿਆ ਹੈ। ਉਸ ਦੀਆਂ ਰਚਨਾਵਾਂ ਅਨੇਕ ਵੱਖ-ਵੱਖ ਸਾਂਝੇ ਕਾਵਿ-ਸੰਗ੍ਰਹਿਆਂ ਵਿੱਚ ਵੀ ਪ੍ਰਕਾਸ਼ਿਤ ਹੋਈਆਂ ਹਨ। ਇਸ ਤੋਂ ਇਲਾਵਾ ਉਸ ਦੇ ਗੀਤਾਂ ਦੀ ਰਿਕਾਰਡਿੰਗ ਵੀ ਹੋ ਚੁੱਕੀ ਹੈ।

ਇਸ ਤਰ੍ਹਾਂ ਉਸ ਦੀ ਸਿਰਜਣਾਤਮਕਤਾ ਦਾ ਖੇਤਰ ਕੇਵਲ ਪੁਸਤਕਾਂ ਦੇ ਪੰਨਿਆਂ ਤੱਕ ਸੀਮਤ ਨਹੀਂ, ਸਗੋਂ ਗੀਤ ਅਤੇ ਸੰਗੀਤ ਦੇ ਮਾਧਿਅਮ ਰਾਹੀਂ ਵੀ ਉਸ ਦੀ ਕਾਵਿ-ਸੰਵੇਦਨਾ ਸਰੋਤਿਆਂ ਤੱਕ ਪਹੁੰਚਦੀ ਰਹੀ ਹੈ। ਉਸ ਦਾ ਨਵਾਂ ਗ਼ਜ਼ਲ-ਸੰਗ੍ਰਹਿ 'ਚੀਸ' ਉਸ ਦੀ ਲੰਮੀ ਸਾਹਿਤਕ ਯਾਤਰਾ ਦਾ ਇੱਕ ਮਹੱਤਵਪੂਰਨ ਪੜਾਅ ਹੈ।

ਪੈ.ਗਾਮ
ਪੈ.ਗਾਮ-ਏ-ਜਗਤ
ਜਗਤ

ਗ਼ਜ਼ਲ ਵਿਧਾ ਨਾਲ ਉਸ ਦੀ ਸਿਰਜਣਾਤਮਕ ਪ੍ਰਤੀਬੱਧਤਾ ਇਸ ਪੁਸਤਕ ਵਿੱਚ ਸਪਸ਼ਟ ਰੂਪ ਵਿੱਚ ਸਾਹਮਣੇ ਆਉਂਦੀ ਹੈ। ਪੁਸਤਕ ਦੀਆਂ ਗ਼ਜ਼ਲਾਂ ਨੂੰ ਪੜ੍ਹਦਿਆਂ ਮਹਿਸੂਸ ਹੁੰਦਾ ਹੈ ਕਿ ਕਵੀ ਨੇ ਜੀਵਨ ਦੇ ਅਨੇਕਾਂ ਅਨੁਭਵਾਂ ਨੂੰ ਆਪਣੇ ਅੰਦਰ ਸਮੋ ਕੇ ਉਨ੍ਹਾਂ ਨੂੰ ਸ਼ਿਅਰਾਂ ਦੀ ਸੰਖੇਪ ਪਰ ਪ੍ਰਭਾਵਸ਼ਾਲੀ ਭਾਸ਼ਾ ਵਿੱਚ ਪ੍ਰਗਟ ਕਰਨ ਦਾ ਯਤਨ ਕੀਤਾ ਹੈ। 'ਚੀਸ' ਸਿਰਲੇਖ ਆਪਣੇ ਆਪ ਵਿੱਚ ਬਹੁਤ ਅਰਥਪੂਰਨ ਹੈ। ਚੀਸ ਸਿਰਫ਼ ਸਰੀਰਕ ਜਾਂ ਮਾਨਸਿਕ ਪੀੜ ਦਾ ਨਾਮ ਨਹੀਂ, ਇਹ ਉਸ ਅਣਦਿਸਦੇ ਦਰਦ ਦਾ ਵੀ ਪ੍ਰਤੀਕ ਹੈ ਜਿਹੜਾ ਮਨੁੱਖ ਆਪਣੇ ਅੰਦਰ ਲੈ ਕੇ ਜਿਉਂਦਾ ਹੈ। ਕਈ ਵਾਰ ਇਹ ਦਰਦ ਕਿਸੇ ਵਿਛੋੜੇ ਵਿੱਚੋਂ ਪੈਦਾ ਹੁੰਦਾ ਹੈ, ਕਈ ਵਾਰ ਕਿਸੇ ਅਧੂਰੇ ਸੁਪਨੇ ਵਿੱਚੋਂ, ਕਈ ਵਾਰ ਸਮਾਜਿਕ ਬੇਇਨਸਾਫ਼ੀ ਵਿੱਚੋਂ ਅਤੇ ਕਈ ਵਾਰ ਸਮੇਂ ਦੀਆਂ ਬਦਲਦੀਆਂ ਕਦਰਾਂ-ਕੀਮਤਾਂ ਵਿੱਚੋਂ। ਮਨੁੱਖ ਬਾਹਰੋਂ ਹੱਸਦਾ ਹੋਇਆ ਵੀ ਅੰਦਰੋਂ ਕਿਸੇ ਅਜਿਹੀ ਪੀੜ ਨਾਲ ਗ੍ਰਸਤ ਹੋ ਸਕਦਾ ਹੈ ਜਿਸ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਸੌਖਾ ਨਹੀਂ ਹੁੰਦਾ। ਪਿਆਰਾ ਸਿੰਘ ਰਾਹੀ ਦੀਆਂ ਗ਼ਜ਼ਲਾਂ ਵਿੱਚ ਇਹ ਅੰਦਰੂਨੀ ਪੀੜ ਕਈ ਰੂਪਾਂ ਵਿੱਚ ਪ੍ਰਗਟ ਹੁੰਦੀ ਹੈ। ਇਸੇ ਕਾਰਨ ਪੁਸਤਕ ਦਾ ਸਿਰਲੇਖ ਇਸ ਗ਼ਜ਼ਲ ਸੰਗ੍ਰਹਿ ਦੀ ਸਮੁੱਚੀ ਸੰਵੇਦਨਾ ਨੂੰ ਆਪਣੇ ਅੰਦਰ ਸਮੋਈ ਬੈਠਾ ਹੈ।

ਪਿਆਰਾ ਸਿੰਘ ਰਾਹੀ ਦੀ ਗ਼ਜ਼ਲਕਾਰੀ ਦਾ ਪ੍ਰਮੁੱਖ ਪੱਖ ਪ੍ਰੇਮ ਅਤੇ ਵਿਛੋੜੇ ਦੀ ਭਾਵਨਾ ਹੈ। ਪ੍ਰੇਮ ਪੰਜਾਬੀ ਕਾਵਿ-ਪਰੰਪਰਾ ਦਾ ਸਦੀਵੀ ਸਰੋਕਾਰ ਰਿਹਾ ਹੈ। ਸੂਫ਼ੀ ਕਾਵਿ ਤੋਂ ਲੈ ਕੇ ਆਧੁਨਿਕ ਕਵਿਤਾ ਤੱਕ ਪ੍ਰੇਮ ਨੇ ਅਨੇਕਾਂ ਰੂਪ ਧਾਰਨ ਕੀਤੇ ਹਨ। ਪਰ ਹਰ ਕਵੀ ਆਪਣੇ ਨਿੱਜੀ ਅਨੁਭਵ ਅਤੇ ਸੰਵੇਦਨਾ ਅਨੁਸਾਰ ਇਸ ਨੂੰ ਨਵੀਂ ਭਾਸ਼ਾ ਅਤੇ ਨਵੇਂ ਅਰਥ ਪ੍ਰਦਾਨ ਕਰਦਾ ਹੈ। ਰਾਹੀ ਦੀਆਂ ਗ਼ਜ਼ਲਾਂ ਵਿੱਚ ਪ੍ਰੇਮ ਕਿਸੇ ਦਿਖਾਵੇ ਜਾਂ ਬਣਾਵਟੀ ਰੁਮਾਂਸ ਦਾ ਨਾਮ ਨਹੀਂ, ਸਗੋਂ ਮਨੁੱਖੀ ਮਨ ਦੀ ਇੱਕ ਅਜਿਹੀ ਅਵਸਥਾ ਹੈ ਜਿਸ ਵਿੱਚ ਮਿਲਣ ਦੀ ਤਾਂਘ ਵੀ ਹੈ ਅਤੇ ਵਿਛੋੜੇ ਦਾ ਦਰਦ ਵੀ। ਉਸ ਦੀ ਇੱਕ ਗ਼ਜ਼ਲ ਦੇ ਸ਼ਿਅਰ ਹਨ :

ਵਾਂਗ ਹਵਾ ਦੇ ਆ ਕੇ, ਛੇਤੀ ਮੁੜ ਜਾਨੈਂ।
ਸੁੱਤੀ ਪੀੜ ਜਗਾ ਕੇ, ਛੇਤੀ ਮੁੜ ਜਾਨੈਂ।
ਮੈਂ ਤਾਂ ਹਾਲੇ ਰੱਜ ਕੇ ਕੋਲੋਂ ਤੱਕਿਆ ਨਾ,
ਤੂੰ ਬਸ ਹੱਥ ਮਿਲਾ ਕੇ, ਛੇਤੀ ਮੁੜ ਜਾਨੈਂ।

ਇਨ੍ਹਾਂ ਸ਼ਿਅਰਾਂ ਵਿੱਚ ਮਨੁੱਖੀ ਵਿਛੋੜੇ ਦੀ ਭਾਵਨਾ ਬਹੁਤ ਸਹਿਜਤਾ ਨਾਲ ਪ੍ਰਗਟ ਹੋਈ ਹੈ। 'ਹਵਾ' ਦਾ ਬਿੰਬ ਬੇਹੱਦ ਅਰਥਪੂਰਨ ਹੈ। ਹਵਾ ਆਉਂਦੀ ਹੈ, ਆਪਣੇ ਛੋਹ ਦਾ ਅਹਿਸਾਸ ਕਰਵਾਉਂਦੀ ਹੈ ਅਤੇ ਅਗਲੇ ਹੀ ਪਲ ਗੁਜ਼ਰ ਜਾਂਦੀ ਹੈ। ਇਸੇ ਤਰ੍ਹਾਂ ਕਿਸੇ ਪਿਆਰੇ ਦਾ ਜੀਵਨ ਵਿੱਚ ਆਉਣਾ ਅਤੇ ਬਹੁਤ ਥੋੜ੍ਹੇ ਸਮੇਂ ਵਿੱਚ ਮੁੜ ਚਲੇ ਜਾਣਾ ਮਨੁੱਖ ਦੇ ਅੰਦਰ ਇੱਕ ਅਧੂਰੇਪਣ ਦੀ ਭਾਵਨਾ ਪੈਦਾ ਕਰਦਾ ਹੈ। ਕਵੀ ਲਈ ਇਹ ਮਿਲਣਾ ਵੀ ਇੱਕ ਪੀੜ ਨੂੰ ਜਗਾਉਣ ਵਾਲੀ ਘਟਨਾ ਬਣ ਜਾਂਦਾ ਹੈ। 'ਸੁੱਤੀ ਪੀੜ ਜਗਾ ਕੇ' ਜਾਣ ਵਾਲਾ ਪ੍ਰਗਟਾਵਾ ਵਿਸ਼ੇਸ਼ ਧਿਆਨ ਦੀ ਮੰਗ ਕਰਦਾ ਹੈ। ਇਸ ਤੋਂ ਪਤਾ ਲੱਗਦਾ ਹੈ ਕਿ ਮਨੁੱਖ ਦੇ ਅੰਦਰ ਕੁਝ ਅਜਿਹੇ ਦਰਦ ਹੁੰਦੇ ਹਨ ਜਿਹੜੇ ਸਮੇਂ ਦੇ ਨਾਲ ਦਬ ਤਾਂ ਜਾਂਦੇ ਹਨ ਪਰ ਖ਼ਤਮ ਨਹੀਂ ਹੁੰਦੇ। ਕਿਸੇ ਪੁਰਾਣੇ ਰਿਸ਼ਤੇ ਦੀ ਯਾਦ, ਕਿਸੇ ਅਧੂਰੇ ਮਿਲਾਪ ਦੀ ਯਾਦ ਜਾਂ ਕਿਸੇ ਵਿਛੜੇ ਹੋਏ ਵਿਅਕਤੀ ਦੀ ਯਾਦ ਉਨ੍ਹਾਂ ਦਰਦਾਂ ਨੂੰ ਮੁੜ ਜਗਾ ਸਕਦੀ ਹੈ। ਇਸੇ ਗ਼ਜ਼ਲ ਵਿੱਚ 'ਮੈਂ ਤਾਂ ਹਾਲੇ ਰੱਜ ਕੇ...' ਵਾਲਾ ਸ਼ਿਅਰ ਮਿਲਣ ਦੀ ਅਧੂਰੀ ਰਹਿ ਗਈ ਤਾਂਘ ਨੂੰ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰਦਾ ਹੈ। ਇੱਥੇ ਕਵੀ ਦੀ ਸ਼ਿਕਾਇਤ ਕਿਸੇ ਵੱਡੇ ਗਿਲੇ-ਸ਼ਿਕਵੇ ਦੇ ਰੂਪ ਵਿੱਚ ਨਹੀਂ, ਸਗੋਂ ਇੱਕ ਕੋਮਲ ਜਿਹੀ ਉਦਾਸੀ ਦੇ ਰੂਪ ਵਿੱਚ ਸਾਹਮਣੇ ਆਉਂਦੀ ਹੈ। ਇਹ ਉਦਾਸੀ ਹੀ ਇਸ ਗ਼ਜ਼ਲ ਦੀ **ਭਾਵਨਾਤਮਕ ਤਾਕਤ ਬਣਦੀ ਹੈ। ਇਸੇ ਗ਼ਜ਼ਲ ਦਾ ਇੱਕ ਹੋਰ ਸ਼ਿਅਰ ਹੈ :**

ਤੇਰੇ ਅੰਦਰ ਵੱਸਦੀ ਕਵਿਤਾ ਪੜ੍ਹਨੀ ਹੈ,
ਤੂੰ ਤਾਂ ਗੀਤ ਸੁਣਾ ਕੇ, ਛੇਤੀ ਮੁੜ ਜਾਨੈਂ।

ਇਸ ਸ਼ਿਅਰ ਵਿੱਚ ਮੁਹੱਬਤ ਦੀ ਇੱਕ ਹੋਰ ਡੂੰਘੀ ਅਵਸਥਾ ਪ੍ਰਗਟ ਹੁੰਦੀ ਹੈ। ਪ੍ਰੇਮੀ ਸਿਰਫ਼ ਕਿਸੇ ਦੀ ਆਵਾਜ਼ ਜਾਂ ਬਾਹਰੀ ਸੁੰਦਰਤਾ ਤੱਕ ਸੀਮਤ ਨਹੀਂ ਰਹਿਣਾ ਚਾਹੁੰਦਾ, ਸਗੋਂ ਉਸ ਦੇ ਅੰਦਰ ਵੱਸਦੀ ਕਵਿਤਾ ਨੂੰ ਪੜ੍ਹਨਾ ਚਾਹੁੰਦਾ ਹੈ। ਇਹ ਕਵਿਤਾ ਦਰਅਸਲ ਉਸ ਵਿਅਕਤੀ ਦੀ ਅੰਦਰੂਨੀ ਦੁਨੀਆ, ਉਸ ਦੀਆਂ ਭਾਵਨਾਵਾਂ ਅਤੇ ਉਸ ਦੀ ਸ਼ਖ਼ਸੀਅਤ ਦਾ ਪ੍ਰਤੀਕ ਹੈ। ਇੱਥੇ ਪ੍ਰੇਮ ਸਰੀਰਕ ਨੇੜਤਾ ਤੋਂ ਅੱਗੇ ਵਧ ਕੇ ਰੂਹਾਨੀ ਅਤੇ ਮਾਨਸਿਕ ਸਾਂਝ ਦੀ ਇੱਛਾ ਵਿੱਚ ਬਦਲ ਜਾਂਦਾ ਹੈ। ਰਾਹੀ ਦੀ ਪ੍ਰੇਮ-ਸੰਵੇਦਨਾ ਦੀ ਵਿਸ਼ੇਸ਼ਤਾ ਇਹ ਹੈ ਕਿ ਉਹ ਛੋਟੇ-ਛੋਟੇ ਦ੍ਰਿਸ਼ਾਂ ਅਤੇ ਸਾਧਾਰਨ ਸ਼ਬਦਾਂ ਰਾਹੀਂ ਵੱਡੇ ਭਾਵ ਪ੍ਰਗਟ ਕਰਨ ਦੀ ਸਮਰੱਥਾ ਰੱਖਦਾ ਹੈ।

ਕਿਸੇ ਵੀ ਸੰਜੀਦਾ ਕਵੀ ਦੀ ਪਛਾਣ ਕੇਵਲ ਉਸ ਦੀ ਨਿੱਜੀ ਭਾਵੁਕਤਾ ਜਾਂ ਨਿੱਜੀ ਵੇਦਨਾ ਦੀ ਪੇਸ਼ਕਾਰੀ ਨਾਲ ਨਹੀਂ ਹੁੰਦੀ, ਸਗੋਂ ਇਸ ਗੱਲ ਨਾਲ ਵੀ ਹੁੰਦੀ ਹੈ ਕਿ ਉਹ ਆਪਣੇ ਸਮੇਂ ਅਤੇ ਸਮਾਜ ਦੀਆਂ ਸਮੱਸਿਆਵਾਂ ਪ੍ਰਤੀ ਕਿੰਨਾ ਸੁਚੇਤ ਹੈ। ਪਿਆਰਾ ਸਿੰਘ ਰਾਹੀ ਦੀਆਂ ਗ਼ਜ਼ਲਾਂ ਵਿੱਚ ਨਿੱਜੀ ਅਨੁਭਵ ਦੇ ਨਾਲ-ਨਾਲ ਸਮਾਜਿਕ ਚੇਤਨਾ ਵੀ ਮੌਜੂਦ ਹੈ। ਉਸ ਦੀ ਕਾਵਿ-ਦ੍ਰਿਸ਼ਟੀ ਵਿੱਚ ਮਨੁੱਖ ਅਤੇ ਮਨੁੱਖ ਦੀਆਂ ਮੁਸ਼ਕਲਾਂ ਕੇਂਦਰੀ ਮਹੱਤਵ ਰੱਖਦੀਆਂ ਹਨ। ਉਸ ਦੀ ਇੱਕ ਗ਼ਜ਼ਲ ਦਾ ਸ਼ੇਅਰ ਹੈ:

ਬਿਨਾਂ ਰੋਟੀ, ਦਵਾਈ ਨਾ ਮਰੇ ਕੋਈ ਕਰੋ ਹੀਲਾ,
ਨਿਆਂ ਹੋਵੇ ਜਲਾਲਤ ਨਾ ਜਰੇ ਕੋਈ ਕੋਈ ਕਰੋ ਹੀਲਾ।

ਇਹ ਸ਼ਿਅਰ ਕਵੀ ਦੀ ਸਮਾਜਿਕ ਪ੍ਰਤੀਬੱਧਤਾ ਦਾ ਸਪਸ਼ਟ ਪ੍ਰਮਾਣ ਹੈ। ਇੱਥੇ ਕਵੀ ਅਜਿਹੇ ਸਮਾਜ ਦੀ ਕਲਪਨਾ ਕਰਦਾ ਹੈ ਜਿਸ ਵਿੱਚ ਕਿਸੇ ਮਨੁੱਖ ਦੀ ਮੌਤ ਭੁੱਖ ਅਤੇ ਇਲਾਜ ਦੀ ਘਾਟ ਕਾਰਨ ਨਾ ਹੋਵੇ। ਇਹ ਇੱਕ ਅਜਿਹੀ ਮੂਲਭੂਤ ਮਨੁੱਖੀ ਇੱਛਾ ਹੈ ਜਿਸ ਦਾ ਸਬੰਧ ਮਨੁੱਖ ਦੇ ਜਿਊਣ ਦੇ ਅਧਿਕਾਰ ਨਾਲ ਹੈ। ਅੱਜ ਦੇ ਸਮਾਜ ਵਿੱਚ ਆਰਥਿਕ ਅਸਮਾਨਤਾ, ਬੇਰੁਜ਼ਗਾਰੀ, ਮਹਿੰਗਾਈ ਅਤੇ ਸਿਹਤ ਸਹੂਲਤਾਂ ਦੀ ਅਸਮਾਨ ਵੰਡ ਵਰਗੇ ਮਸਲੇ ਆਮ ਮਨੁੱਖ ਦੇ ਜੀਵਨ ਨੂੰ ਪ੍ਰਭਾਵਿਤ ਕਰ ਰਹੇ ਹਨ। ਅਜਿਹੇ ਸਮੇਂ ਵਿੱਚ ਕਵੀ ਦਾ ਇਹ ਕਹਿਣਾ ਕਿ ਕਿਸੇ ਨੂੰ ਰੋਟੀ ਅਤੇ ਦਵਾਈ ਤੋਂ ਬਿਨਾਂ ਨਾ ਮਰਨਾ ਪਵੇ, ਸਿਰਫ਼ ਇੱਕ ਭਾਵਨਾਤਮਕ ਇੱਛਾ ਨਹੀਂ ਰਹਿੰਦਾ, ਸਗੋਂ ਸਮਾਜਿਕ ਵਿਵਸਥਾ ਉੱਤੇ ਇੱਕ ਅਰਥਪੂਰਨ ਸਵਾਲ ਬਣ ਜਾਂਦਾ ਹੈ। ਇਸੇ ਗ਼ਜ਼ਲ ਵਿੱਚ ਇੱਕ ਹੋਰ ਸ਼ਿਅਰ ਹੈ :

ਘਰਾਂ ਦਾ ਭਾਰ ਨਾ ਹੋਵੇ, ਕਿਸੇ ਦੀ ਜਾਨ ਤੋਂ ਭਾਰਾ,
ਦੁਖੀ ਹੋ ਖ਼ੁਦਕੁਸ਼ੀ ਨਾ ਹੁਣ ਕਰੇ ਕੋਈ ਕਰੋ ਹੀਲਾ।

ਇਹ ਸ਼ਿਅਰ ਸਮਕਾਲੀ ਸਮਾਜ ਦੀ ਇੱਕ ਗੰਭੀਰ ਸਮੱਸਿਆ ਵੱਲ ਸੰਕੇਤ ਕਰਦਾ ਹੈ। ਪਰਿਵਾਰਕ ਜ਼ਿੰਮੇਵਾਰੀਆਂ, ਆਰਥਿਕ ਤੰਗੀਆਂ ਅਤੇ ਸਮਾਜਿਕ ਦਬਾਅ ਕਈ ਵਾਰ ਮਨੁੱਖ ਨੂੰ ਅਜਿਹੀ ਮਾਨਸਿਕ ਸਥਿਤੀ ਵਿੱਚ ਪਹੁੰਚਾ ਦਿੰਦੇ ਹਨ ਜਿੱਥੇ ਉਸ ਨੂੰ ਜੀਵਨ ਦੀਆਂ ਸੰਭਾਵਨਾਵਾਂ ਬੰਦ ਹੁੰਦੀਆਂ ਦਿਖਾਈ ਦੇਣ ਲੱਗਦੀਆਂ ਹਨ। ਕਵੀ ਇਸ ਸਥਿਤੀ ਪ੍ਰਤੀ ਸੰਵੇਦਨਸ਼ੀਲ ਹੈ। ਉਹ ਮਨੁੱਖੀ ਜੀਵਨ ਨੂੰ ਕਿਸੇ ਵੀ ਆਰਥਿਕ ਜਾਂ ਸਮਾਜਿਕ ਬੋਝ ਨਾਲੋਂ ਵਧੇਰੇ ਕੀਮਤੀ ਸਮਝਦਾ ਹੈ। ਇਸੇ ਤਰ੍ਹਾਂ :

ਪੁਰਾਣੇ ਹੋ ਗਏ ਭਾਵੇਂ, ਜ਼ਖ਼ਮ ਉਹ ਰਿਸ ਰਹੇ ਹਾਲੇ,
ਲਗਾ ਮਰਹਮ ਭਰਨ ਦੀ ਗੱਲ ਕਰੇ ਕੋਈ ਕੋਈ ਕਰੋ ਹੀਲਾ।

ਇੱਥੇ ਜ਼ਖ਼ਮ ਕੇਵਲ ਵਿਅਕਤੀਗਤ ਨਹੀਂ ਹਨ। ਇਹ ਸਮਾਜ ਦੇ ਸਾਂਝੇ ਜ਼ਖ਼ਮ ਵੀ ਹੋ ਸਕਦੇ ਹਨ। ਸਮੇਂ ਦੇ ਨਾਲ ਬਹੁਤ ਸਾਰੇ ਮਸਲੇ ਪੁਰਾਣੇ ਹੋ ਜਾਂਦੇ ਹਨ, ਪਰ ਉਨ੍ਹਾਂ ਦੀ ਪੀੜ ਖ਼ਤਮ ਨਹੀਂ ਹੁੰਦੀ। ਕਵੀ ਚਾਹੁੰਦਾ ਹੈ ਕਿ ਕੋਈ ਅਜਿਹਾ ਮਨੁੱਖ ਸਾਹਮਣੇ ਆਵੇ ਜਿਹੜਾ ਇਨ੍ਹਾਂ ਜ਼ਖ਼ਮਾਂ ਉੱਤੇ ਮਰਹਮ ਲਗਾਉਣ ਦੀ ਗੱਲ ਕਰੇ। ਇਹ ਸ਼ਿਅਰ ਮਨੁੱਖੀ ਹਮਦਰਦੀ ਅਤੇ ਸਾਂਝੀ ਜ਼ਿੰਮੇਵਾਰੀ ਦਾ ਸੁੰਦਰ ਪ੍ਰਗਟਾਵਾ ਹੈ। ਪਿਆਰਾ ਸਿੰਘ ਰਾਹੀ ਦੀ ਗ਼ਜ਼ਲਕਾਰੀ ਦਾ ਇੱਕ ਹੋਰ ਮਹੱਤਵਪੂਰਨ ਪੱਖ ਸਮੇਂ ਦੀ ਬਦਲਦੀ ਪ੍ਰਕਿਰਤੀ ਅਤੇ ਮਨੁੱਖੀ ਰਿਸ਼ਤਿਆਂ ਵਿੱਚ ਆ ਰਹੀ ਤਬਦੀਲੀ ਹੈ। ਆਧੁਨਿਕ ਜੀਵਨ ਵਿੱਚ ਮਨੁੱਖ ਦੀਆਂ ਤਰਜੀਹਾਂ ਬਦਲ ਰਹੀਆਂ ਹਨ। ਰਿਸ਼ਤਿਆਂ ਵਿੱਚ ਪਹਿਲਾਂ ਵਾਲੀ ਨਿੱਘ, ਸਾਂਝ ਅਤੇ ਵਿਸ਼ਵਾਸ ਕਈ ਵਾਰ ਕਮਜ਼ੋਰ ਪੈਂਦੇ ਦਿਖਾਈ ਦਿੰਦੇ ਹਨ। ਬਾਹਰੀ ਚਮਕ-ਦਮਕ ਦੇ ਬਾਵਜੂਦ ਮਨੁੱਖ ਅੰਦਰੋਂ ਇਕੱਲਾ ਹੁੰਦਾ ਜਾ ਰਿਹਾ ਹੈ। ਕਵੀ ਇਸ ਬਦਲਾਅ ਨੂੰ ਕੇਵਲ ਇੱਕ ਦਰਸ਼ਕ ਵਜੋਂ ਨਹੀਂ ਵੇਖਦਾ, ਸਗੋਂ ਇਸ ਦੀ ਪੀੜ ਨੂੰ ਆਪਣੇ ਅੰਦਰ ਮਹਿਸੂਸ ਵੀ ਕਰਦਾ ਹੈ।

'ਚੀਸ' ਦੀਆਂ ਗ਼ਜ਼ਲਾਂ ਵਿੱਚ ਪੀੜ ਦਾ ਪ੍ਰਗਟਾਵਾ ਹੋਣ ਦੇ ਬਾਵਜੂਦ ਨਿਰਾਸ਼ਾ ਦਾ ਪੂਰਨ ਹਨੇਰਾ ਨਹੀਂ ਹੈ। ਕਵੀ ਜੀਵਨ ਦੀਆਂ ਮੁਸ਼ਕਲਾਂ ਨੂੰ ਸਵੀਕਾਰ ਕਰਦਾ ਹੈ, ਪਰ ਉਨ੍ਹਾਂ ਸਾਹਮਣੇ ਹਾਰ ਮੰਨਣ ਲਈ ਤਿਆਰ ਨਹੀਂ ਹੁੰਦਾ। ਉਸ ਦੀ ਕਵਿਤਾ ਵਿੱਚ ਸੰਘਰਸ਼ ਦੀ ਭਾਵਨਾ ਦੇ ਨਾਲ-ਨਾਲ ਉਮੀਦ ਅਤੇ ਸੰਭਾਵਨਾ ਦਾ ਅਹਿਸਾਸ ਵੀ ਮੌਜੂਦ ਹੈ। ਇੱਕ ਗ਼ਜ਼ਲ ਵਿੱਚ ਉਹ ਲਿਖਦਾ ਹੈ :


ਜੇ ਜੀਵਨ ਦਾ ਟੁੱਟੇ ਤਾਲ,
ਕੋਈ ਨਾ ਫਿਰ ਨੱਚੇ ਨਾਲ।

ਇਸ ਸ਼ਿਅਰ ਵਿੱਚ ਜੀਵਨ ਨੂੰ ਸੰਗੀਤ ਅਤੇ ਤਾਲ ਦੇ ਰੂਪਕ ਰਾਹੀਂ ਸਮਝਣ ਦਾ ਯਤਨ ਕੀਤਾ ਗਿਆ ਹੈ। ਜੀਵਨ ਦਾ ਆਪਣਾ ਇੱਕ ਲੈਅਬੱਧ ਪ੍ਰਵਾਹ ਹੁੰਦਾ ਹੈ। ਜਦੋਂ ਇਹ ਤਾਲ ਟੁੱਟ ਜਾਂਦਾ ਹੈ ਤਾਂ ਮਨੁੱਖ ਦੀ ਅੰਦਰੂਨੀ ਸਹਿਜਤਾ ਅਤੇ ਜੀਵਨ ਨਾਲ ਉਸ ਦੀ ਸਾਂਝ ਵੀ ਪ੍ਰਭਾਵਿਤ ਹੁੰਦੀ ਹੈ। ਨੱਚਣਾ ਇੱਥੇ ਜੀਵਨ ਦੀ ਉਤਸ਼ਾਹਮਈ ਗਤੀ ਦਾ ਪ੍ਰਤੀਕ ਹੈ। ਤਾਲ ਦਾ ਟੁੱਟਣਾ ਮਨੁੱਖ ਦੇ ਅੰਦਰਲੇ ਸੰਤੁਲਨ ਦੇ ਟੁੱਟਣ ਦਾ ਸੰਕੇਤ ਹੈ। ਇਸੇ ਗ਼ਜ਼ਲ ਵਿੱਚ ਕਵੀ ਆਖਦਾ ਹੈ :

ਰਿਸ਼ਤੇ ਬੋਟਾਂ ਵਾਂਗੂ, ਵੇਖ
ਦੇ ਕੇ ਖ਼ੂਨ ਰਿਹਾ ਹਾਂ ਪਾਲ।

ਅਜੋਕੇ ਸਮੇਂ ਵਿੱਚ ਜਦੋਂ ਮਨੁੱਖੀ ਰਿਸ਼ਤਿਆਂ ਵਿੱਚੋਂ ਹਮਦਰਦੀ ਨਿੱਘ ਅਪਣੱਤ ਖਤਮ ਹੁੰਦੀ ਜਾ ਰਹੀ ਹੈ ਪਿਆਰਾ ਸਿੰਘ ਰਾਹੀ ਆਪਣੀ ਕਵਿਤਾ ਰਾਹੀਂ ਮਨੁੱਖੀ ਰਿਸ਼ਤਿਆਂ ਨੂੰ ਸੰਭਾਲਣ ਦੀ ਬਾਤ ਪਾਉਂਦਾ ਹੈ। ਰਿਸ਼ਤਿਆਂ ਨੂੰ ਆਪਣਾ ਖ਼ੂਨ ਦੇ ਬੋਟਾਂ ਵਾਂਗੂੰ ਪਾਲਣਾ ਸ਼ਾਇਰ ਦੇ ਮਨ ਦੀ ਤਰਲਤਾ ਤੇ ਮੁਹੱਬਤ ਦਾ ਪ੍ਰਤੀਕ ਬਣ ਜਾਂਦਾ ਹੈ। ਰਾਹੀ ਦੀਆਂ ਗ਼ਜ਼ਲਾਂ ਵਿੱਚ ਮਨੁੱਖੀ ਸੁਭਾਅ ਦੇ ਅੰਤਰ ਦਵੰਦਾਂ ਦਾ ਚਿੱਤਰਣ ਵੀ ਮਿਲਦਾ ਹੈ।

ਮਨੁੱਖ ਇੱਕੋ ਸਮੇਂ ਕਈ ਤਰ੍ਹਾਂ ਦੀਆਂ ਭਾਵਨਾਵਾਂ ਵਿੱਚੋਂ ਗੁਜ਼ਰਦਾ ਹੈ। ਉਹ ਖ਼ੁਸ਼ੀ ਵਿੱਚ ਵੀ ਉਦਾਸ ਹੋ ਸਕਦਾ ਹੈ ਅਤੇ ਦੁੱਖ ਵਿੱਚ ਵੀ ਆਸ ਦੀ ਕੋਈ ਕਿਰਨ ਲੱਭ ਸਕਦਾ ਹੈ।



ਉਸ ਦੀ ਇੱਕ ਗ਼ਜ਼ਲ ਦੇ ਸ਼ਿਅਰ ਹਨ :
ਭਰ ਕੇ ਖਾਲੀ ਹੋਣਾ, ਔਖਾ ਲੱਗਦਾ ਹੈ।
ਹੱਸ ਕੇ ਪੈ-ਜੋ ਰੋਣਾ, ਔਖਾ ਲੱਗਦਾ ਹੈ।

ਇਨ੍ਹਾਂ ਸਤਰਾਂ ਵਿੱਚ ਮਨੁੱਖੀ ਮਨ ਦੀ ਇੱਕ ਗੁੰਝਲਦਾਰ ਅਵਸਥਾ ਪ੍ਰਗਟ ਹੁੰਦੀ ਹੈ। 'ਭਰ ਕੇ ਖਾਲੀ ਹੋਣਾ' ਆਪਣੇ ਆਪ ਵਿੱਚ ਵਿਰੋਧੀ ਅਰਥਾਂ ਵਾਲਾ ਪ੍ਰਗਟਾਵਾ ਹੈ। ਮਨੁੱਖ ਕਈ ਵਾਰ ਪ੍ਰਾਪਤੀਆਂ ਦੇ ਬਾਵਜੂਦ ਅੰਦਰੋਂ ਖਾਲੀ ਰਹਿ ਜਾਂਦਾ ਹੈ। ਉਸ ਕੋਲ ਬਹੁਤ ਕੁਝ ਹੋਣ ਦੇ ਬਾਵਜੂਦ ਕਿਸੇ ਅਜਿਹੀ ਚੀਜ਼ ਦੀ ਘਾਟ ਮਹਿਸੂਸ ਹੁੰਦੀ ਹੈ ਜਿਸ ਦੀ ਪੂਰਤੀ ਬਾਹਰੀ ਵਸਤਾਂ ਨਾਲ ਸੰਭਵ ਨਹੀਂ ਹੁੰਦੀ। 'ਹੱਸ ਕੇ ਰੋਣਾ' ਵੀ ਅਜਿਹੀ ਹੀ ਮਨੋਵਿਗਿਆਨਕ ਸਥਿਤੀ ਹੈ। ਮਨੁੱਖ ਆਪਣੇ ਅੰਦਰਲੇ ਦਰਦ ਨੂੰ ਹਾਸੇ ਦੇ ਪਰਦੇ ਪਿੱਛੇ ਲੁਕਾ ਲੈਂਦਾ ਹੈ। ਉਸ ਦੀ ਬਾਹਰੀ ਮੁਸਕਰਾਹਟ ਅਤੇ ਅੰਦਰਲੀ ਉਦਾਸੀ ਵਿਚਕਾਰ ਇੱਕ ਵੱਡਾ ਫ਼ਾਸਲਾ ਹੁੰਦਾ ਹੈ। ਕਵੀ ਇਸ ਫ਼ਾਸਲੇ ਨੂੰ ਪਛਾਣਦਾ ਹੈ। ਅਗਲੇ ਸ਼ਿਅਰ ਵਿੱਚ ਉਹ ਕਹਿੰਦਾ ਹੈ :

ਚੀਜ਼ਾਂ, ਥਾਵਾਂ , ਸਭ ਯਾਦਾਂ ਦੇ ਸੋਮੇ ਨੇ,
ਪਰ ਤੇਰਾ ਨਾ ਹੋਣਾ, ਔਖਾ ਲੱਗਦਾ ਹੈ।

ਇੱਥੇ ਅਤੀਤ ਦੀਆਂ ਸਿਮਰਤੀਆਂ ਰਾਹੀਂ ਰਿਸ਼ਤਿਆਂ ਦੇ ਮਨੋਵਿਗਿਆਨ ਨੂੰ ਸਮਝਣ ਦਾ ਯਤਨ ਕੀਤਾ ਗਿਆ ਹੈ। ਵਸਤਾਂ ਅਤੇ ਯਾਦਾਂ ਮਨੁੱਖ ਦੇ ਜੀਵਨ ਵਿੱਚ ਇੱਕ ਵਿਸ਼ੇਸ਼ ਥਾਂ ਰੱਖਦੀਆਂ ਹਨ, ਪਰ ਕਈ ਵਾਰ ਉਨ੍ਹਾਂ ਦੇ ਬਾਵਜੂਦ ਕਿਸੇ ਅਣਹੋਂਦ ਦਾ ਅਹਿਸਾਸ ਬਣਿਆ ਰਹਿੰਦਾ ਹੈ। ਮਨੁੱਖ ਕੋਲ ਯਾਦਾਂ ਤਾਂ ਹੁੰਦੀਆਂ ਹਨ, ਪਰ ਜਿਸ ਵਿਅਕਤੀ ਨਾਲ ਉਹ ਯਾਦਾਂ ਜੁੜੀਆਂ ਹੁੰਦੀਆਂ ਹਨ, ਉਸ ਦੀ ਗ਼ੈਰਹਾਜ਼ਰੀ ਇੱਕ ਖ਼ਾਲੀਪਣ ਪੈਦਾ ਕਰਦੀ ਹੈ। ਇਹ ਸ਼ਿਅਰ ਮਨੁੱਖੀ ਰਿਸ਼ਤਿਆਂ ਦੀ ਨਾਜ਼ੁਕਤਾ ਅਤੇ ਯਾਦਾਂ ਦੀ ਮਨੋਵਿਗਿਆਨਕ ਮਹੱਤਤਾ ਨੂੰ ਸਾਹਮਣੇ ਲਿਆਉਂਦਾ ਹੈ। ਪਿਆਰਾ ਸਿੰਘ ਰਾਹੀ ਦੀ ਗ਼ਜ਼ਲਕਾਰੀ ਵਿੱਚ ਕੁਦਰਤ ਨਾਲ ਸਬੰਧਿਤ ਬਿੰਬ ਵੀ ਮਹੱਤਵਪੂਰਨ ਹਨ। ਹਵਾ, ਬੱਦਲ, ਬਾਰਸ਼, ਕਿਸ਼ਤੀ, ਪਾਲ ਅਤੇ ਰੁੱਖ ਵਰਗੇ ਸ਼ਬਦ ਸਿਰਫ਼ ਕੁਦਰਤੀ ਦ੍ਰਿਸ਼ਾਂ ਦੀ ਸਿਰਜਣਾ ਨਹੀਂ ਕਰਦੇ, ਸਗੋਂ ਮਨੁੱਖੀ ਜੀਵਨ ਦੀਆਂ ਵੱਖ-ਵੱਖ ਸਥਿਤੀਆਂ ਦੇ ਪ੍ਰਤੀਕ ਵੀ ਬਣਦੇ ਹਨ। ਇੱਕ ਗ਼ਜ਼ਲ ਵਿੱਚ ਕਵੀ ਆਖਦਾ ਹੈ :

ਬਾਰਸ਼ ਪਵੇ ਨਾ ਪਵੇ ਪਰ ਆਦਿ ਤੋਂ,
ਇਹ ਸੁਭਾਅ ਹੈ ਬੱਦਲਾਂ ਦਾ ਗਰਜਣਾ।

ਇਸੇ ਤਰ੍ਹਾਂ ਖ਼ਿਆਲਾਂ ਦੀ ਉਡਾਰੀ ਅਤੇ ਦੂਰ-ਨੇੜੇ ਦੀਆਂ ਵਲਗਣਾਂ ਨੂੰ ਪਾਰ ਕਰਨ ਦੀ ਇੱਛਾ ਪ੍ਰਗਟ ਕਰਦੇ ਸ਼ਿਅਰਾਂ ਵਿੱਚ ਕਵੀ ਦੀ ਕਲਪਨਾਤਮਕ ਸਮਰੱਥਾ ਸਾਹਮਣੇ ਆਉਂਦੀ ਹੈ। ਮਨੁੱਖੀ ਵਿਚਾਰਾਂ ਦੀ ਉਡਾਰੀ ਕਿਸੇ ਇੱਕ ਸੀਮਾ ਵਿੱਚ ਬੱਝੀ ਨਹੀਂ ਰਹਿ ਸਕਦੀ। ਕਵੀ ਖ਼ਿਆਲਾਂ ਦੀ ਉਡਾਰੀ ਰਾਹੀਂ ਦੂਰ ਅਤੇ ਨੇੜੇ ਦੀਆਂ ਵਲਗਣਾਂ ਨੂੰ ਪਾਰ ਕਰਨ ਦੀ ਇੱਛਾ ਪ੍ਰਗਟ ਕਰਦਾ ਹੈ। ਇਹ ਸਿਰਜਣਾਤਮਕ ਮਨ ਦੀ ਆਜ਼ਾਦੀ ਦਾ ਪ੍ਰਤੀਕ ਵੀ ਹੈ। ਕੁਦਰਤ ਦੇ ਅਜਿਹੇ ਬਿੰਬ ਗ਼ਜ਼ਲਾਂ ਨੂੰ ਦ੍ਰਿਸ਼ਟੀਗਤ ਸੁੰਦਰਤਾ ਪ੍ਰਦਾਨ ਕਰਦੇ ਹਨ ਅਤੇ ਉਨ੍ਹਾਂ ਦੇ ਅਰਥਾਂ ਨੂੰ ਵਧੇਰੇ ਵਿਸ਼ਾਲ ਬਣਾਉਂਦੇ ਹਨ। ਗ਼ਜ਼ਲ ਦੀ ਇੱਕ ਵਿਸ਼ੇਸ਼ਤਾ ਇਹ ਵੀ ਹੈ ਕਿ ਇਸ ਵਿੱਚ ਬਹੁਤ ਥੋੜ੍ਹੇ ਸ਼ਬਦਾਂ ਰਾਹੀਂ ਵੱਡੀ ਗੱਲ ਕਹੀ ਜਾ ਸਕਦੀ ਹੈ। ਵਿਅੰਗ, ਵਿਡੰਬਨਾ ਅਤੇ ਕਟਾਖਸ਼ ਇਸ ਵਿਧਾ ਦੀਆਂ ਮਹੱਤਵਪੂਰਨ ਸ਼ਕਤੀਆਂ ਹਨ। ਪਿਆਰਾ ਸਿੰਘ ਰਾਹੀ ਦੀਆਂ ਕਈ ਗ਼ਜ਼ਲਾਂ ਵਿੱਚ ਵੀ ਸਮਾਜ ਦੀਆਂ ਵਿਰੋਧਤਾਈਆਂ ਉੱਤੇ ਵਿਅੰਗਾਤਮਕ ਟਿੱਪਣੀ ਮਿਲਦੀ ਹੈ। ਉਹ ਮਨੁੱਖੀ ਵਿਹਾਰ ਦੇ ਦੋਹਰੇਪਣ ਨੂੰ ਪਛਾਣਦਾ ਹੈ। ਮਨੁੱਖ ਦੇ ਕਹਿਣ ਅਤੇ ਕਰਨ ਵਿੱਚ ਆਏ ਫ਼ਰਕ, ਰਿਸ਼ਤਿਆਂ ਵਿੱਚ ਵਧ ਰਹੀ ਦੂਰੀ ਅਤੇ ਸਮਾਜਿਕ ਜੀਵਨ ਵਿੱਚ ਫੈਲ ਰਹੀ ਸੰਵੇਦਨਹੀਣਤਾ ਉਸ ਦੀ ਕਾਵਿ-ਚੇਤਨਾ ਨੂੰ ਪ੍ਰਭਾਵਿਤ ਕਰਦੀ ਹੈ। ਇਸ ਸੰਦਰਭ ਵਿੱਚ ਉਸ ਦਾ ਇਹ ਸ਼ਿਅਰ ਵਿਸ਼ੇਸ਼ ਧਿਆਨ ਦੀ ਮੰਗ ਕਰਦਾ ਹੈ :

ਸਾਡੇ ਕਾਹਦੇ ਦਾਅਵੇ ਹਾਰੇ ਲੋਕਾਂ ਦੇ,
ਤੂੰ ਤਾਂ ਹੱਕ ਜਤਾ ਕੇ, ਛੇਤੀ ਮੁੜ ਜਾਨੈਂ।

ਇੱਥੇ ਰਿਸ਼ਤਿਆਂ ਦੀ ਅਸਥਿਰਤਾ ਅਤੇ ਮਨੁੱਖੀ ਦਾਅਵਿਆਂ ਦੀ ਸੀਮਤ ਉਮਰ ਦਾ ਅਹਿਸਾਸ ਹੈ। ਕਵੀ ਕਿਸੇ ਅਜਿਹੀ ਸਥਿਤੀ ਵੱਲ ਸੰਕੇਤ ਕਰਦਾ ਹੈ ਜਿੱਥੇ ਮਨੁੱਖ ਆਪਣੇ ਹੱਕ ਅਤੇ ਅਧਿਕਾਰ ਤਾਂ ਜਤਾਉਂਦਾ ਹੈ, ਪਰ ਰਿਸ਼ਤੇ ਦੀ ਅਸਲ ਜ਼ਿੰਮੇਵਾਰੀ ਨਿਭਾਉਣ ਤੋਂ ਪਿੱਛੇ ਹਟ ਜਾਂਦਾ ਹੈ। ਇਹ ਗੱਲ ਸਿਰਫ਼ ਪ੍ਰੇਮ-ਸੰਬੰਧਾਂ ਤੱਕ ਸੀਮਤ ਨਹੀਂ, ਸਗੋਂ ਵਿਆਪਕ ਸਮਾਜਿਕ ਜੀਵਨ ਵਿੱਚ ਵੀ ਦੇਖੀ ਜਾ ਸਕਦੀ ਹੈ। ਗ਼ਜ਼ਲ ਦੀ ਸਫਲਤਾ ਲਈ ਭਾਵਾਂ ਦੀ ਡੂੰਘਾਈ ਦੇ ਨਾਲ-ਨਾਲ ਸ਼ਿਲਪ ਦੀ ਪਕਿਆਈ ਵੀ ਬਹੁਤ ਜ਼ਰੂਰੀ ਹੁੰਦੀ ਹੈ। ਗ਼ਜ਼ਲ ਵਿੱਚ ਹਰ ਸ਼ਿਅਰ ਦੀ ਆਪਣੀ ਸੁਤੰਤਰ ਹੋਂਦ ਹੁੰਦੀ ਹੈ, ਪਰ ਇਸ ਦੇ ਨਾਲ ਹੀ ਰਦੀਫ਼, ਕਾਫ਼ੀਆ, ਬਹਿਰ ਅਤੇ ਲੈਅ ਦੀ ਇਕਸਾਰਤਾ ਵੀ ਮਹੱਤਵਪੂਰਨ ਹੁੰਦੀ ਹੈ। ਗ਼ਜ਼ਲਕਾਰ ਨੂੰ ਬਹੁਤ ਸੀਮਤ ਸ਼ਬਦਾਂ ਵਿੱਚ ਆਪਣੀ ਗੱਲ ਕਹਿਣੀ ਪੈਂਦੀ ਹੈ। ਇਸ ਲਈ ਸ਼ਬਦਾਂ ਦੀ ਚੋਣ, ਅਰਥਾਂ ਦੀ ਸੰਘਣਤਾ ਅਤੇ ਪ੍ਰਗਟਾਵੇ ਦੀ ਸਹਿਜਤਾ ਵਿਸ਼ੇਸ਼ ਮਹੱਤਵ ਰੱਖਦੀ ਹੈ।

ਪਿਆਰਾ ਸਿੰਘ ਰਾਹੀ ਦੀਆਂ ਗ਼ਜ਼ਲਾਂ ਦੀ ਭਾਸ਼ਾ ਸਾਧਾਰਨ, ਸੰਚਾਰਯੋਗ ਅਤੇ ਪੰਜਾਬੀ ਮੁਹਾਵਰੇ ਦੇ ਨੇੜੇ ਹੈ। ਉਹ ਆਪਣੀ ਗੱਲ ਕਹਿਣ ਲਈ ਬੇਲੋੜੀ ਸ਼ਬਦਾਵਲੀ ਦਾ ਸਹਾਰਾ ਨਹੀਂ ਲੈਂਦਾ। ਉਸ ਦੇ ਬਹੁਤ ਸਾਰੇ ਸ਼ਿਅਰਾਂ ਵਿੱਚ ਲੋਕ-ਜੀਵਨ ਵਿੱਚੋਂ ਆਏ ਸ਼ਬਦ ਅਤੇ ਪ੍ਰਗਟਾਵੇ ਮਿਲਦੇ ਹਨ। ਇਸ ਨਾਲ ਉਸ ਦੀ ਗ਼ਜ਼ਲ ਦਾ ਪਾਠਕ ਨਾਲ ਸਿੱਧਾ ਸੰਵਾਦ ਸਥਾਪਤ ਹੁੰਦਾ ਹੈ।

'ਚੀਸ' ਵਿਚਲੀਆਂ ਗ਼ਜ਼ਲਾਂ ਨੂੰ ਪੜ੍ਹਦਿਆਂ ਇੱਕ ਗੱਲ ਵਿਸ਼ੇਸ਼ ਤੌਰ 'ਤੇ ਧਿਆਨ ਖਿੱਚਦੀ ਹੈ ਕਿ ਕਵੀ ਦੀ ਸੰਵੇਦਨਾ ਨਿੱਜੀ ਅਨੁਭਵ ਤੋਂ ਸ਼ੁਰੂ ਹੋ ਕੇ ਸਮੂਹਿਕ ਅਨੁਭਵ ਤੱਕ ਪਹੁੰਚਦੀ ਹੈ। ਉਹ ਆਪਣੀ ਪੀੜ ਦੀ ਗੱਲ ਕਰਦਾ ਹੋਇਆ ਵੀ ਸਿਰਫ਼ ਆਪਣੇ ਤੱਕ ਸੀਮਤ ਨਹੀਂ ਰਹਿੰਦਾ। ਉਸ ਦੇ ਅਨੁਭਵ ਵਿੱਚ ਦੂਜੇ ਮਨੁੱਖ ਦੀ ਪੀੜ ਵੀ ਸ਼ਾਮਲ ਹੋ ਜਾਂਦੀ ਹੈ। ਇਹੀ ਕਿਸੇ ਕਵੀ ਦੀ ਵੱਡੀ ਪ੍ਰਾਪਤੀ ਹੁੰਦੀ ਹੈ ਕਿ ਉਹ ਆਪਣੇ ਨਿੱਜੀ ਦੁੱਖ ਨੂੰ ਅਜਿਹੀ ਭਾਸ਼ਾ ਦੇ ਸਕੇ ਜਿਸ ਵਿੱਚ ਸਮਾਜ ਦੇ ਹੋਰ ਲੋਕ ਵੀ ਆਪਣੀ ਹੋਣੀ ਅਤੇ ਆਪਣਾ ਦਰਦ ਪਛਾਣ ਸਕਣ। ਜਦੋਂ ਕਵੀ ਕਹਿੰਦਾ ਹੈ ਕਿ ਕਿਸੇ ਨੂੰ ਰੋਟੀ ਅਤੇ ਦਵਾਈ ਤੋਂ ਬਿਨਾਂ ਨਹੀਂ ਮਰਨਾ ਚਾਹੀਦਾ, ਤਾਂ ਉਹ ਆਪਣੇ ਨਿੱਜੀ ਜੀਵਨ ਦੀ ਗੱਲ ਨਹੀਂ ਕਰ ਰਿਹਾ ਹੁੰਦਾ। ਉਹ ਸਮਾਜ ਦੇ ਉਸ ਵਰਗ ਦੀ ਗੱਲ ਕਰ ਰਿਹਾ ਹੁੰਦਾ ਹੈ ਜਿਸ ਲਈ ਦੋ ਡੰਗ ਦੀ ਰੋਟੀ ਅਤੇ ਮੁੱਢਲੀਆਂ ਸਿਹਤ ਸਹੂਲਤਾਂ ਵੀ ਇੱਕ ਵੱਡੀ ਚੁਣੌਤੀ ਹਨ। ਜਦੋਂ ਉਹ ਪਰਿਵਾਰਕ ਬੋਝ ਕਾਰਨ ਖ਼ੁਦਕੁਸ਼ੀ ਕਰਨ ਵਾਲੇ ਮਨੁੱਖ ਦੀ ਗੱਲ ਕਰਦਾ ਹੈ ਤਾਂ ਉਸ ਦੀ ਸੰਵੇਦਨਾ ਵਿਅਕਤੀਗਤ ਪੱਧਰ ਤੋਂ ਉੱਪਰ ਉੱਠ ਕੇ ਸਮਾਜਿਕ ਅਤੇ ਮਨੁੱਖੀ ਪੱਧਰ ਉੱਤੇ ਪਹੁੰਚ ਜਾਂਦੀ ਹੈ। ਇਸ ਤਰ੍ਹਾਂ 'ਚੀਸ' ਵਿੱਚ ਨਿੱਜੀ ਪ੍ਰੇਮ, ਵਿਛੋੜਾ, ਇਕੱਲਾਪਣ ਅਤੇ ਯਾਦਾਂ ਦੇ ਨਾਲ-ਨਾਲ ਸਮਾਜਿਕ ਬੇਇਨਸਾਫ਼ੀ, ਆਰਥਿਕ ਤੰਗੀ ਅਤੇ ਮਨੁੱਖੀ ਹੋਂਦ ਦੇ ਸਵਾਲ ਵੀ ਆਪਣੀ ਥਾਂ ਬਣਾਉਂਦੇ ਹਨ।

ਪਿਆਰਾ ਸਿੰਘ ਰਾਹੀ ਦਾ ਗ਼ਜ਼ਲ-ਸੰਗ੍ਰਹਿ 'ਚੀਸ' ਉਸ ਦੀ ਲੰਮੀ ਸਿਰਜਣਾਤਮਕ ਯਾਤਰਾ ਦਾ ਇੱਕ ਮਹੱਤਵਪੂਰਨ ਪੜਾਅ ਹੈ। ਇਸ ਪੁਸਤਕ ਦੀਆਂ ਗ਼ਜ਼ਲਾਂ ਵਿੱਚ ਜੀਵਨ ਦੇ ਅਨੇਕਾਂ ਰੰਗ ਅਤੇ ਅਨੁਭਵ ਸਮੋਏ ਹੋਏ ਹਨ। ਇਨ੍ਹਾਂ ਵਿੱਚ ਪ੍ਰੇਮ ਦੀ ਕੋਮਲਤਾ ਹੈ, ਵਿਛੋੜੇ ਦੀ ਉਦਾਸੀ ਹੈ, ਸਮਾਜਿਕ ਵਿਵਸਥਾ ਪ੍ਰਤੀ ਅਸੰਤੋਖ ਹੈ, ਮਨੁੱਖੀ ਰਿਸ਼ਤਿਆਂ ਦੀਆਂ ਜਟਿਲਤਾਵਾਂ ਹਨ ਅਤੇ ਜੀਵਨ ਨੂੰ ਬਿਹਤਰ ਬਣਾਉਣ ਦੀ ਇੱਛਾ ਵੀ ਹੈ। ਰਾਹੀ ਦੀ ਵਿਸ਼ੇਸ਼ਤਾ ਇਹ ਹੈ ਕਿ ਉਹ ਆਪਣੀ ਗੱਲ ਨੂੰ ਬਹੁਤ ਸਹਿਜ ਅਤੇ ਸਰਲ ਭਾਸ਼ਾ ਵਿੱਚ ਪ੍ਰਗਟ ਕਰਨ ਦਾ ਯਤਨ ਕਰਦਾ ਹੈ। ਉਸ ਦੇ ਸ਼ਿਅਰਾਂ ਵਿੱਚ ਭਾਵਾਂ ਦੀ ਸਪਸ਼ਟਤਾ ਹੈ। ਉਹ ਪਾਠਕ ਨੂੰ ਆਪਣੀ ਗੱਲ ਸਮਝਾਉਣ ਲਈ ਬੇਲੋੜੇ ਵਿਸਥਾਰ ਵਿੱਚ ਨਹੀਂ ਜਾਂਦਾ, ਸਗੋਂ ਸੰਕੇਤਾਂ, ਬਿੰਬਾਂ ਅਤੇ ਸਾਧਾਰਨ ਪ੍ਰਗਟਾਵਿਆਂ ਰਾਹੀਂ ਆਪਣਾ ਭਾਵ ਪਾਠਕ ਤੱਕ ਪਹੁੰਚਾਉਂਦਾ ਹੈ। ਉਸ ਦੀਆਂ ਗ਼ਜ਼ਲਾਂ ਵਿੱਚ ਕਿਤੇ ਪ੍ਰੇਮ ਦੀ ਮਾਸੂਮੀਅਤ ਹੈ, ਕਿਤੇ ਮਨੁੱਖੀ ਰਿਸ਼ਤਿਆਂ ਦੀ ਟੁੱਟ-ਭੱਜ ਦਾ ਦਰਦ ਹੈ, ਕਿਤੇ ਸਮਾਜਿਕ ਅਨਿਆਂ ਵਿਰੁੱਧ ਆਵਾਜ਼ ਹੈ ਅਤੇ ਕਿਤੇ ਜੀਵਨ ਦੀਆਂ ਮੁਸ਼ਕਲਾਂ ਵਿੱਚੋਂ ਵੀ ਉਮੀਦ ਲੱਭਣ ਦੀ ਕੋਸ਼ਿਸ਼ ਹੈ। ਇਹ ਵੀ ਮਹੱਤਵਪੂਰਨ ਹੈ ਕਿ ਰਾਹੀ ਨੇ ਆਪਣੀ ਸਾਹਿਤਕ ਯਾਤਰਾ ਵਿੱਚ ਕਾਵਿ ਦੀਆਂ ਵੱਖ-ਵੱਖ ਵਿਧਾਵਾਂ ਵਿੱਚ ਕੰਮ ਕੀਤਾ ਹੈ। ਗੀਤ ਅਤੇ ਕਵਿਤਾ ਦੇ ਲੰਮੇ ਅਭਿਆਸ ਤੋਂ ਬਾਅਦ ਗ਼ਜ਼ਲ ਦੇ ਖੇਤਰ ਵਿੱਚ ਉਸ ਦੀ ਇਹ ਪੇਸ਼ਕਦਮੀ ਉਸ ਦੀ ਸਿਰਜਣਾਤਮਕ ਵਿਭਿੰਨਤਾ ਦਾ ਪ੍ਰਮਾਣ ਹੈ। 'ਚੀਸ' ਰਾਹੀਂ ਉਹ ਆਪਣੀ ਕਾਵਿ-ਸੰਵੇਦਨਾ ਦੇ ਇੱਕ ਹੋਰ ਪੱਖ ਨੂੰ ਪਾਠਕਾਂ ਦੇ ਸਾਹਮਣੇ ਲਿਆਉਂਦਾ ਹੈ। ਬੇਸ਼ੱਕ, ਕਿਸੇ ਵੀ ਗ਼ਜ਼ਲਕਾਰ ਦੀ ਸਫਲਤਾ ਦਾ ਅੰਤਿਮ ਪੈਮਾਨਾ ਉਸ ਦੀਆਂ ਗ਼ਜ਼ਲਾਂ ਦੀ ਤਕਨੀਕੀ ਪਕਿਆਈ, ਸ਼ਿਅਰਾਂ ਦੀ ਅਰਥ-ਸੰਘਣਤਾ, ਨਵੇਂ ਬਿੰਬਾਂ ਦੀ ਸਿਰਜਣਾ ਅਤੇ ਸਮੇਂ ਦੇ ਯਥਾਰਥ ਨਾਲ ਉਸ ਦੀ ਸਾਂਝ ਹੁੰਦਾ ਹੈ। ਇਸ ਪੱਖੋਂ ਰਾਹੀ ਦੀਆਂ ਗ਼ਜ਼ਲਾਂ ਵਿੱਚ ਹੋਰ ਵਧੇਰੇ ਪ੍ਰਤੀਕਾਤਮਕਤਾ, ਅਰਥਾਂ ਦੀ ਬਹੁ-ਪਰਤੀ ਸੰਘਣਤਾ ਅਤੇ ਸ਼ਿਲਪਕ ਨਿਖਾਰ ਦੀਆਂ ਸੰਭਾਵਨਾਵਾਂ ਵੀ ਮੌਜੂਦ ਹਨ। ਇਹ ਗੱਲ ਉਸ ਦੀ ਸਿਰਜਣਾਤਮਕ ਪ੍ਰਾਪਤੀ ਨੂੰ ਘਟਾਉਂਦੀ ਨਹੀਂ, ਸਗੋਂ ਭਵਿੱਖ ਵਿੱਚ ਉਸ ਦੀ ਗ਼ਜ਼ਲਕਾਰੀ ਦੇ ਹੋਰ ਵਿਕਾਸ ਵੱਲ ਸੰਕੇਤ ਕਰਦੀ ਹੈ।

ਅਸਲ ਵਿੱਚ 'ਚੀਸ' ਦਾ ਮਹੱਤਵ ਇਸ ਗੱਲ ਵਿੱਚ ਹੈ ਕਿ ਇਹ ਪੁਸਤਕ ਮਨੁੱਖ ਦੇ ਅੰਦਰ ਵੱਸਦੇ ਉਸ ਦਰਦ ਨੂੰ ਆਵਾਜ਼ ਦੇਣ ਦਾ ਯਤਨ ਕਰਦੀ ਹੈ ਜਿਸ ਨੂੰ ਉਹ ਅਕਸਰ ਆਪਣੇ ਰੋਜ਼ਮਰ੍ਹਾ ਦੇ ਜੀਵਨ ਵਿੱਚ ਲੁਕਾ ਕੇ ਰੱਖਦਾ ਹੈ। ਪਿਆਰਾ ਸਿੰਘ ਰਾਹੀ ਦੀਆਂ ਗ਼ਜ਼ਲਾਂ ਸਾਨੂੰ ਇਹ ਅਹਿਸਾਸ ਕਰਵਾਉਂਦੀਆਂ ਹਨ ਕਿ ਕਵਿਤਾ ਦਾ ਕੰਮ ਕੇਵਲ ਸੁੰਦਰ ਸ਼ਬਦਾਂ ਦੀ ਸਿਰਜਣਾ ਕਰਨਾ ਨਹੀਂ, ਸਗੋਂ ਮਨੁੱਖ ਦੇ ਅੰਦਰਲੇ ਸੱਚ ਨੂੰ ਪਛਾਣਨਾ ਅਤੇ ਉਸ ਨੂੰ ਪ੍ਰਗਟਾਉਣਾ ਵੀ ਹੈ। ਜਦੋਂ ਕਵੀ ਆਪਣੇ ਸਮੇਂ ਦੀ ਪੀੜ ਨੂੰ ਆਪਣੀ ਨਿੱਜੀ ਪੀੜ ਬਣਾ ਲੈਂਦਾ ਹੈ ਤਾਂ ਉਸ ਦੀ ਰਚਨਾ ਦਾ ਘੇਰਾ ਵਿਸ਼ਾਲ ਹੋ ਜਾਂਦਾ ਹੈ।

ਇਨ੍ਹਾਂ ਅਰਥਾਂ ਵਿੱਚ 'ਚੀਸ' ਸਿਰਫ਼ ਗ਼ਜ਼ਲਾਂ ਦੀ ਪੁਸਤਕ ਨਹੀਂ, ਸਗੋਂ ਇਹ ਸੰਗ੍ਰਹਿ ਮਨੁੱਖੀ ਮਨ ਦੀਆਂ ਅਨੇਕਾਂ ਅਣਕਹੀਆਂ ਭਾਵਨਾਵਾਂ ਅਤੇ ਸਮਾਜਿਕ ਯਥਾਰਥ ਦੀਆਂ ਪੀੜਾਂ ਦਾ ਕਾਵਿਕ ਦਸਤਾਵੇਜ਼ ਹੈ। ਪਿਆਰਾ ਸਿੰਘ ਰਾਹੀ ਨੇ ਆਪਣੀ ਕਲਮ ਰਾਹੀਂ ਮਨੁੱਖੀ ਮਨ ਵਿਚਲੀਆਂ ਇਨ੍ਹਾਂ ਚੀਸਾਂ ਨੂੰ ਸ਼ਬਦ ਦੇਣ ਦਾ ਯਤਨ ਕੀਤਾ ਹੈ। ਉਸ ਦੀ ਇਹ ਪੁਸਤਕ ਪਾਠਕ ਨੂੰ ਆਪਣੇ ਅੰਦਰ ਝਾਤ ਮਾਰਨ, ਆਪਣੇ ਰਿਸ਼ਤਿਆਂ ਨੂੰ ਮੁੜ ਸਮਝਣ ਅਤੇ ਆਪਣੇ ਆਲੇ-ਦੁਆਲੇ ਦੇ ਸਮਾਜ ਪ੍ਰਤੀ ਵਧੇਰੇ ਸੰਵੇਦਨਸ਼ੀਲ ਹੋਣ ਲਈ ਪ੍ਰੇਰਿਤ ਕਰਦੀ ਹੈ। ਇਹੀ ਕਿਸੇ ਵੀ ਸਾਰਥਕ ਸਾਹਿਤਕ ਰਚਨਾ ਦੀ ਵੱਡੀ ਪ੍ਰਾਪਤੀ ਹੁੰਦੀ ਹੈ।

ਪਿੰਡ ਚਾਹੜ ਮਾਜਰਾ, ਸੰਘਾਲਾ ਅਤੇ ਤੀੜਾ ਵਿਖੇ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਦਿਖਾਈ ਗਈ

ਮਾਜਰੀ, 06 ਨਵੰਬਰ
(ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਉਨ੍ਹਾਂ ਦੇ ਜੀਵਨ, ਸਿੱਖਿਆਵਾਂ ਅਤੇ ਮਹਾਨ ਫਲਸਫ਼ੇ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਤਿਆਰ ਕਰਵਾਈ ਗਈ 30 ਮਿੰਟ ਦੀ ਵਿਸ਼ੇਸ਼ ਦਸਤਾਵੇਜ਼ੀ ਫ਼ਿਲਮ ਮਾਜਰੀ ਬਲਾਕ ਦੇ ਪਿੰਡ ਚਾਹੜ ਮਾਜਰਾ, ਸੰਘਾਲਾ ਅਤੇ ਤੀੜਾ ਵਿਖੇ ਐਲ.ਈ.ਡੀ. ਸਕਰੀਨ ਰਾਹੀਂ ਦਿਖਾਈ ਗਈ।



ਉਪ ਮੰਡਲ ਮੈਜਿਸਟ੍ਰੇਟ, ਖਰੜ ਸ੍ਰੀ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਸਰੋਤ ਹਨ। ਉਨ੍ਹਾਂ ਨੇ ਆਪਣੀ ਬਾਣੀ ਅਤੇ ਵਿਚਾਰਧਾਰਾ ਰਾਹੀਂ ਸਮਾਜ ਵਿੱਚ ਬਰਾਬਰਤਾ, ਭਾਈਚਾਰਕ ਸਾਂਝ, ਆਪਸੀ ਪਿਆਰ, ਸਦਭਾਵਨਾ ਅਤੇ ਮਨੁੱਖੀ ਏਕਤਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਨੂੰ ਸਹੀ ਦਿਸ਼ਾ ਦਿਖਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਵਿਸ਼ੇਸ਼ ਡਾਕੂਮੈਂਟਰੀ ਰਾਹੀਂ ਗੁਰੂ ਜੀ ਦੇ ਜੀਵਨ ਅਤੇ ਉਨ੍ਹਾਂ ਦੀ ਵਿਚਾਰਧਾਰਾ ਨੂੰ ਪਿੰਡ-ਪਿੰਡ ਤੱਕ ਪਹੁੰਚਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ, ਤਾਂ ਜੋ ਨੌਜਵਾਨ ਪੀੜ੍ਹੀ ਸਮੇਤ ਹਰ ਵਰਗ ਦੇ ਲੋਕ ਗੁਰੂ ਜੀ ਦੇ ਮਹਾਨ ਜੀਵਨ ਅਤੇ ਸਿੱਖਿਆਵਾਂ ਤੋਂ ਜਾਣੂ ਹੋ ਸਕਣ।

ਉਨ੍ਹਾਂ ਨੇ ਪਿੰਡਾਂ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਸਮਾਜ ਵਿੱਚ ਬਰਾਬਰਤਾ, ਸਦਭਾਵਨਾ ਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਵਿੱਚ ਆਪਣਾ ਯੋਗਦਾਨ ਪਾਉਣ।

ਪੀ.ਜੀ.ਆਈ. ਦੇ ਪਲਾਸਟਿਕ ਸਰਜਰੀ ਵਿਭਾਗ ਦੇ ਮੁਖੀ ਵੱਲੋਂ ਸੁਰੱਖਿਅਤ ਦੀਵਾਲੀ ਮਨਾਉਣ ਦੀ ਅਪੀਲ

ਚੰਡੀਗੜ੍ਹ, 6 ਨਵੰਬਰ
(ਪੈ.ਗਾਮ-ਏ-ਜਗਤ)

ਦੀਵਾਲੀ ਦਾ ਤਿਉਹਾਰ ਸੁਰੱਖਿਅਤ ਅਤੇ ਵਾਤਾਵਰਨ ਪੱਖੀ ਢੰਗ ਨਾਲ ਮਨਾਉਣ ਦੀ ਅਪੀਲ ਕਰਦਿਆਂ ਪੀਜੀਆਈਐਮਈਆਰ, ਚੰਡੀਗੜ੍ਹ ਦੇ ਪਲਾਸਟਿਕ ਸਰਜਰੀ ਵਿਭਾਗ ਦੇ ਮੁਖੀ ਡਾ. ਅਤੁਲ ਪਰਾਸ਼ਰ ਨੇ ਲੋਕਾਂ ਨੂੰ ਸਾਵਧਾਨੀਆਂ ਵਰਤਣ ਦੀ ਸਲਾਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਖੁਸ਼ੀਆਂ ਦੇ ਇਸ ਤਿਉਹਾਰ ਨੂੰ ਕਿਸੇ ਵੀ ਅਣਸੁਖਾਵੀਂ ਘਟਨਾ ਜਾਂ ਸੱਟ ਤੋਂ ਬਿਨਾਂ ਮਨਾਉਣ ਲਈ ਕੁਝ ਜ਼ਰੂਰੀ ਗੱਲਾਂ ਦਾ ਧਿਆਨ ਰੱਖਣਾ ਚਾਹੀਦਾ ਹੈ। ਉਨ੍ਹਾਂ ਨੇ ਦੀਵਾਲੀ ਦੌਰਾਨ ਅਪਣਾਏ ਜਾਣ ਵਾਲੇ ਕੁਝ ਜ਼ਰੂਰੀ ਤਰੀਕਿਆਂ ਅਤੇ ਸਾਵਧਾਨੀਆਂ ਬਾਰੇ ਜਾਣਕਾਰੀ ਦਿੱਤੀ।

ਡਾ. ਪਰਾਸ਼ਰ ਨੇ ਸਲਾਹ ਦਿੱਤੀ ਕਿ ਦੀਵੇ, ਮੋਮਬੱਤੀਆਂ ਜਾਂ ਪਟਾਕੇ ਚਲਾਉਂਦੇ ਸਮੇਂ ਸਿੰਥੈਟਿਕ ਅਤੇ ਢਿੱਲੇ ਕੱਪੜੇ ਨਾ ਪਹਿਨੇ ਜਾਣ। ਦੀਵੇ ਅਤੇ ਪਟਾਕੇ ਜਗਾਉਂਦੇ ਸਮੇਂ ਬਾਂਹ ਦੀ ਲੰਬਾਈ ਜਿੰਨੀ ਦੂਰੀ ਰੱਖੀ ਜਾਵੇ ਅਤੇ ਪਟਾਕੇ ਚਲਾਉਂਦੇ ਸਮੇਂ ਜੁੱਤੇ ਪਹਿਨੇ ਜਾਣ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜਿਹੜੇ ਪਟਾਕੇ ਨਹੀਂ ਚੱਲਦੇ, ਉਨ੍ਹਾਂ ਨੂੰ ਦੁਬਾਰਾ ਚੁੱਕਣ ਦੀ ਕੋਸ਼ਿਸ਼ ਨਾ ਕੀਤੀ ਜਾਵੇ, ਕਿਉਂਕਿ ਇਸ ਨਾਲ ਹੱਥਾਂ 'ਤੇ ਗੰਭੀਰ ਸੱਟ ਲੱਗ ਸਕਦੀ ਹੈ।

ਉਨ੍ਹਾਂ ਕਿਹਾ ਕਿ ਪਟਾਕਿਆਂ ਨਾਲ ਹਵਾ ਅਤੇ ਆਵਾਜ਼ ਦਾ ਪ੍ਰਦੂਸ਼ਣ ਹੁੰਦਾ ਹੈ। ਇਸ ਲਈ ਦੀਵਾਲੀ ਇਸ ਤਰ੍ਹਾਂ ਮਨਾਈ ਜਾਵੇ ਕਿ ਦੂਜਿਆਂ ਨੂੰ ਕੋਈ ਪਰੇਸ਼ਾਨੀ ਜਾਂ ਨੁਕਸਾਨ ਨਾ ਹੋਵੇ। ਉਨ੍ਹਾਂ ਨੇ ਸਿਰਫ਼ ਗ੍ਰੀਨ ਪਟਾਕੇ ਵਰਤਣ ਅਤੇ ਉਹ ਵੀ ਸਥਾਨਕ ਪ੍ਰਸ਼ਾਸਨ ਵੱਲੋਂ ਨਿਰਧਾਰਤ ਸਮੇਂ ਅੰਦਰ ਹੀ ਚਲਾਉਣ ਦੀ ਸਲਾਹ ਦਿੱਤੀ। ਵਰਤੇ ਹੋਏ ਪਟਾਕਿਆਂ ਨੂੰ ਪੈਰਾਂ 'ਤੇ ਸੱਟ ਲੱਗਣ ਤੋਂ ਬਚਾਅ ਲਈ ਰੇਤ ਜਾਂ ਪਾਣੀ ਨਾਲ ਭਰੀ ਬਾਲਟੀ ਵਿੱਚ ਸੁੱਟਣਾ ਚਾਹੀਦਾ ਹੈ।

ਮਾਮੂਲੀ ਤੌਰ 'ਤੇ ਸੜ ਜਾਣ ਦੀ ਸਥਿਤੀ ਵਿੱਚ ਪ੍ਰਭਾਵਿਤ ਹਿੱਸੇ 'ਤੇ ਕਾਫ਼ੀ ਮਾਤਰਾ ਵਿੱਚ ਪਾਣੀ ਪਾਉਣਾ ਚਾਹੀਦਾ ਹੈ, ਜਦੋਂ ਤੱਕ ਜਲਣ ਪੂਰੀ ਤਰ੍ਹਾਂ ਬੰਦ ਨਾ ਹੋ ਜਾਵੇ। ਸੜੀ ਹੋਈ ਥਾਂ 'ਤੇ ਟੂਥਪੇਸਟ ਜਾਂ ਨੀਲੀ ਸਿਆਹੀ ਵਰਗੀਆਂ ਚੀਜ਼ਾਂ ਨਹੀਂ ਲਗਾਉਣੀਆਂ ਚਾਹੀਦੀਆਂ। ਮੁੰਦਰੀਆਂ ਅਤੇ ਚੂੜੀਆਂ ਵਰਗੀਆਂ ਕੱਸੀਆਂ ਹੋਈਆਂ ਚੀਜ਼ਾਂ ਤੁਰੰਤ ਉਤਾਰ ਦੇਣੀਆਂ ਚਾਹੀਦੀਆਂ ਹਨ, ਕਿਉਂਕਿ ਬਾਅਦ ਵਿੱਚ ਸੋਜ ਆਉਣ ਨਾਲ ਇਨ੍ਹਾਂ ਨੂੰ ਉਤਾਰਨਾ ਮੁਸ਼ਕਲ ਹੋ ਸਕਦਾ ਹੈ।

ਜੇਕਰ ਕੱਪੜਿਆਂ ਨੂੰ ਅੱਗ ਲੱਗ ਜਾਵੇ ਤਾਂ "ਰੁਕੋ, ਲੇਟੋ ਅਤੇ ਲੁੜਕੋ"ਵਾਲਾ ਤਰੀਕਾ ਅਪਣਾਉਣਾ ਚਾਹੀਦਾ ਹੈ। ਸਭ ਤੋਂ ਪਹਿਲਾਂ ਉਸੇ ਥਾਂ ਰੁਕ ਜਾਓ ਅਤੇ ਭੱਜੋ ਨਾ, ਕਿਉਂਕਿ ਇਸ ਨਾਲ ਅੱਗ ਹੋਰ ਫੈਲ ਸਕਦੀ ਹੈ। ਇਸ ਤੋਂ ਬਾਅਦ ਜ਼ਮੀਨ 'ਤੇ ਲੇਟ ਜਾਓ ਤਾਂ ਜੋ ਅੱਗ ਚਿਹਰੇ ਤੱਕ ਨਾ ਪਹੁੰਚੇ ਅਤੇ ਜ਼ਮੀਨ 'ਤੇ ਲੁੜਕੋ, ਜਿਸ ਨਾਲ ਅੱਗ ਨੂੰ ਮਿਲਣ ਵਾਲੀ ਆਕਸੀਜਨ ਘੱਟ ਹੋ ਸਕੇ। ਅੱਗ ਬੁਝਾਉਣ ਲਈ ਮੋਟੇ ਗਲੀਚੇ ਜਾਂ ਕੰਬਲ ਨਾਲ ਹਵਾ ਦੀ ਸਪਲਾਈ ਵੀ ਰੋਕੀ ਜਾ ਸਕਦੀ ਹੈ। ਉਨ੍ਹਾਂ ਸਲਾਹ ਦਿੱਤੀ ਕਿ ਮੋਮਬੱਤੀਆਂ ਅਤੇ ਪਟਾਕੇ ਜਗਾਉਂਦੇ ਸਮੇਂ ਨੇੜੇ ਪਾਣੀ ਨਾਲ ਭਰੀ ਬਾਲਟੀ ਜਾਂ ਅੱਗ ਬੁਝਾਊ ਯੰਤਰ ਜ਼ਰੂਰ ਰੱਖਿਆ ਜਾਵੇ। ਅੱਖ 'ਤੇ ਸੱਟ ਲੱਗਣ ਦੀ ਸਥਿਤੀ ਵਿੱਚ ਅੱਖ ਨੂੰ ਰਗੜਨਾ ਨਹੀਂ ਚਾਹੀਦਾ। ਇਸ ਦੀ ਬਜਾਏ ਸਾਫ਼ ਪਾਣੀ ਨਾਲ ਅੱਖ ਧੋ ਕੇ ਅੱਖਾਂ ਦੇ ਮਾਹਿਰ ਡਾਕਟਰ ਨਾਲ ਸੰਪਰਕ ਕਰਨਾ ਚਾਹੀਦਾ ਹੈ। ਡਾ. ਪਰਾਸ਼ਰ ਨੇ ਦੱਸਿਆ ਕਿ ਤਿਉਹਾਰਾਂ ਦੇ ਮੌਸਮ ਦੌਰਾਨ ਸੜਨ ਨਾਲ ਸਬੰਧਤ ਸੱਟਾਂ ਦੇ ਮਰੀਜ਼ਾਂ ਦੇ ਇਲਾਜ ਲਈ ਪੀਜੀਆਈਐਮਈਆਰ ਵਿਖੇ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ।

ਧੂੜ, ਪ੍ਰਦੂਸ਼ਣ, ਪਟਾਕਿਆਂ ਦੇ ਧੂੰਏਂ ਨਾਲ ਚਮੜੀ ਦੀ ਕੁਦਰਤੀ ਸੁਰੱਖਿਆ ਪਰਤ ਨੂੰ ਹੋ ਸਕਦਾ ਹੈ ਨੁਕਸਾਨ: ਮਾਹਿਰ

ਮੋਹਾਲੀ, 6 ਨਵੰਬਰ
(ਪੈ.ਗਾਮ-ਏ-ਜਗਤ)

ਧੂੜ, ਪ੍ਰਦੂਸ਼ਣ, ਪਟਾਕਿਆਂ ਦਾ ਧੂੰਆਂ ਅਤੇ ਕਾਸਮੈਟਿਕਸ ਦੀ ਲੰਬੇ ਸਮੇਂ ਤੱਕ ਵਰਤੋਂ ਚਮੜੀ ਦੀ ਕੁਦਰਤੀ ਸੁਰੱਖਿਆ ਪਰਤ ਨੂੰ ਕਮਜ਼ੋਰ ਕਰ ਸਕਦੀ ਹੈ। ਇਸ ਕਾਰਨ ਚਮੜੀ ਵਿੱਚ ਖੁਸ਼ਕੀ, ਜਲਣ, ਰੋਮ-ਛਿੱਦਰ ਬੰਦ ਹੋਣ ਅਤੇ ਮੁਹਾਸਿਆਂ ਵਰਗੀਆਂ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਤਿਉਹਾਰਾਂ ਦੇ ਸੀਜ਼ਨ ਦੌਰਾਨ ਚਮੜੀ ਦੀ ਸਹੀ ਦੇਖਭਾਲ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਪਾਰਕ ਗ੍ਰੀਸ਼ੀਅਨ ਹਸਪਤਾਲ, ਮੋਹਾਲੀ ਦੀ ਚਮੜੀ ਰੋਗ ਮਾਹਿਰ ਅਤੇ ਐਸਥੈਟਿਕ ਸਪੈਸ਼ਲਿਸਟ ਡਾ. ਆਸਥਾ ਸ਼ਰਮਾ ਨੇ ਸਿਹਤਮੰਦ, ਨਮੀ ਭਰਪੂਰ ਅਤੇ ਚਮਕਦਾਰ ਚਮੜੀ ਬਣਾਈ ਰੱਖਣ ਲਈ ਕੁਝ ਅਹਿਮ ਸੁਝਾਅ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਨਿਯਮਤ ਸਕਿਨਕੇਅਰ ਰੁਟੀਨ ਅਪਣਾਉਣ ਅਤੇ ਕੁਝ ਜ਼ਰੂਰੀ ਸਾਵਧਾਨੀਆਂ ਵਰਤਣ ਨਾਲ ਚਮੜੀ ਨੂੰ ਸਿਹਤਮੰਦ ਅਤੇ ਸੁਰੱਖਿਅਤ ਰੱਖਿਆ ਜਾ ਸਕਦਾ ਹੈ।

ਡਾ. ਸ਼ਰਮਾ ਨੇ ਕਿਹਾ, "ਚਮੜੀ ਦੀ ਚੰਗੀ ਸਿਹਤ ਬਣਾਈ ਰੱਖਣ ਲਈ ਹਰ ਰਾਤ ਡਬਲ ਕਲੀਨਜ਼ਿੰਗ ਕਰਨਾ ਬਹੁਤ ਜ਼ਰੂਰੀ ਹੈ। ਮੇਕਅੱਪ, ਸਨਸਕ੍ਰੀਨ, ਧੂੜ ਅਤੇ ਵਾਤਾਵਰਣ ਵਿੱਚ ਮੌਜੂਦ ਪ੍ਰਦੂਸ਼ਕ ਤੱਤਾਂ ਨੂੰ ਹਟਾਉਣ ਲਈ ਪਹਿਲਾਂ ਕਿਸੇ ਹਲਕੇ ਮੇਕਅੱਪ ਰਿਮੂਵਰ ਜਾਂ ਕਲੀਨਜ਼ਿੰਗ ਆਇਲ ਦੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਇਸ ਤੋਂ ਬਾਅਦ ਹਲਕੇ ਫੇਸਵਾਸ਼ ਨਾਲ ਚਿਹਰਾ ਸਾਫ਼ ਕਰਨਾ ਚਾਹੀਦਾ ਹੈ। ਇਸ ਨਾਲ ਚਮੜੀ ਦੀ ਕੁਦਰਤੀ ਨਮੀ ਬਰਕਰਾਰ ਰੱਖਦਿਆਂ ਉਸ ਦੀ ਪ੍ਰਭਾਵਸ਼ਾਲੀ ਸਫ਼ਾਈ ਕਰਨ ਵਿੱਚ ਮਦਦ ਮਿਲਦੀ ਹੈ।



ਚਮੜੀ ਵਿੱਚ ਲੋੜੀਂਦੀ ਨਮੀ ਬਣਾਈ ਰੱਖਣਾ ਵੀ ਉਨਾ ਹੀ ਮਹੱਤਵਪੂਰਨ ਹੈ। ਇਸ ਲਈ ਲੋੜੀਂਦੀ ਮਾਤਰਾ ਵਿੱਚ ਪਾਣੀ ਪੀਣ ਦੇ ਨਾਲ-ਨਾਲ ਹਾਇਲੂਰੋਨਿਕ ਐਸਿਡ, ਗਲਿਸਰੀਨ ਅਤੇ ਸਿਰਾਮਾਈਡਜ਼ ਵਰਗੇ ਤੱਤਾਂ ਵਾਲੇ ਮਾਇਸਚਰਾਈਜ਼ਰ ਦੀ ਨਿਯਮਤ ਵਰਤੋਂ ਕਰਨੀ ਚਾਹੀਦੀ ਹੈ। ਇਹ ਤੱਤ ਚਮੜੀ ਵਿੱਚ ਨਮੀ ਬਣਾਈ ਰੱਖਣ, ਇਸ ਦਾ ਸੰਤੁਲਨ ਕਾਇਮ ਰੱਖਣ ਅਤੇ ਕੁਦਰਤੀ ਸੁਰੱਖਿਆ ਪਰਤ ਨੂੰ ਮਜ਼ਬੂਤ ਕਰਨ ਵਿੱਚ ਮਦਦਗਾਰ ਹੁੰਦੇ ਹਨ। ਉਨ੍ਹਾਂ ਰੋਜ਼ਾਨਾ ਸਨਸਕ੍ਰੀਨ ਲਗਾਉਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਐਸਪੀਐਫ 30 ਜਾਂ ਇਸ ਤੋਂ ਵੱਧ ਸਮਰੱਥਾ ਵਾਲੀ ਬ੍ਰੌਡ-ਸਪੈਕਟ੍ਰਮ ਸਨਸਕ੍ਰੀਨ ਚਮੜੀ ਨੂੰ ਹਾਨੀਕਾਰਕ ਅਲਟਰਾਵਾਇਲਟ (ਯੂਵੀ) ਕਿਰਨਾਂ ਤੋਂ ਬਚਾਉਣ ਅਤੇ ਟੈਨਿੰਗ ਤੇ ਪਿਗਮੈਂਟੇਸ਼ਨ ਦੇ ਖ਼ਤਰੇ ਨੂੰ ਘਟਾਉਣ ਵਿੱਚ ਮਦਦ ਕਰਦੀ ਹੈ। ਖ਼ਾਸ ਤੌਰ 'ਤੇ ਲੰਬੇ ਸਮੇਂ ਤੱਕ ਘਰ ਤੋਂ ਬਾਹਰ ਰਹਿਣ ਅਤੇ ਤਿਉਹਾਰਾਂ ਦੇ ਸਮਾਗਮਾਂ ਵਿੱਚ ਸ਼ਾਮਲ ਹੋਣ ਦੌਰਾਨ ਸਨਸਕ੍ਰੀਨ ਦੁਬਾਰਾ ਲਗਾਉਣੀ ਜ਼ਰੂਰੀ ਹੈ। ਡਾ. ਸ਼ਰਮਾ ਨੇ ਬਹੁਤ ਜ਼ਿਆਦਾ ਐਕਸਫੋਲੀਏਸ਼ਨ ਕਰਨ, ਇੱਕੋ ਸਮੇਂ ਕਈ ਨਵੇਂ ਸਕਿਨਕੇਅਰ ਉਤਪਾਦਾਂ ਦੀ ਵਰਤੋਂ ਕਰਨ ਅਤੇ ਮੇਕਅੱਪ ਲਗਾ ਕੇ ਸੌਣ ਤੋਂ ਬਚਣ ਦੀ ਸਲਾਹ ਦਿੱਤੀ।

ਉਨ੍ਹਾਂ ਕਿਹਾ ਕਿ ਚਮੜੀ ਦੀ ਜਲਣ ਅਤੇ ਇਨਫੈਕਸ਼ਨ ਦੇ ਖ਼ਤਰੇ ਨੂੰ ਘਟਾਉਣ ਲਈ ਮੇਕਅੱਪ ਉਤਪਾਦ ਦੂਜਿਆਂ ਨਾਲ ਸਾਂਝੇ ਨਹੀਂ ਕਰਨੇ ਚਾਹੀਦੇ। ਇਸ ਤੋਂ ਇਲਾਵਾ, ਮਿਆਦ ਪੁੱਗ ਚੁੱਕੇ ਕਾਸਮੈਟਿਕਸ ਦੀ ਵਰਤੋਂ ਤੋਂ ਵੀ ਪਰਹੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਚਮੜੀ ਨੂੰ ਸਿਹਤਮੰਦ ਰੱਖਣ ਲਈ ਸਿਰਫ਼ ਬਾਹਰੀ ਦੇਖਭਾਲ ਹੀ ਕਾਫ਼ੀ ਨਹੀਂ ਹੈ, ਸਗੋਂ ਸੰਤੁਲਿਤ ਖੁਰਾਕ ਅਤੇ ਸਿਹਤਮੰਦ ਜੀਵਨਸ਼ੈਲੀ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ। ਤਾਜ਼ੇ ਫਲ, ਸਬਜ਼ੀਆਂ ਅਤੇ ਐਂਟੀਆਕਸੀਡੈਂਟਸ ਨਾਲ ਭਰਪੂਰ ਖੁਰਾਕ ਲੈਣਾ, ਲੋੜੀਂਦੀ ਨੀਂਦ ਲੈਣਾ ਅਤੇ ਮਿੱਠੇ ਤੇ ਪ੍ਰੋਸੈਸਡ ਖਾਧ ਪਦਾਰਥਾਂ ਦੀ ਵਰਤੋਂ ਸੀਮਤ ਰੱਖਣਾ ਚਮੜੀ ਦੀ ਸਮੁੱਚੀ ਸਿਹਤ ਨੂੰ ਬਿਹਤਰ ਬਣਾਉਣ ਵਿੱਚ ਮਦਦਗਾਰ ਹੋ ਸਕਦਾ ਹੈ।

ਪਰਮਜੀਤ ਮਾਨ ਦਾ ਕਹਾਣੀ-ਸੰਗ੍ਰਹਿ 'ਸਮੁੰਦਰ ਦਾ ਆਦਮੀ' ਕੀਤਾ ਗਿਆ ਰਿਲੀਜ਼

ਚੰਡੀਗੜ੍ਹ, (ਪੈ.ਗਾਮ-ਏ-ਜਗਤ)

ਪੰਜਾਬੀ ਗਲਪ ਦੇ ਉੱਘੇ ਲੇਖਕ ਪਰਮਜੀਤ ਮਾਨ ਦਾ ਤਾਜ਼ਾ ਤਰੀਨ ਕਹਾਣੀ ਸੰਗ੍ਰਹਿ 'ਸਮੁੰਦਰ ਦਾ ਆਦਮੀ' ਚੰਡੀਗੜ੍ਹ ਸਾਹਿਤ ਅਕਾਦਮੀ ਵੱਲੋਂ ਸੈਕਟਰ 38 ਦੇ ਰਾਣੀ ਲਕਸ਼ਮੀ ਬਾਈ ਭਵਨ ਵਿਖੇ ਲੋਕ-ਅਰਪਣ ਕੀਤਾ ਗਿਆ।



ਇਸ ਕਹਾਣੀ ਸੰਗ੍ਰਹਿ ਵਿੱਚ ਕੁੱਲ 10 ਕਹਾਣੀਆਂ ਸ਼ਾਮਿਲ ਹਨ ਜਿਹਨਾਂ ਵਿੱਚ ਸਮੁੰਦਰੀ ਜੀਵਨ ਦੀ ਪੇਸ਼ਕਾਰੀ ਹੋਈ ਹੈ। ਲੋਕ ਅਰਪਣ ਸਮੇਂ ਹੋਈ ਇਕੱਤਰਤਾ ਵਿੱਚ ਬੋਲਦਿਆਂ ਚੰਡੀਗੜ੍ਹ ਸਾਹਿਤ ਅਕਾਦਮੀ ਦੇ ਚੇਅਰਮੈਨ ਡਾ. ਮਨਮੋਹਨ ਨੇ ਕਿਹਾ ਕਿ ਪਰਮਜੀਤ ਮਾਨ ਨੇ ਇਨ੍ਹਾਂ ਕਹਾਣੀਆਂ ਵਿੱਚ ਨਵੀਆਂ ਮਨੋਵਿਗਿਆਨਕ ਪ੍ਰਵਿਰਤੀਆਂ ਨਾਲ ਪੂਰਾ ਇਨਸਾਫ਼ ਕੀਤਾ ਹੈ। ਉਹਨਾਂ ਕਿਹਾ ਕਿ ਇਹ ਕਹਾਣੀਆਂ ਆਪਣੇ ਵਿਚਾਰਧਾਰਕ ਸੁਨੇਹੇ ਪ੍ਰਤੀ ਪੂਰੀ ਤਰਾਂ ਸੁਚੇਤ ਹਨ। ਲੇਖਕ ਪਰਮਜੀਤ ਮਾਨ ਨੇ ਕਿਹਾ ਕਿ ਸਮੁੰਦਰ ਅੰਦਰਲੀ ਦੁਨੀਆਂ ਨੇ ਹਮੇਸ਼ਾ ਹੀ ਉਹਨਾਂ ਦੇ ਮਨ ਨੂੰ ਅੰਦਰੋਂ ਛੂਹਿਆ ਹੈ ਤਾਂ ਹੀ ਸਾਰੀ ਲੇਖਣੀ ਉਹਨਾਂ ਸਮੁੰਦਰ ਦੀ ਗਹਿਰਾਈ ਨੂੰ ਹੀ ਸਮਰਪਿਤ ਕੀਤੀ ਹੈ 9 ਉਹਨਾਂ ਕਿਹਾ ਕਿ ਕਹਾਣੀਆਂ ਦੇ ਸਾਰੇ ਪਾਤਰ ਕਾਲਪਨਿਕ ਹੁੰਦਿਆਂ ਹੋਇਆਂ ਵੀ ਯਥਾਰਥ ਦੇ ਨੇੜੇ ਢੁੱਕਦੇ ਹਨ।

ਉੱਘੇ ਸਾਹਿਤਕਾਰ ਜੰਗ ਬਹਾਦਰ ਗੋਇਲ ਨੇ ਆਖਿਆ ਕਿ ਪਰਮਜੀਤ ਮਾਨ ਦੀਆਂ ਕਹਾਣੀਆਂ ਖ਼ੁਦਗਰਜ਼ ਹੋ ਰਹੀ ਮਨੁੱਖੀ ਮਾਨਸਿਕਤਾ ਬਾਰੇ ਗਹਿਰ ਗੰਭੀਰ ਸੰਵਾਦ ਛੇੜਦੀਆਂ ਹਨ। ਡਾ. ਅਵਤਾਰ ਸਿੰਘ ਪਤੰਗ ਦਾ ਕਹਿਣਾ ਸੀ ਕਿ ਇਹਨਾਂ ਕਹਾਣੀਆਂ ਦੇ ਪਾਤਰ ਆਰਥਿਕ, ਸਮਾਜਿਕ ਅਤੇ ਸਭਿਆਚਾਰਕ ਦਸ਼ਾਵਾਂ ਕਾਰਨ ਆਪਣੇ ਹਿੱਸੇ ਦੀ ਜ਼ਿੰਦਗੀ ਨੂੰ ਆਪਣੀ ਮਰਜ਼ੀ ਨਾਲ਼ ਨਾ ਜਿਊ ਸਕਣ ਦੀ ਮਜਬੂਰੀ ਵਜੋਂ ਪਰਗਟ ਹੁੰਦੇ ਹਨ।

ਡਾ. ਲਾਭ ਸਿੰਘ ਖੀਵਾ ਨੇ ਕਿਹਾ ਕਿ ਪਰਮਜੀਤ ਮਾਨ ਆਪਣੇ ਇਸ ਕਹਾਣੀ ਸੰਗ੍ਰਹਿ ਨਾਲ਼ ਪੰਜਾਬੀ ਕਹਾਣੀ ਵਿੱਚ ਵਿਲੱਖਣ ਮੁਹਾਂਦਰੇ ਵਜੋਂ ਉਦੇ ਹੋਇਆ ਹੈ ਜੋ ਆਪਣੇ ਅਮੀਰ ਅਨੁਭਵ, ਤੀਖਣ ਨੀਝ ਅਤੇ ਕਲਾਤਮਕ ਸਮਰੱਥਾ ਸਹਿਤ ਪੰਜਾਬੀ ਕਹਾਣੀ ਨੂੰ ਨਵੀਂ ਸੇਧ ਦੇ ਰਿਹਾ ਹੈ। ਡਾ.ਦਵਿੰਦਰ ਸਿੰਘ ਬੋਹਾ ਨੇ ਕਿਹਾ ਕਿ ਇਨ੍ਹਾਂ ਕਹਾਣੀਆਂ ਅਨੁਸਾਰ ਮਾਨਵਤਾ ਦਾ ਪੱਖ ਪੂਰਨ ਸਬੰਧੀ ਮਨੁੱਖ ਅੰਦਰਲੀ ਖਾਹਿਸ਼ ਕਦੇ ਵੀ ਪੂਰੀ ਤਰਾਂ ਖ਼ਤਮ ਨਹੀਂ ਹੁੰਦੀ 9 ਭੁਪਿੰਦਰ ਸਿੰਘ ਮਲਿਕ ਨੇ ਕਿਹਾ ਕਿ ਸਮੁੰਦਰੀ ਜੀਵਨ ਦੀ ਨਿਵੇਕਲੀ ਪੇਸ਼ਕਾਰੀ ਕਰਕੇ ਲੇਖਕ ਨੇ ਆਪਣੀ ਉਸ ਬੌਧਿਕ ਪ੍ਰਤਿਭਾ ਨੂੰ ਸਾਡੇ ਸਾਹਮਣੇ ਲਿਆਂਦਾ ਹੈ ਜਿਹੜੀ ਮਿਆਰੀ ਸਾਹਿਤ ਸਿਰਜਣਾ ਵਾਸਤੇ ਇੱਕ ਮੀਲ ਪੱਥਰ ਸਾਬਿਤ ਹੁੰਦੀ ਹੈ। ਕਾਬਿਲੇ ਗ਼ੌਰ ਹੈ ਕਿ ਪਰਮਜੀਤ ਮਾਨ ਦੀ ਵਾਰਤਕ ਪੁਸਤਕ 'ਸਮੁੰਦਰ ਨਾਮਾ' ਨੂੰ ਪੰਜਾਬੀ ਸਾਹਿਤ ਜਗਤ ਨੇ ਬਹੁਤ ਵਧੀਆ ਹੁੰਗਾਰਾ ਦਿੱਤਾ ਹੈ ਤੇ ਇਸ ਤੋਂ ਇਲਾਵਾ ਉਹਨਾਂ ਨੇ ਕਾਵਿ ਸੰਗ੍ਰਹਿ,ਕਹਾਣੀ ਸੰਗ੍ਰਹਿ, ਅਨੁਵਾਦ ਅਤੇ ਸਫ਼ਰਨਾਮੇ ਰਾਹੀਂ ਆਪਣੀ ਥਾਂ ਪੱਕੀ ਕੀਤੀ ਹੈ ਅਤੇ ਆਪਣੀਆਂ ਲਿਖਤਾਂ ਰਾਹੀਂ ਪੰਜਾਬੀ ਪਾਠਕਾਂ ਅਤੇ ਸਮਾਲੋਚਕਾਂ ਦਾ ਧਿਆਨ ਖਿੱਚਿਆ ਹੈ।